


# ਸ਼ਹੀਦ-ਏ-ਆਜ਼ਮ


SHAHEED-E-AZAM, DAILY PUNJABI NEWSPAPER, PATIALA ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ






PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 12 Chief Editor : Chowdhary Prabhjit Singh, Editor : Chhatarpal Singh 98145-32807, Sunday 21 June 2026 Price : 2 Rs. Page : 6


## ਮੁੱਖ ਮੰਤਰੀ ਸੈਣੀ ਨੇ ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ ਦੇ ਸ੍ਰੀ ਹਰਗੋਬਿੰਦਪੁਰ ਦੇ ਨਾਮਦੇਵ ਸਮਾਜ ਦੇ ਵਫ਼ਦ ਨਾਲ ਕੀਤੀ ਮੁਲਾਕਾਤ

### ➢ ਸੈਣੀ ਨੇ ਡਬਲ ਇੰਜਣ ਸਰਕਾਰ ਤਹਿਤ ਪੰਜਾਬ ਨੂੰ ਹੋਰ ਮਜ਼ਬੂਤ ਬਣਾਉਣ ਦੀ ਅਪੀਲ ਕੀਤੀ
### ➢ ਪੰਜਾਬ ਦੀ ਭਲਾਈ, ਰੁਜ਼ਗਾਰ ਸਿਰਜਣ ਅਤੇ ਐਮਐਸਪੀ ਦੇ ਸਮਰਥਨ 'ਤੇ ਦਿੱਤਾ ਵਿਸ਼ੇਸ਼ ਜ਼ੋਰ

**ਚੰਡੀਗੜ੍ਹ, 20 ਜੂਨ**
**-ਮਨੋਜ ਸ਼ਰਮਾ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਪੰਜਾਬ ਨੂੰ ਮਜ਼ਬੂਤ ਬਣਾਉਣ ਲਈ ਵਚਨਬੱਧ ਹਨ ਅਤੇ ਡਬਲ ਇੰਜਣ ਸਰਕਾਰ ਤਹਿਤ ਸੂਬੇ ਵਿੱਚ ਤੇਜ਼ੀ ਨਾਲ ਵਿਕਾਸ ਸੰਭਵ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਈ ਨੌਜਵਾਨ ਵਿਦੇਸ਼ਾਂ ਵਿੱਚ ਰੁਜ਼ਗਾਰ ਭਾਲਣ ਲਈ ਮਜਬੂਰ ਹੋ ਕੇ ਗੈਰ-ਕਾਨੂੰਨੀ ÷ਡੌਂਕੀ ਰੂਟ÷ ਦਾ ਸਹਾਰਾ ਲੈ ਰਹੇ ਹਨ, ਜਦਕਿ ਹਰਿਆਣਾ ਨੇ ਵਿਦੇਸ਼ਾਂ ਵਿੱਚ ਰੁਜ਼ਗਾਰ ਲਈ ਇੱਕ ਸਮਰਪਿਤ ਵਿਦੇਸ਼ ਸਹਿਯੋਗ ਵਿਭਾਗ ਰਾਹੀਂ ਨੌਜਵਾਨਾਂ ਲਈ ਵਿਵਸਥਿਤ ਮੌਕੇ ਉਪਲਬਧ ਕਰਵਾਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਵਿਦੇਸ਼ਾਂ ਵਿੱਚ ਰੁਜ਼ਗਾਰ ਪ੍ਰਾਪਤ ਕਰਨ ਦੇ ਚਾਹਵਾਨ ਨੌਜਵਾਨਾਂ ਦੀਆਂ 5,500 ਤੋਂ ਵੱਧ ਅਰਜ਼ੀਆਂ ਦੀ ਮੌਜੂਦਾ ਸਮੇਂ ਵਿਭਾਗ ਵੱਲੋਂ ਜਾਂਚ ਕੀਤੀ ਜਾ ਰਹੀ ਹੈ। ਇਸ ਪਹਿਲਕਦਮੀ ਤਹਿਤ ਬਿਨੈਕਾਰਾਂ ਨੂੰ ਸਿਰਫ਼ ਆਪਣੇ ਹਵਾਈ ਟਿਕਟ ਦਾ ਖਰਚਾ ਹੀ ਚੁੱਕਣਾ ਪੈਂਦਾ ਹੈ।

ਸ੍ਰੀ ਨਾਇਬ ਸਿੰਘ ਸੈਣੀ ਸ਼ਨੀਵਾਰ ਨੂੰ ਚੰਡੀਗੜ੍ਹ ਸਥਿਤ ਆਪਣੇ ਨਿਵਾਸ



ਸੰਤ ਕਬੀਰ ਕੁਟੀਰ ਵਿਖੇ ਪੰਜਾਬ ਦੇ ਗੁਰਦਾਸਪੁਰ ਜ਼ਿਲ੍ਹੇ ਦੇ ਸ੍ਰੀ ਹਰਗੋਬਿੰਦਪੁਰ ਤੋਂ ਆਏ ਨਾਮਦੇਵ ਸਮਾਜ ਦੇ ਇੱਕ ਵਫ਼ਦ ਨੂੰ ਸੰਬੋਧਿਤ ਕਰ ਰਹੇ ਸਨ।

ਸਿੱਖਾਂ ਦੇ ਛੇਵੇਂ ਗੁਰੂ, ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੀਆਂ ਸਿੱਖਿਆਵਾਂ ਲੋਕਾਂ ਨੂੰ ਅਨਿਆਂ ਦੇ ਵਿਰੁੱਧ ਖੜ੍ਹੇ ਹੋਣ ਅਤੇ ਸਮਾਜ ਦੇ ਕਮਜ਼ੋਰ ਵਰਗਾਂ ਦੀ ਰੱਖਿਆ ਕਰਨ ਲਈ ਪ੍ਰੇਰਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਇਹ ਮੁੱਲ ਅੱਜ ਵੀ ਓਨੀਆਂ ਹੀ ਪ੍ਰਾਸੰਗਿਕ ਹਨ ਅਤੇ ਇਨ੍ਹਾਂ ਦਾ ਪਾਲਣ ਕੀਤਾ ਜਾਣਾ ਚਾਹੀਦਾ ਹੈ।

ਪੰਜਾਬ ਦੇ ਵਿਕਾਸ ਦੀ ਦਿਸ਼ਾ ਨੂੰ ਲੈ ਕੇ ਚਿੰਤਾ ਪ੍ਰਗਟ ਕਰਦਿਆਂ ਸ੍ਰੀ ਸੈਣੀ ਨੇ ਕਿਹਾ ਕਿ ਇਹ ਮੰਦਭਾਗਾ ਹੈ ਕਿ ਸਿੱਖ ਗੁਰੂਆਂ ਦੀ ਪਾਵਨ ਧਰਤੀ ਅੱਜ ਵੀ ਵਿਕਾਸ ਦੇ ਮਾਮਲੇ ਵਿੱਚ ਪਿਛੜੀ ਹੋਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸ ਅਤੇ ਆਮ ਆਦਮੀ ਪਾਰਟੀ ਸਮੇਤ ਵੱਖ-ਵੱਖ ਸਰਕਾਰਾਂ ਜਨਤਾ ਦੀਆਂ ਉਮੀਦਾਂ 'ਤੇ ਖਰਾ ਉਤਰਨ ਵਿੱਚ ਅਸਫਲ ਰਹੀਆਂ ਹਨ ਅਤੇ ਲੋਕਾਂ ਨੂੰ ਗੁੰਮਰਾਹ ਕਰਦੀਆਂ ਰਹੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੀ ਜਨਤਾ ਆਗਾਮੀ ਵਿਧਾਨਸਭਾ ਚੋਣਾਂ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਭਾਰਤੀ ਜਨਤਾ ਪਾਰਟੀ ਦਾ ਸਮਰਥਨ ਕਰਨ ਦਾ ਮਨ ਬਣਾ ਚੁੱਕੀ ਹੈ।

ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਆਲੋਚਨਾ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਮਹਿਲਾਵਾਂ ਨੂੰ ਪ੍ਰਤੀ ਮਹੀਨਾ 1,000 ਰੁਪਏ ਦੇਣ ਦਾ ਵਾਅਦਾ ਅਜੇ ਤੱਕ ਪੂਰਾ ਨਹੀਂ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸ ਸਕੀਮ ਲਈ ਰਜਿਸਟ੍ਰੇਸ਼ਨ ਪ੍ਰਕਿਰਿਆ ਵੀ ਅਜੇ ਤੱਕ ਪੂਰੀ ਨਹੀਂ ਹੋ ਸਕੀ ਹੈ। ਇਸ ਦੇ ਉਲਟ, ਹਰਿਆਣਾ ਸਰਕਾਰ ਨੇ ਦੀਨ ਦਿਆਲ ਲਾਡੋ ਲਛਮੀ ਯੋਜਨਾ ਤਹਿਤ ਸਾਲ 2025-26 ਦੇ ਬਜਟ ਵਿੱਚ 5,000 ਕਰੋੜ ਰੁਪਏ ਅਤੇ ਸਾਲ 2026-27 ਦੇ ਬਜਟ ਵਿੱਚ 6,500 ਕਰੋੜ ਰੁਪਏ ਦਾ ਪ੍ਰਾਵਧਾਨ ਕੀਤਾ ਹੈ। ਇਸ ਸਕੀਮ ਤਹਿਤ ਯੋਗ ਮਹਿਲਾਵਾਂ ਨੂੰ ਪ੍ਰਤੀ ਮਹੀਨਾ 2,100 ਰੁਪਏ ਸਿੱਧੇ ਉਨ੍ਹਾਂ ਦੇ ਬੈਂਕ ਖਾਤਿਆਂ ਵਿੱਚ ਦਿੱਤੇ ਜਾ ਰਹੇ ਹਨ। ਹੁਣ ਤੱਕ ਹਰਿਆਣਾ ਵਿੱਚ ਮਹਿਲਾ ਲਾਭਕਾਰਾਂ ਨੂੰ 1,600 ਕਰੋੜ ਰੁਪਏ ਦੀ ਰਕਮ ਵੰਡੀ ਜਾ ਚੁੱਕੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਹਰਿਆਣਾ ਵਿੱਚ ਸੀਨੀਅਰ ਨਾਗਰਿਕਾਂ ਨੂੰ ਬੁਢਾਪਾ ਸਨਮਾਨ ਭੱਤਾ ਯੋਜਨਾ ਤਹਿਤ ਪ੍ਰਤੀ ਮਹੀਨਾ 3,200 ਰੁਪਏ ਦਿੱਤੇ ਜਾਂਦੇ ਹਨ, ਜਦਕਿ ਪੰਜਾਬ ਵਿੱਚ ਇਹ ਰਕਮ 1,500 ਰੁਪਏ ਪ੍ਰਤੀ ਮਹੀਨਾ ਹੈ।

ਹਰਿਆਣਾ ਦੀਆਂ ਜਨ-ਭਲਾਈਕਾਰੀ ਅਤੇ ਵਿਕਾਸ ਯੋਜਨਾਵਾਂ ਦਾ ਵਰਨਣ ਕਰਦਿਆਂ ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਦੀ ਜਨਤਾ ਆਗਾਮੀ ਵਿਧਾਨਸਭਾ ਚੋਣਾਂ ਵਿੱਚ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੇ ਵਿਜ਼ਨ ਅਤੇ ਨੀਤੀਆਂ 'ਤੇ ਭਰੋਸਾ ਜਤਾਉਂਦੀ ਹੈ, ਤਾਂ ਇਸੇ ਤਰ੍ਹਾਂ ਦੇ ਲਾਭ ਪੰਜਾਬ ਵਿੱਚ ਵੀ ਉਪਲਬਧ ਕਰਵਾਏ ਜਾ ਸਕਦੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਭਾਜਪਾ ਸਰਕਾਰ ਬਣਨ 'ਤੇ ਕਿਸਾਨਾਂ ਦੀਆਂ ਫਸਲਾਂ ਦੀ ਘੱਟੋ-ਘੱਟ ਸਮਰਥਨ ਮੁੱਲ (ਐਮਐਸਪੀ) 'ਤੇ ਖਰੀਦ ਯਕੀਨੀ ਬਣਾਈ ਜਾਵੇਗੀ, ਫਸਲਾਂ ਦੇ ਨੁਕਸਾਨ 'ਤੇ ਉਚਿਤ ਮੁਆਵਜ਼ਾ ਦਿੱਤਾ ਜਾਵੇਗਾ, ਉਦਯੋਗਾਂ ਦੇ ਅਨੁਕੂਲ ਵਾਤਾਵਰਣ ਤਿਆਰ ਕੀਤਾ ਜਾਵੇਗਾ ਅਤੇ ਪੰਜਾਬ ਨੂੰ ਦੇਸ਼ ਦਾ ਮੋਹਰੀ ਸੂਬਾ ਬਣਾਉਣ ਦੀ ਦਿਸ਼ਾ ਵਿੱਚ ਕੰਮ ਕੀਤਾ ਜਾਵੇਗਾ।

ਵਫ਼ਦ ਨੇ ਉਨ੍ਹਾਂ ਨੂੰ ਸੱਦਾ ਦੇਣ ਲਈ ਮੁੱਖ ਮੰਤਰੀ ਦਾ ਧੰਨਵਾਦ ਕੀਤਾ ਅਤੇ ਪੰਜਾਬ ਦੇ ਲੋਕਾਂ ਪ੍ਰਤੀ ਉਨ੍ਹਾਂ ਦੇ ਸੰਵਾਦ ਅਤੇ ਪਹੁੰਚ ਦੀ ਸ਼ਲਾਘਾ ਕੀਤੀ। ਵਫ਼ਦ ਦੇ ਮੈਂਬਰਾਂ ਨੇ ਕਿਹਾ ਕਿ ਪੰਜਾਬ ਦੀ ਜਨਤਾ ਉਨ੍ਹਾਂ ਦੇ ਸਹਿਯੋਗ ਅਤੇ ਸਮਰਥਨ 'ਤੇ ਧਿਆਨ ਦੇ ਰਹੀ ਹੈ ਅਤੇ ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਆਗਾਮੀ ਵਿਧਾਨਸਭਾ ਚੋਣਾਂ ਵਿੱਚ ਸੂਬੇ ਵਿੱਚ ਭਾਰਤੀ ਜਨਤਾ ਪਾਰਟੀ ਹੋਰ ਮਜ਼ਬੂਤ ਹੋ ਕੇ ਉਭਰੇਗੀ।

## ਸਰਕਾਰ ਵੱਲੋਂ 2437 ਅਪਰੈਂਟਿਸਾਂ ਨੂੰ ਬਤੌਰ ਸਹਾਇਕ ਲਾਇਨਮੈਨ ਭਰਤੀ ਕਰਨ ਦਾ ਫੈਸਲਾ

**ਚੰਡੀਗੜ੍ਹ, 20 ਜੂਨ**
**-ਸੰਜੀਵ ਸ਼ਰਮਾ-**



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰਦੇਸ਼ਾਂ ਅਨੁਸਾਰ ਪੰਜਾਬ ਸਰਕਾਰ ਨੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ (ਪੀਐਸਪੀਸੀਐਲ) ਵਿੱਚ 2,437 ਅਪ੍ਰੈਂਟਿਸ ਟ੍ਰੇਨੀਜ਼ ਨੂੰ ਸਹਾਇਕ ਲਾਈਨਮੈਨ (ਏਐਲਐਮ) ਵਜੋਂ ਭਰਤੀ ਕਰਨ ਦਾ ਫੈਸਲਾ ਕੀਤਾ ਹੈ। ਇਹ ਐਲਾਨ ਅੱਜ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕੀਤਾ।

ਇਹ ਫੈਸਲੇ ਨਾਲ ਅਪ੍ਰੈਂਟਿਸ ਟ੍ਰੇਨੀਜ਼ ਦੀ ਲੰਬੇ ਸਮੇਂ ਤੋਂ ਚੱਲੀ ਆ ਰਹੀ ਮੰਗ ਪੂਰੀ ਹੋਵੇਗੀ, ਤੇ ਇਹ ਕਦਮ ਰੋਜ਼ਗਾਰ ਪੈਦਾ ਕਰਨ ਅਤੇ ਨੌਜਵਾਨ ਭਲਾਈ ਪ੍ਰਤੀ ਰਾਜ ਸਰਕਾਰ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ। ਮੁੱਖ ਮੰਤਰੀ ਨੇ ਪੰਜਾਬ ਸਰਕਾਰ ਦੇ ਵਿਭਾਗਾਂ ਵਿੱਚ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਦੇਣ ਲਈ ਮਿਸ਼ਨਰੀ ਪਹੁੰਚ ਅਪਣਾਈ ਹੈ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਪੀਐਸਪੀਸੀਐਲ ਦੇ ਬੋਰਡ ਆਫ਼ ਡਾਇਰੈਕਟਜ਼ ਨੇ ਪੰਜਾਬ ਦੇ ਐਡਵੋਕੇਟ ਜਨਰਲ ਦੀ ਸਲਾਹ 'ਤੇ ਵਿਚਾਰ ਕਰਦਿਆਂ 2,437 ਅਪ੍ਰੈਂਟਿਸ ਟ੍ਰੇਨੀਜ਼ ਨੂੰ ਸਹਾਇਕ ਲਾਈਨਮੈਨ (ਏਐਲਐਮ) ਵਜੋਂ ਭਰਤੀ ਕਰਨ ਦੀ ਪ੍ਰਵਾਨਗੀ ਦੇ ਦਿੱਤੀ ਹੈ। ਦੱਸਣਯੋਗ ਹੈ ਕਿ ਇਹ ਟ੍ਰੇਨੀਜ਼ ਇਸ ਸਮੇਂ ਪੀਐਸਪੀਸੀਐਲ ਅਤੇ ਪੰਜਾਬ ਸਟੇਟ ਟ੍ਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ (ਪੀਐਸਟੀਸੀਐਲ) ਵਿੱਚ ਲਾਈਨਮੈਨ ਟਰੇਡ ਵਿੱਚ ਅਪ੍ਰੈਂਟਿਸਸ਼ਿਪ ਟ੍ਰੇਨਿੰਗ ਲੈ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਪੀਐਸਪੀਸੀਐਲ ਉਕਤ ਟ੍ਰੇਨੀਜ਼ ਲਈ ਇੱਕ ਵਾਰ ਦੀ ਛੋਟ ਵਜੋਂ ਪੰਜਾਬੀ ਭਾਸ਼ਾ ਦੀ ਲਾਜ਼ਮੀ ਪ੍ਰੀਖਿਆ ਕਰਵਾਏਗਾ। ਪ੍ਰੀਖਿਆ ਸ਼ਡਿਊਲ ਬਾਰੇ ਸਮੇਂ ਸਿਰ ਪੀਐਸਪੀਸੀਐਲ ਦੀ ਅਧਿਕਾਰਤ ਵੈੱਬਸਾਈਟ 'ਤੇ ਸੂਚਿਤ ਕੀਤਾ ਜਾਵੇਗਾ, ਜਿਸ ਤੋਂ ਬਾਅਦ ਇਸ ਪ੍ਰਕਿਰਿਆ ਨੂੰ ਅੱਗੇ ਵਧਾਇਆ ਜਾਵੇਗਾ।

ਵਿੱਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਦਾ ਮੰਨਣਾ ਹੈ ਕਿ ਨੌਜਵਾਨਾਂ ਦੀ ਊਰਜਾ ਨੂੰ ਉਸਾਰੂ ਢੰਗ ਨਾਲ ਰਾਸ਼ਟਰ ਨਿਰਮਾਣ ਵੱਲ ਲਾਉਣ ਅਤੇ ਸਮਾਜਿਕ ਬੁਰਾਈਆਂ ਤੋਂ ਦੂਰ ਰੱਖਣ ਲਈ ਉਨ੍ਹਾਂ ਨੂੰ ਲਾਹੇਵੰਦ ਰੋਜ਼ਗਾਰ ਦੇਣਾ ਬੇਹੱਦ ਜ਼ਰੂਰੀ ਹੈ। ਉਨ੍ਹਾਂ ਅੱਗੇ ਕਿਹਾ ਕਿ ਮੌਜੂਦਾ ਸਰਕਾਰ ਦੇ ਨਿਰੰਤਰ ਯਤਨਾਂ ਸਦਕਾ ਅਪ੍ਰੈਲ 2022 ਤੋਂ ਪੀਐਸ ਪੀਸੀਐਲ ਅਤੇ ਪੀਐਸਟੀਸੀਐਲ ਵਿੱਚ ਕੁੱਲ 9,627 ਭਰਤੀਆਂ ਕੀਤੀਆਂ ਗਈਆਂ ਹਨ। ਵੇਰਵੇ ਦਿੰਦਿਆਂ ਉਨ੍ਹਾਂ ਕਿਹਾ ਕਿ ਕੁੱਲ 9,627 ਭਰਤੀਆਂ ਵਿੱਚੋਂ 8,048 ਸਿੱਧੀ ਭਰਤੀ ਰਾਹੀਂ ਅਤੇ 1,579 ਤਰਸ ਦੇ ਆਧਾਰ 'ਤੇ ਕੀਤੀਆਂ ਗਈਆਂ ਸਨ। ਉਨ੍ਹਾਂ ਦੱਸਿਆ ਕਿ ਇਸ ਸਾਲ ਦੇ ਸ਼ੁਰੂ ਵਿੱਚ ਮਾਨਯੋਗ ਮੁੱਖ ਮੰਤਰੀ ਵੱਲੋਂ ਵੱਖ-ਵੱਖ ਸ਼੍ਰੇਣੀਆਂ ਨਾਲ ਸਬੰਧਤ 570 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ ਗਏ ਸਨ। ਲਗਭਗ 3,000 ਵਾਧੂ ਅਸਾਮੀਆਂ ਲਈ ਭਰਤੀ ਪ੍ਰਕਿਰਿਆ ਇਸ ਸਮੇਂ ਚੱਲ ਰਹੀ ਹੈ, ਜਿਸਦੇ ਨਵੰਬਰ 2026 ਤੱਕ ਪੂਰਾ ਹੋਣ ਦੀ ਉਮੀਦ ਹੈ। ਇਸ ਮੌਕੇ ਪ੍ਰਸ਼ਾਸਕੀ ਸਕੱਤਰ, ਬਿਜਲੀ-ਕਮ-ਚੇਅਰਮੈਨ ਅਤੇ ਮੈਨੇਜਿੰਗ ਡਾਇਰੈਕਟਰ, ਪੀਐਸਪੀਸੀਐਲ ਡਾ. ਬਸੰਤ ਗਰਗ ਵੀ ਮੌਜੂਦ ਸਨ।

## ਆਪ ਸਰਕਾਰ ਦੇ ਕਿਸਾਨਾਂ ਨੂੰ 8 ਘੰਟੇ ਅਤੇ ਘਰੇਲੂ ਬਿਜਲੀ ਸਪਲਾਈ 24 ਘੰਟੇ ਦੇਣ ਦੇ ਦਾਅਵਿਆਂ ਦੀ ਨਿਕਲੀ ਫੂਕ: ਰਾਜੂ ਖੰਨਾ

**ਅਮਲੋਹ, 20 ਜੂਨ**
**-ਸ਼.ਅ.ਬਿਓਰੋ-**

ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਅਤੇ ਹਲਕਾ ਅਮਲੋਹ ਦੇ ਮੁੱਖ ਸੇਵਾਦਾਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਨੇ ਅੱਜ ਇਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਭਗਵੰਤ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਸਰਕਾਰ @ਤੇ ਤਿੱਖਾ ਹਮਲਾ ਕਰਦਿਆਂ ਪੰਜਾਬ ਦੇ ਲੋਕਾਂ ਨੂੰ ਬਿਜਲੀ ਸਪਲਾਈ ਦੇ ਮਾਮਲੇ @ਚ ਝੂਠ ਅਤੇ ਖੋਖਲੇ ਵਾਅਦੇ ਕਰਨ ਦਾ ਦੋਸ਼ ਲਾਇਆ। ਰਾਜੂ ਖੰਨਾ ਨੇ ਕਿਹਾ ਕਿ ਅਮਲੋਹ ਦੇ



ਲੋਕ ਲੰਬੇ ਬਿਜਲੀ ਕੱਟਾਂ ਦੀ ਮਾਰ ਝੱਲ ਰਹੇ ਹਨ ਅਤੇ ਰੋਜ਼ਾਨਾ ਸਿਰਫ਼ 2-3 ਘੰਟੇ ਹੀ ਬਿਜਲੀ ਮਿਲ ਰਹੀ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਕਿਸਾਨਾਂ ਨੂੰ 8 ਘੰਟੇ ਬਿਜਲੀ ਦੇਣ ਦਾ ਦਾਅਵਾ ਕਰਦੇ ਹਨ, ਪਰ ਜ਼ਮੀਨੀ ਹਕੀਕਤ ਇਸ ਤੋਂ ਉਲਟ ਹੈ ਅਤੇ ਕਿਸਾਨਾਂ ਨੂੰ ਮਸਾਂ 2 ਘੰਟੇ ਹੀ ਬਿਜਲੀ ਨਸੀਬ ਹੋ ਰਹੀ ਹੈ ,ਅਕਾਲੀ ਆਗੂ ਨੇ ਕਿਹਾ ਕਿ ਘਰੇਲੂ ਖਪਤਕਾਰਾਂ ਦੀ ਹਾਲਤ ਤਾਂ ਹੋਰ ਵੀ ਮਾੜੀ ਹੈ, ਜਿੱਥੇ ਘਰਾਂ ਨੂੰ ਮਹਿਜ਼ 1 ਤੋਂ 2 ਘੰਟੇ ਹੀ ਬਿਜਲੀ ਮਿਲ ਰਹੀ ਹੈ।

## ਰਾਹੁਲ ਗਾਂਧੀ ਹਮੇਸ਼ਾ ਨੌਜਵਾਨਾਂ, ਵਿਦਿਆਰਥੀਆਂ ਅਤੇ ਆਮ ਲੋਕਾਂ ਦੇ ਹੱਕਾਂ ਦੀ ਆਵਾਜ਼ ਉਠਾਉਂਦੇ ਹਨ: ਪ੍ਰਦੇਸ਼ ਪ੍ਰਧਾਨ ਅਵਿਨਾਸ਼ ਯਾਦਵ




**ਫਤਿਹਾਬਾਦ: 20 ਜੂਨ 2026 (ਸੰਜੀਵ ਸ਼ਰਮਾ):** ਕਾਂਗਰਸ ਦੇ ਸਾਬਕਾ ਰਾਸ਼ਟਰੀ ਪ੍ਰਧਾਨ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਦੇ ਜਨਮ ਦਿਵਸ ਮੌਕੇ ਨੈਸ਼ਨਲ ਸਟੂਡੈਂਟਸ ਯੂਨੀਅਨ ਆਫ ਇੰਡੀਆ (ਐਨਐਸਯੂਆਈ) ਵੱਲੋਂ ਖੂਨਦਾਨ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਵਿੱਚ ਨੌਜਵਾਨਾਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲੈਂਦਿਆਂ ਖੂਨਦਾਨ ਕਰਕੇ ਮਨੁੱਖਤਾ ਦੀ ਸੇਵਾ ਦਾ ਸੰਦੇਸ਼ ਦਿੱਤਾ। ਕੈਂਪ ਦੌਰਾਨ ਕੁੱਲ 91 ਯੂਨਿਟ ਖੂਨ ਇਕੱਠਾ ਕੀਤਾ ਗਿਆ। ਇਸ ਮੌਕੇ ਐਨਐਸਯੂਆਈ ਦੇ ਪ੍ਰਦੇਸ਼ ਪ੍ਰਧਾਨ ਅਵਿਨਾਸ਼ ਯਾਦਵ, ਜ਼ਿਲ੍ਹਾ ਪ੍ਰਧਾਨ ਅਜੈ ਢਾਕਾ, ਪ੍ਰਦੇਸ਼ ਮਹਾਂਸਚਿਵ ਅਮਿਤ ਬਿਸ਼ਨੋਈ ਅਤੇ ਪ੍ਰਦੇਸ਼ ਸਕੱਤਰ ਅਖਿਲ ਪ੍ਰਭਾਤ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਉਨ੍ਹਾਂ ਨੇ ਖੂਨਦਾਨੀਆਂ ਦਾ ਹੌਸਲਾ ਵਧਾਉਂਦਿਆਂ ਇਸ ਸਮਾਜ ਸੇਵਾ ਦੇ ਕਾਰਜ ਦੀ ਸ਼ਲਾਘਾ ਕੀਤੀ। ਪ੍ਰਦੇਸ਼ ਪ੍ਰਧਾਨ ਅਵਿਨਾਸ਼ ਯਾਦਵ ਨੇ ਕਿਹਾ ਕਿ ਰਾਹੁਲ ਗਾਂਧੀ ਹਮੇਸ਼ਾ ਨੌਜਵਾਨਾਂ, ਵਿਦਿਆਰਥੀਆਂ ਅਤੇ ਆਮ ਲੋਕਾਂ ਦੇ ਹੱਕਾਂ ਦੀ ਆਵਾਜ਼ ਉਠਾਉਂਦੇ ਰਹੇ ਹਨ। ਉਨ੍ਹਾਂ ਦੇ ਜਨਮ ਦਿਵਸ 'ਤੇ ਖੂਨਦਾਨ ਵਰਗੇ ਸੇਵਾ ਕਾਰਜਾਂ ਦਾ ਆਯੋਜਨ ਕਰਨਾ ਉਨ੍ਹਾਂ ਦੇ ਵਿਚਾਰਾਂ ਨੂੰ ਅੱਗੇ ਵਧਾਉਣ ਦਾ ਯਤਨ ਹੈ। ਉਨ੍ਹਾਂ ਕਿਹਾ ਕਿ ਖੂਨਦਾਨ ਮਹਾਨ ਦਾਨ ਹੈ, ਜਿਸ ਨਾਲ ਲੋੜਵੰਦ ਲੋਕਾਂ ਨੂੰ ਨਵਾਂ ਜੀਵਨ ਮਿਲਦਾ ਹੈ। ਜ਼ਿਲ੍ਹਾ ਪ੍ਰਧਾਨ ਅਜੈ ਢਾਕਾ ਨੇ ਕਿਹਾ ਕਿ ਐਨਐਸਯੂਆਈ ਹਮੇਸ਼ਾ ਸਮਾਜਿਕ ਸਰੋਕਾਰਾਂ ਨਾਲ ਜੁੜੇ ਕਾਰਜਾਂ ਵਿੱਚ ਅਗਵਾਈ ਕਰਦੀ ਰਹੀ ਹੈ। ਨੌਜਵਾਨਾਂ ਨੇ ਵੱਡੀ ਗਿਣਤੀ ਵਿੱਚ ਖੂਨਦਾਨ ਕਰਕੇ ਮਨੁੱਖਤਾ ਪ੍ਰਤੀ ਆਪਣੀ ਜ਼ਿੰਮੇਵਾਰੀ ਦਾ ਪ੍ਰਗਟਾਵਾ ਕੀਤਾ ਹੈ।

ਪ੍ਰਦੇਸ਼ ਮਹਾਂਸਚਿਵ ਅਮਿਤ ਬਿਸ਼ਨੋਈ ਅਤੇ ਪ੍ਰਦੇਸ਼ ਸਕੱਤਰ ਅਖਿਲ ਪ੍ਰਭਾਤ ਨੇ ਕਿਹਾ ਕਿ ਸਮਾਜ ਭਲਾਈ ਦੇ ਕੰਮਾਂ ਰਾਹੀਂ ਹੀ ਕਿਸੇ ਮਹਾਨ ਨੇਤਾ ਨੂੰ ਸੱਚੀ ਸ਼ਰਧਾਂਜਲੀ ਦਿੱਤੀ ਜਾ ਸਕਦੀ ਹੈ। ਖੂਨਦਾਨ ਕੈਂਪ ਵਿੱਚ ਨੌਜਵਾਨਾਂ ਦਾ ਉਤਸ਼ਾਹ ਇਸ ਗੱਲ ਦਾ ਸਬੂਤ ਹੈ ਕਿ ਨਵੀਂ ਪੀੜ੍ਹੀ ਸਮਾਜ ਸੇਵਾ ਪ੍ਰਤੀ ਜਾਗਰੂਕ ਹੈ। ਕੈਂਪ ਦੇ ਸਫਲ ਆਯੋਜਨ 'ਤੇ ਸਾਰੇ ਮਹਿਮਾਨਾਂ ਨੇ ਖੂਨਦਾਨੀਆਂ, ਸੇਵਾਦਾਰਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਅਤੇ ਭਵਿੱਖ ਵਿੱਚ ਵੀ ਅਜਿਹੇ ਲੋਕ-ਭਲਾਈ ਕਾਰਜ ਕਰਵਾਉਣ ਦਾ ਸੰਕਲਪ ਦੁਹਰਾਇਆ।

## ਡਾ. ਬਲਬੀਰ ਸਿੰਘ ਨੇ ਦਿੱਲੀ ਵਿਖੇ ਅਰਵਿੰਦ ਕੇਜਰੀਵਾਲ ਨਾਲ ਕੀਤੀ ਮੁਲਾਕਾਤ

### ਸਿਹਤ ਸੇਵਾਵਾਂ ਅਤੇ ਵਿਕਾਸ ਮੁੱਦਿਆਂ 'ਤੇ ਹੋਈ ਚਰਚਾ



**ਨਵੀਂ ਦਿੱਲੀ/ਪਟਿਆਲਾ: 20 ਜੂਨ 2026 (ਛਤਰਪਾਲ ਸਿੰਘ):** ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਆਪਣੇ ਪੁੱਤਰ ਰਾਹੁਲ ਸਮੇਤ ਅਰਵਿੰਦਰ ਕੇਜਰੀਵਾਲ ਨਾਲ ਦਿੱਲੀ ਵਿਖੇ ਮੁਲਾਕਾਤ ਕੀਤੀ। ਇਸ ਦੌਰਾਨ ਪੰਜਾਬ ਵਿੱਚ ਸਿਹਤ ਸੇਵਾਵਾਂ ਦੇ ਸੁਧਾਰ ਅਤੇ ਪਟਿਆਲਾ ਦਿਹਾਤੀ ਦੇ ਵਿਕਾਸ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।

ਡਾ. ਬਲਬੀਰ ਸਿੰਘ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਦੇ ਆਸ਼ੀਰਵਾਦ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਿਹਤ ਵਿਭਾਗ ਨੇ ਸੂਬੇ ਦੇ ਲੋਕਾਂ ਨੂੰ ਦਿੱਤੀਆਂ ਜਾ ਰਹੀਆਂ ਸਿਹਤ ਸਹੂਲਤਾਂ ਦੇ ਮਿਆਰ ਵਿੱਚ ਵੱਡਾ ਸੁਧਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਸਿਹਤ ਖੇਤਰ ਵਿੱਚ ਕੀਤੇ ਗਏ ਉਪਰਾਲਿਆਂ ਦਾ ਲਾਭ ਪੰਜਾਬ ਦੇ ਹਰ ਵਰਗ ਤੱਕ ਪਹੁੰਚ ਰਿਹਾ ਹੈ।

ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਹਲਕੇ ਪਟਿਆਲਾ ਦਿਹਾਤੀ ਵਿੱਚ ਵੀ ਵਿਕਾਸ ਕਾਰਜ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਇਲਾਕੇ ਵਿੱਚ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਬਣਾਉਣ ਲਈ ਕਈ ਯੋਜਨਾਵਾਂ 'ਤੇ ਕੰਮ ਕੀਤਾ ਜਾ ਰਿਹਾ ਹੈ।

**ਸਿਹਤ ਸੇਵਾਵਾਂ ਅਤੇ ਵਿਕਾਸ ਮੁੱਦਿਆਂ 'ਤੇ ਹੋਈ ਚਰਚਾ**

ਡਾ. ਬਲਬੀਰ ਸਿੰਘ ਨੇ ਕਿਹਾ ਕਿ ਉਨ੍ਹਾਂ ਨੇ ਅਰਵਿੰਦ ਕੇਜਰੀਵਾਲ ਤੋਂ ਪੰਜਾਬ ਦੀਆਂ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਅਤੇ ਪਟਿਆਲਾ ਦਿਹਾਤੀ ਦੇ ਵਿਕਾਸ ਸਬੰਧੀ ਮਾਰਗਦਰਸ਼ਨ ਪ੍ਰਾਪਤ ਕੀਤਾ।

ਉਨ੍ਹਾਂ ਅਰਵਿੰਦ ਕੇਜਰੀਵਾਲ ਅਤੇ ਮੁੱਖ ਮੰਤਰੀ ਭਗਵੰਤ ਮਾਨ ਦਾ ਨਿਰੰਤਰ ਵਿਸ਼ਵਾਸ, ਮਾਰਗਦਰਸ਼ਨ ਅਤੇ ਸਹਿਯੋਗ ਲਈ ਤਹਿ ਦਿਲੋਂ ਧੰਨਵਾਦ ਵੀ ਕੀਤਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਅਤੇ ਵਿਕਾਸਮੁਖੀ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਅਤੇ ਇਸ ਦਿਸ਼ਾ ਵਿੱਚ ਯਤਨ ਲਗਾਤਾਰ ਜਾਰੀ ਰਹਿਣਗੇ।

## ਮੁੱਖ ਮੰਤਰੀ ਦੀਆਂ ਲੋਕ ਭਲਾਈ ਨੀਤੀਆਂ ਅਤੇ ਵਿਕਾਸ ਕਾਰਜਾਂ ਨੂੰ ਘਰ-ਘਰ ਪਹੁੰਚਾਉਣ ਲਈ ਸੁਨੇਹਾ



**ਪਟਿਆਲਾ, 20 ਜੂਨ**
**-ਛਤਰਪਾਲ ਸਿੰਘ-**

ਪਟਿਆਲਾ ਨਗਰ ਨਿਗਮ ਦੇ ਮੇਅਰ ਕੁੰਦਨ ਗੋਗੀਆ ਦੀ ਅਗਵਾਈ ਵਿੱਚ ਵਾਰਡ ਨੰਬਰ 30 ਵਿੱਚ ਅੱਜ ਇੱਕ ਵਿਸ਼ਾਲ ਲੋਕ ਮਿਲਣੀ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਵਸਨੀਕਾਂ ਨੇ ਸ਼ਿਰਕਤ ਕਰਕੇ ਆਪਣੇ ਸੁਝਾਅ ਅਤੇ ਮੰਗਾਂ ਪ੍ਰਸ਼ਾਸਨ ਅੱਗੇ ਰੱਖੀਆਂ।ਮੀਟਿੰਗ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਐਮਐਲਏ ਸ਼ਹਿਰੀ ਅਜੀਤ ਪਾਲ ਸਿੰਘ ਕੋਹਲੀ ਨੇ ਵਾਰਡ ਦੀ ਜਨਤਾ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਸਿੱਖਿਆ, ਸਿਹਤ, ਬਿਜਲੀ, ਸੜਕਾਂ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਲਈ ਲਗਾਤਾਰ ਕੰਮ ਕੀਤੇ ਜਾ ਰਹੇ ਹਨ, ਜਿਸ ਦਾ ਸਿੱਧਾ ਲਾਭ ਆਮ ਲੋਕਾਂ ਨੂੰ ਮਿਲ ਰਿਹਾ ਹੈ।

ਐਮਐਲਏ ਕੋਹਲੀ ਨੇ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਪਾਰਦਰਸ਼ੀ ਅਤੇ ਲੋਕ-ਪੱਖੀ ਸ਼ਾਸਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਵੱਲੋਂ ਭ੍ਰਿਸ਼ਟਾਚਾਰ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਦੇ ਨਾਲ-ਨਾਲ ਹਰ ਵਰਗ ਦੇ ਲੋਕਾਂ ਲਈ ਭਲਾਈ ਯੋਜਨਾਵਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਜਾ ਰਿਹਾ ਹੈ।

ਇਸ ਮੌਕੇ ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਵਾਰਡ ਨੰਬਰ 30 ਦੇ ਵਿਕਾਸ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਇਲਾਕੇ ਵਿੱਚ ਸੜਕਾਂ ਦੀ ਮੁਰੰਮਤ, ਸਫਾਈ ਪ੍ਰਬੰਧਾਂ ਵਿੱਚ ਸੁਧਾਰ, ਸੀਵਰੇਜ ਪ੍ਰਣਾਲੀ ਨੂੰ ਮਜ਼ਬੂਤ ਕਰਨ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਵਿਸਥਾਰ ਲਈ ਯੋਜਨਾਬੱਧ ਢੰਗ ਨਾਲ ਕੰਮ ਕੀਤਾ ਜਾ ਰਿਹਾ ਹੈ।

ਮੀਟਿੰਗ ਦੌਰਾਨ ਇਲਾਕਾ ਵਾਸੀਆਂ ਨੇ ਸਰਕਾਰ ਅਤੇ ਨਗਰ ਨਿਗਮ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ ਕੀਤੀ ਅਤੇ ਆਉਣ ਵਾਲੇ ਸਮੇਂ ਵਿੱਚ ਵੀ ਇਸੇ ਤਰ੍ਹਾਂ ਲੋਕ-ਹਿੱਤ ਕਾਰਜ ਜਾਰੀ ਰੱਖਣ ਦੀ ਉਮੀਦ ਜਤਾਈ। ਅੰਤ ਵਿੱਚ ਮੇਅਰ ਅਤੇ ਐਮਐਲਏ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਦੇ ਜਲਦ ਨਿਪਟਾਰੇ ਦਾ ਭਰੋਸਾ ਦਿੱਤਾ।







## ਸੰਪਾਦਕੀ

# ਪ੍ਰਦੂਸ਼ਣ ਕੰਟਰੋਲ ਬੋਰਡ ਦੀ ਹਾਲੀਆ ਰਿਪੋਰਟ ਨੇ ਵੱਡੀ ਚਿੰਤਾ ਵੱਲ ਇਸ਼ਾਰਾ

ਹਰਿਆਣਾ ਦੀ ਉਦਯੋਗਿਕ ਤਰੱਕੀ ਲੰਮੇ ਸਮੇਂ ਤੋਂ ਸੂਬੇ ਦਾ ਮਾਣ ਰਹੀ ਹੈ। ਮਾਨੇਸਰ ਦੇ ਆਟੋਮੋਬਾਈਲ ਹੱਬ ਤੋਂ ਲੈ ਕੇ ਸੂਬੇ ਭਰ ਵਿੱਚ ਫੈਲੇ ਨਿਰਮਾਣ ਕੇਂਦਰਾਂ ਤੱਕ, ਉਦਯੋਗਾਂ ਨੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਕੀਤੇ ਹਨ, ਨਿਵੇਸ਼ ਖਿੱਚਿਆ ਅਤੇ ਆਰਥਿਕ ਵਿਕਾਸ ਨੂੰ ਹੁਲਾਰਾ ਦਿੱਤਾ ਹੈ। ਪਰ ਹਰਿਆਣਾ ਰਾਜ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਹਾਲੀਆ ਰਿਪੋਰਟ ਨੇ ਵੱਡੀ ਚਿੰਤਾ ਵੱਲ ਇਸ਼ਾਰਾ ਕੀਤਾ ਹੈ। ਰਿਪੋਰਟ ਮੁਤਾਬਿਕ ਸੂਬੇ ਦੀਆਂ ਲਗਪਗ 3,000 ਉਦਯੋਗਿਕ ਇਕਾਈਆਂ ਕੋਲ ਹਵਾ ਪ੍ਰਦੂਸ਼ਣ ਨੂੰ ਰੋਕਣ ਲਈ ਲੋੜੀਂਦੇ ਉਪਕਰਨ ਹੀ ਮੌਜੂਦ ਨਹੀਂ ਹਨ। ਇਹ ਅੰਕੜਾ ਇੱਕ ਗੰਭੀਰ ਚਿਤਾਵਨੀ ਹੈ ਕਿ ਅੰਨ੍ਹੇਵਾਹ ਵਿਕਾਸ ਦੀ ਕੀਮਤ ਸਾਫ਼ ਆਬੋ-ਹਵਾ ਨੂੰ ਦਾਅ ’ਤੇ ਲਾ ਕੇ ਨਹੀਂ ਚੁਕਾਈ ਜਾ ਸਕਦੀ। ਇਹ ਚਿੰਤਾਜਨਕ ਸਥਿਤੀ ਸਿਰਫ਼ ਹਰਿਆਣਾ ਤੱਕ ਹੀ ਸੀਮਿਤ ਨਹੀਂ ਹੈ, ਸਗੋਂ ਪੰਜਾਬ ਵੀ ਅਜਿਹੇ ਵਾਤਾਵਰਨ ਸੰਕਟ ਨਾਲ ਜੂਝ ਰਿਹਾ ਹੈ। ਲੁਧਿਆਣਾ, ਮੰਡੀ ਗੋਬਿੰਦਗੜ੍ਹ ਅਤੇ ਅੰਮ੍ਰਿਤਸਰ ਵਰਗੇ ਪੰਜਾਬ ਦੇ ਪ੍ਰਮੁੱਖ ਉਦਯੋਗਿਕ ਸ਼ਹਿਰਾਂ ਵਿੱਚ ਹਵਾ ਦੀ ਗੁਣਵੱਤਾ ਲਗਾਤਾਰ ਨਿਘਰਦੀ ਜਾ ਰਹੀ ਹੈ। ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਨਿਯਮਾਂ ਦੇ ਬਾਵਜੂਦ ਕਈ ਫ਼ੈਕਟਰੀਆਂ ਅਤੇ ਕਾਰਖਾਨੇ ਪ੍ਰਦੂਸ਼ਣ ਰੋਕਣ ਵਾਲੇ ਉਪਕਰਨਾਂ ਤੋਂ ਬਗ਼ੈਰ ਚੱਲ ਰਹੇ ਹਨ। ਉਦਯੋਗਿਕ ਜ਼ੋਨਾਂ ਦੇ ਆਸ-ਪਾਸ ਰਹਿਣ ਵਾਲੇ ਵੱਡੀ ਗਿਣਤੀ ਲੋਕ ਖ਼ਾਸ ਕਰਕੇ ਬੱਚੇ ਅਤੇ ਬਜ਼ੁਰਗ ਸਾਹ ਨਾਲ ਸਬੰਧਤ ਗੰਭੀਰ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ।

ਹਰਿਆਣਾ ਪ੍ਰਦੂਸ਼ਣ ਕੰਟਰੋਲ ਬੋਰਡ ਦੀ ਰਿਪੋਰਟ ਵਿੱਚ ਮਾਨੇਸਰ ਦਾ ਨਾਂ ਸਭ ਤੋਂ ਉੱਪਰ ਹੈ, ਜੋ ਬੇਹੱਦ ਫ਼ਿਕਰ ਦੀ ਗੱਲ ਹੈ। ਇਹ ਉਦਯੋਗਿਕ ਕਸਬਾ ਨਾ ਸਿਰਫ਼ ਆਰਥਿਕਤਾ ਦਾ ਮੁੱਖ ਧੁਰਾ ਹੈ, ਸਗੋਂ ਇੱਥੇ ਹਜ਼ਾਰਾਂ ਮਜ਼ਦੂਰ ਪਰਿਵਾਰ ਰਹਿੰਦੇ ਹਨ, ਜੋ ਰੋਜ਼ ਫ਼ੈਕਟਰੀਆਂ ਦੇ ਜ਼ਹਿਰੀਲੇ ਧੂੰਏਂ ਵਿੱਚ ਸਾਹ ਲੈਂਦੇ ਹਨ। ਅਕਸਰ ਪ੍ਰਦੂਸ਼ਣ ਦੀ ਚਰਚਾ ਸਿਰਫ਼ ਧੁੰਦ ਦੇ ਮੌਸਮ ਜਾਂ ਪਰਾਲੀ ਸਾੜਨ ਦੇ ਸੰਦਰਭ ਵਿੱਚ ਹੀ ਕੀਤੀ ਜਾਂਦੀ ਹੈ, ਪਰ ਉਦਯੋਗਾਂ ’ਚੋਂ ਬਾਰਾਂ ਮਹੀਨੇ ਜ਼ਹਿਰੀਲਾ ਧੂੰਆਂ ਉੱਠਦਾ ਰਹਿੰਦਾ ਹੈ ਜੋ ਲੋਕਾਂ ਨੂੰ ਬਿਮਾਰੀਆਂ ਵੰਡ ਰਿਹਾ ਹੈ। ਕੌਮੀ ਰਾਜਧਾਨੀ ਖੇਤਰ ਵਰਗੇ ਸੰਵੇਦਨਸ਼ੀਲ ਇਲਾਕਿਆਂ ਵਿਚਲੇ ਉਦਯੋਗ ਆਪਣੀਆਂ ਜ਼ਿੰਮੇਵਾਰੀਆਂ ਜਾਣਦੇ ਹੋਏ ਵੀ ਨਿਯਮਾਂ ਦੀਆਂ ਧੱਜੀਆਂ ਉਡਾ ਰਹੇ ਹਨ। ਇਹ ਮਸਲਾ ਸਿੱਧੇ ਤੌਰ ’ਤੇ ਪ੍ਰਸ਼ਾਸਨਿਕ ਨਾਕਾਮੀ ਅਤੇ ਜਵਾਬਦੇਹੀ ਦੀ ਘਾਟ ਨਾਲ ਜੁੜਿਆ ਹੋਇਆ ਹੈ। ਹਾਲਾਂਕਿ, ਇਸ ਮਸਲੇ ਦਾ ਹੱਲ ਸਿਰਫ਼ ਕਾਗ਼ਜ਼ੀ ਨੋਟਿਸਾਂ ਤੱਕ ਸੀਮਤ ਨਹੀਂ ਹੋਣਾ ਚਾਹੀਦਾ। ਛੋਟੇ ਉਦਯੋਗਾਂ ਨੂੰ ਪ੍ਰਦੂਸ਼ਣ ਰਹਿਤ ਤਕਨੀਕਾਂ ਨਾਲ ਲੈਸ ਕਰਨ ਲਈ ਤਕਨੀਕੀ ਅਤੇ ਮਾਲੀ ਮਦਦ ਦੀ ਲੋੜ ਹੋ ਸਕਦੀ ਹੈ ਪਰ ਨਿਯਮਾਂ ਨੂੰ ਲਾਗੂ ਕਰਨ ਲਈ ਸਮਾਂ ਸੀਮਾ ਅਤੇ ਮਾਪਦੰਡਾਂ ਨਾਲ ਕੋਈ ਸਮਝੌਤਾ ਨਹੀਂ ਹੋਣਾ ਚਾਹੀਦਾ। ਕਾਨੂੰਨ ਦੀ ਉਲੰਘਣ ਕਰਨ ਵਾਲਿਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ।

ਸ਼ੁੱਧ ਆਬੋ-ਹਵਾ ਉਦਯੋਗਿਕ ਵਿਕਾਸ ਦੇ ਰਾਹ ਵਿੱਚ ਕੋਈ ਅੜਿੱਕਾ ਨਹੀਂ ਹੈ, ਸਗੋਂ ਇਹ ਸਥਿਰ ਤੇ ਟਿਕਾਊ ਵਿਕਾਸ ਦੀ ਪਹਿਲੀ ਸ਼ਰਤ ਹੋਣੀ ਚਾਹੀਦੀ ਹੈ। ਲੋਕਾਂ ਦੀ ਸਿਹਤ ਨੂੰ ਦਾਅ ’ਤੇ ਲਾ ਕੇ ਹਰਿਆਣਾ ਕਦੇ ਵੀ ਆਰਥਿਕ ਪੱਖੋਂ ਖ਼ੁਸ਼ਹਾਲ ਨਹੀਂ ਹੋ ਸਕਦਾ। ਹਾਲਾਂਕਿ ਸੂਬੇ ਦੇ ਉਦਯੋਗਾਂ ਨੇ ਨਵੀਆਂ ਕਾਢਾਂ ਕੱਢਣ ਅਤੇ ਬਾਜ਼ਾਰ ਵਿੱਚ ਮੁਕਾਬਲਾ ਕਰਨ ਦੀ ਆਪਣੀ ਸਮਰੱਥਾ ਦਾ ਲੋਹਾ ਮੰਨਵਾਇਆ ਹੈ। ਖ਼ੈਰ, ਹੁਣ ਉਦਯੋਗਾਂ ਨੂੰ ਵੀ ਵਾਤਾਵਰਨ ਪ੍ਰਤੀ ਅਜਿਹੀ ਸੰਜੀਦਗੀ ਦਿਖਾਉਣੀ ਚਾਹੀਦੀ ਹੈ। ਆਰਥਿਕ ਖ਼ੁਸ਼ਹਾਲੀ ਅਤੇ ਲੋਕਾਂ ਦੀ ਸਿਹਤ, ਦੋਵੇਂ ਨਾਲ-ਨਾਲ ਚੱਲਣੇ ਚਾਹੀਦੇ ਹਨ।

**-ਛੱਤਰਪਾਲ ਸਿੰਘ**

Shaheedeazamnews.com
ਖ਼ਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

# ਨੀਟ ਵਿਵਾਦ: ਕਾਬਲੀਅਤ ਫੇਲ੍ਹ

**ਡਾ. ਕੁਲਦੀਪ ਸਿੰਘ**



ਮੈਡੀਕਲ ਕਾਲਜਾਂ ਵਿੱਚ ਦਾਖ਼ਲੇ ਵਾਸਤੇ ਨੈਸ਼ਨਲ ਟੈਸਟਿੰਗ ਏਜੰਸੀ (ਐੱਨ ਟੀ ਏ) ਰਾਹੀਂ ਲਈ ਜਾਂਦੀ ਦੇਸ਼ ਪੱਧਰੀ ਨੀਟ ਪ੍ਰੀਖਿਆ ਸੰਕਟ ’ਚ ਘਿਰ ਗਈ ਹੈ। 22 ਲੱਖ ਤੋਂ ਵੱਧ ਵਿਦਿਆਰਥੀਆਂ ਨੇ ਵੱਖ-ਵੱਖ ਕੋਚਿੰਗ ਸੈਂਟਰਾਂ ਰਾਹੀਂ ਦਿਨ ਰਾਤ ਇੱਕ ਕਰ ਕੇ ਦਾਖ਼ਲਾ ਪ੍ਰੀਖਿਆ ਦੀ ਤਿਆਰੀ ਕੀਤੀ ਸੀ ਅਤੇ ਮਾਪਿਆਂ ਨੇ ਚੋਖਾ ਧਨ ਆਪਣੇ ਬੱਚਿਆਂ ਦੇ ਮਹਿੰਗੇ ਕੋਚਿੰਗ ਸੈਂਟਰਾਂ ਵਿੱਚ ਪੜ੍ਹਨ ਅਤੇ ਰਹਿਣ ਲਈ ਖਰਚਿਆ ਸੀ ਪਰ ਪ੍ਰੀਖਿਆਰਥੀਆਂ ਦੇ ਸੁਪਨੇ ਇਸ ਮੁਕਾਬਲਾ ਪ੍ਰੀਖਿਆ ਵਿੱਚ ਉਤਪੰਨ ਹੋਈ ਸਥਿਤੀ ਕਾਰਨ ਚਕਨਾਚੂਰ ਹੋ ਗਏ। ਘਰਾਂ ਵਿੱਚ ਬੇਚੈਨੀ ਅਤੇ ਨਿਰਾਸ਼ਾ ਦਾ ਆਲਮ ਹੈ। ਇੱਥੋਂ ਤੱਕ ਕਿ ਤਣਾਅ ’ਚ ਆਏ ਕੁਝ ਵਿਦਿਆਰਥੀਆਂ ਨੇ ਆਤਮਹੱਤਿਆ ਦਾ ਰਾਹ ਵੀ ਚੁਣਿਆ। ਇਸ ਸੰਕਟ ਦੇ ਵੇਲੇ ਵੀ ਰਾਜਨੀਤਕ ਪਾਰਟੀਆਂ ਆਪੋ-ਆਪਣੀ ਸਿਆਸੀ ਖੇਡ, ਖੇਡ ਰਹੀਆਂ ਹਨ। ਉਹ ਇਸ ਸੰਕਟ ਨੂੰ ਪ੍ਰਬੰਧਕੀ ਅਤੇ ਰਾਜਸੀ ਸੰਕਟ ਨਾਲ ਜੋੜ ਕੇ ਆਪਣੇ ਕਾਰਜ ਵਿੱਚ ਲੱਗੀਆਂ ਹੋਈਆਂ ਹਨ ਅਤੇ ਕੇਂਦਰੀ ਸਿੱਖਿਆ ਮੰਤਰੀ ਤੋਂ ਲੈ ਕੇ ਵੱਖ-ਵੱਖ ਏਜੰਸੀਆਂ ਅਸਲ ਸਵਾਲ ਨਜਿੱਠਣ ਦੀ ਥਾਂ ਤਕਨੀਕੀ ਖਾਮੀਆਂ ’ਤੇ ਹੀ ਕੰਮ ਕਰ ਰਹੀਆਂ ਹਨ। ਇੱਥੋਂ ਤੱਕ 2024 ਵਿੱਚ ਬਣੀ ਰਾਮਾਚੰਦਰਨ ਕਮੇਟੀ ਦੀਆਂ ਸਿਫਾਰਸ਼ਾਂ ਨੂੰ ਵੀ ਦਰਕਿਨਾਰ ਕਰ ਦਿੱਤਾ ਗਿਆ ਹੈ। ਹੁਣ ਸੁਪਰੀਮ ਕੋਰਟ ਨੇ ਵਿਸ਼ੇਸ਼ ਤੌਰ ’ਤੇ ਯੂ ਪੀ ਐੱਸ ਸੀ ਦਾ ਹਵਾਲਾ ਦਿੰਦਿਆਂ ਕਿਹਾ ਹੈ ਕਿ ਹੈਰਾਨੀ ਦੀ ਗੱਲ ਹੈ ਕਿ ਇੰਨੇ ਵੱਡੇ ਇਮਤਿਹਾਨ ਨੂੰ ਲੈਣ ਵਾਲੀ ਨੈਸ਼ਨਲ ਟੈਸਟਿੰਗ ਏਜੰਸੀ ਦਾ ਆਪਣਾ ਕੋਈ ਢੁਕਵਾਂ ਤਾਣਾ-ਬਾਣਾ ਵੀ ਨਹੀਂ ਹੈ।

ਸਿਰਫ਼ ਤਾਮਿਲਨਾਡੂ ਦੇ ਮੁੱਖ ਮੰਤਰੀ ਵਿਜੈ ਨੇ ਤੁਰੰਤ ਨੀਟ ਸਬੰਧੀ ਵਿਚਾਰ ਰੱਖਦਿਆਂ ਕਿਹਾ ਕਿ ਸੂਬਾਈ ਸਕੂਲ ਬੋਰਡ ਦੇ ਅੰਕਾਂ ਦੇ ਆਧਾਰ ’ਤੇ ਹੀ ਮੈਡੀਕਲ ਦਾਖ਼ਲੇ ਹੋਣੇ ਚਾਹੀਦੇ ਹਨ। ਉਸ ਦਾ ਇਹ ਬਿਆਨ ਨੀਟ ਪ੍ਰੀਖਿਆਵਾਂ ਸਬੰਧੀ ਕੀਤੇ ਗਏ 15 ਸਾਲਾਂ ਦੇ ਅਧਿਐਨ ’ਤੇ ਆਧਾਰਿਤ ਸੀ। ਨੀਟ ਪ੍ਰੀਖਿਆਵਾਂ ਦੇ ਢੰਗ ਤਰੀਕਿਆਂ ਸਬੰਧੀ ਤਾਮਿਲਨਾਡੂ ਦੀ ਸਰਕਾਰ ਵੱਲੋਂ ਜਸਟਿਸ ਰਾਜਨ ਦੀ ਪ੍ਰਧਾਨਗੀ ਹੇਠ ਜੋ ਰਿਪੋਰਟ 2021 ’ਚ ਤਿਆਰ ਕੀਤੀ ਗਈ ਸੀ, ਉਸ ’ਚ ਉਨ੍ਹਾਂ ਨੇ ਸਪੱਸ਼ਟ ਕਿਹਾ ਸੀ ਕਿ ਜਦੋਂ ਤੱਕ ਇਨ੍ਹਾਂ ਪ੍ਰੀਖਿਆਵਾਂ ਦਾ ਪ੍ਰਬੰਧ ਅਤੇ ਸੰਚਾਲਨ ਰਾਜ ਸਰਕਾਰਾਂ ਨੂੰ ਨਹੀਂ ਦਿੱਤਾ ਜਾਂਦਾ ਇਹ ਪ੍ਰੀਖਿਆਵਾਂ ਨਵੇਂ ਸੰਕਟ ਨੂੰ ਜਨਮ ਦਿੰਦੀਆਂ ਰਹਿਣਗੀਆਂ। ਕਮੇਟੀ ਨੇ 165 ਪੰਨਿਆਂ ਦੀ ਰਿਪੋਰਟ ਵਿੱਚ 2010 ਤੋਂ 2021 ਤੱਕ ਨੀਟ ਪ੍ਰੀਖਿਆਵਾਂ ਦਾ ਭਰਵਾਂ ਵਿਸ਼ਲੇਸ਼ਣ ਕੀਤਾ ਸੀ ਕਿ ਕਿਸ ਤਰ੍ਹਾਂ ਇਨ੍ਹਾਂ ਪ੍ਰੀਖਿਆਵਾਂ ਨੇ ਤਾਮਿਲਨਾਡੂ ਦੇ ਮੈਡੀਕਲ ਕਾਲਜਾਂ ਦੇ ਦਾਖ਼ਲਿਆਂ ਨੂੰ ਪ੍ਰਭਾਵਿਤ ਕੀਤਾ ਹੈ। ਉਨ੍ਹਾਂ ਸਪੱਸ਼ਟ ਕਿਹਾ ਕਿ ਸਿਰਫ਼ ਤੇ ਸਿਰਫ਼ 12ਵੀਂ ਦੀ ਪ੍ਰੀਖਿਆ ਦੇ ਅੰਕਾਂ ਦੇ ਆਧਾਰ ’ਤੇ ਹੀ ਮੈਡੀਕਲ ਕਾਲਜਾਂ ਵਿੱਚ ਦਾਖ਼ਲਾ ਹੋਣਾ ਚਾਹੀਦਾ ਹੈ ਅਤੇ ਰਾਜ ਸਰਕਾਰ ਹੀ ਕੋਈ ਆਪਣਾ ਮਾਪਦੰਡ ਇਸ ਨਾਲ ਜੋੜ ਸਕਦੀ ਹੈ। ਰਾਜ ਸਰਕਾਰਾਂ ਕੋਲ ਹਰੇਕ ਪੱਧਰ ਦੀ ਨਿਆਂਇਕ ਅਤੇ ਵਿਧਾਨਕ ਤਾਕਤ ਹੈ ਕਿ ਉਹ ਆਪਣੇ ਕਾਇਦੇ ਕਾਨੂੰਨਾਂ ਅਨੁਸਾਰ ਨੀਟ ਪ੍ਰੀਖਿਆਵਾਂ ਨੂੰ ਖ਼ਤਮ ਕਰਕੇ ਰਾਜ ਪੱਧਰੀ ਪ੍ਰੀਖਿਆਵਾਂ ਰਾਹੀਂ ਦਾਖ਼ਲਾ ਕਰ ਸਕਦੀਆਂ ਹਨ। ਤਾਮਿਲਨਾਡੂ ਸਰਕਾਰ ਨੇ ਐਕਟ 3/2007 ਰਾਹੀਂ ਇਹ ਪਾਸ ਕਰ ਲਿਆ ਸੀ ਕਿ ਰਾਜ ਦੇ ਵੱਖ-ਵੱਖ ਵਿਦਿਆਰਥੀਆਂ ਦਾ ਸਮਾਜਿਕ ਹੱਕ ਤਦ ਹੀ ਬਹਾਲ ਰਹਿ ਸਕਦਾ ਹੈ ਜੇ ਰਾਜ ਪੱਧਰੀ ਸਕੂਲ ਬੋਰਡਾਂ ਰਾਹੀਂ ਪ੍ਰਾਪਤ ਕੀਤੇ ਅੰਕਾਂ ਦੇ ਆਧਾਰ ’ਤੇ ਉਨ੍ਹਾਂ ਨੂੰ ਮੈਡੀਕਲ ਕਾਲਜਾਂ ਵਿੱਚ ਦਾਖ਼ਲਾ ਮਿਲਦਾ ਹੈ। ਉਨ੍ਹਾਂ ਇਸ ਰਿਪੋਰਟ ਵਿੱਚ ਰਾਜ ਪੱਧਰ ’ਤੇ ਚੱਲ ਰਹੇ 400 ਕੋਚਿੰਗ ਸੈਂਟਰਾਂ ਦਾ ਅਧਿਐਨ ਵੀ ਕੀਤਾ ਕਿ ਪ੍ਰਤੀ ਕੋਚਿੰਗ ਸੈਂਟਰ 13 ਕਰੋੜ ਦੇ ਕਰੀਬ ਕਮਾਈ ਕੀਤੀ ਜਾਂਦੀ ਹੈ, ਜੋ ਲੋਕਾਂ ਦੀ 5200 ਕਰੋੜ ਰੁਪਏ ਦੀ ਲੁੱਟ ਦੇ ਬਰਾਬਰ ਹੈ। ਇਨ੍ਹਾਂ ਕੋਚਿੰਗ ਸੈਂਟਰਾਂ ਕਰਕੇ ਸਕੂਲਾਂ ਵਿੱਚ ਚੱਲ ਰਹੀ ਵਿਦਿਆਰਥੀਆਂ ਦੀ ਸਿੱਖਣ ਸਿਖਾਉਣ ਦੀ ਪ੍ਰਕਿਰਿਆ ਉਪਰ ਮਾੜਾ ਅਸਰ ਪਿਆ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਇਸ ਸਮੇਂ ਰਾਜ ਸਰਕਾਰਾਂ ਨੂੰ ਕੇਂਦਰ ਦੀ ਇਸ ਨੈਸ਼ਨਲ ਟੈਸਟਿੰਗ ਏਜੰਸੀ ਖ਼ਿਲਾਫ਼ ਖੜ੍ਹੇ ਹੋਣ ਦੀ ਲੋੜ ਹੈ ਕਿਉਂਕਿ ਨੈਸ਼ਨਲ ਟੈਸਟਿੰਗ ਏਜੰਸੀ ਕੋਈ ਸਰਕਾਰੀ ਪੱਧਰ ਦੀ ਸੰਸਥਾ ਨਹੀਂ ਹੈ, ਜਿਵੇਂ ਯੂ ਪੀ ਐੱਸ ਸੀ ਅਤੇ ਹੋਰ ਟੈਸਟਾਂ ਲਈ ਬਣਾਏ ਜਾਂਦੇ ਬੋਰਡ ਹੁੰਦੇ ਹਨ।

ਇਹ ਟੈਸਟਿੰਗ ਏਜੰਸੀ ਦਾ ਸਰਕਾਰੀ ਬਜਟ ਨਾ-ਮਾਤਰ ਹੈ, ਬਲਕਿ ਪਿਛਲੇ ਸਮੇਂ ਵਿੱਚ ਇਸ ਏਜੰਸੀ ਨੇ 3540 ਕਰੋੜ ਰੁਪਏ ਦਾਖ਼ਲਾ ਪ੍ਰੀਖਿਆਵਾਂ ਦੀਆਂ ਫੀਸਾਂ ਤੋਂ ਹੀ ਇਕੱਤਰ ਕੀਤੇ ਹਨ। ਇਸ ਅਦਾਰੇ ਵੱਲੋਂ ਲਈਆਂ ਗਈਆਂ 85 ਪ੍ਰੀਖਿਆਵਾਂ ਵਿੱਚੋਂ 40 ਪ੍ਰੀਖਿਆਵਾਂ ਦੁਬਾਰਾ ਕਰਵਾਉਣੀਆਂ ਪਈਆਂ ਜਿਸ ਨਾਲ ਲੱਖਾਂ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪੇ ਪ੍ਰਭਾਵਿਤ ਹੋਏ ਹਨ। ਤਣਾਅਗ੍ਰਸਤ ਵਿਦਿਆਰਥੀਆਂ ਨੂੰ ਆਤਮਹੱਤਿਆਵਾਂ ਲਈ ਮਜਬੂਰ ਹੋਣਾ ਪਿਆ। ਮੱਧ ਵਰਗ ਅਤੇ ਉੱਚ ਸ਼੍ਰੇਣੀ ਆਪਣੇ ਬੱਚਿਆਂ ਨੂੰ ਵੱਖ-ਵੱਖ ਕੋਚਿੰਗ ਸੈਂਟਰਾਂ ਵਿੱਚ ਭੇਜ ਕੇ ਕਰੋੜਾਂ ਰੁਪਏ ਬਰਬਾਦ ਕਰਦੇ ਹਨ। ਇਕੱਲੇ ਲਾਤੂਰ ਵਿੱਚ ਹੀ ਕੋਚਿੰਗ ਸੈਂਟਰਾਂ ਦਾ 500 ਕਰੋੜ ਰੁਪਏ ਦਾ ਧੰਦਾ ਹੈ। ਤੱਥ ਇਹ ਵੀ ਹੈ ਕਿ ਇਸ ਕਿਸਮ ਦੀਆਂ ਵੱਖ-ਵੱਖ ਪ੍ਰੀਖਿਆਵਾਂ ਰਾਹੀਂ ਸਿੱਖਿਆ ਦਾ ਕੇਂਦਰੀਕਰਨ ਹੋ ਗਿਆ ਹੈ ਅਤੇ ਦੂਸਰੇ ਪਾਸੇ ਰਾਜ ਪੱਧਰੀ ਸਕੂਲ ਬੋਰਡਾਂ ਦੀ ਅਹਿਮੀਅਤ ਘਟਾ ਕੇ ਕੇਂਦਰੀ ਬੋਰਡਾਂ ਦੀ ਮਹੱਤਤਾ ਵਧਾ ਦਿੱਤੀ ਗਈ ਹੈ। ਇਕੱਲੇ ਪੰਜਾਬ ਵਿੱਚ ਹੀ ਇਸ ਸਮੇਂ 1500 ਤੋਂ ਵੱਧ ਸਕੂਲ ਸੀ ਬੀ ਐੱਸ ਸੀ ਨਾਲ ਜੁੜ ਚੁੱਕੇ ਹਨ, ਜਿਨ੍ਹਾਂ ਵਿੱਚ 10 ਲੱਖ ਤੋਂ ਵੱਧ ਬੱਚੇ ਪੜ੍ਹਦੇ ਹਨ ਅਤੇ 82 ਹਜ਼ਾਰ ਅਧਿਆਪਕ 7,000 ਰੁਪਏ ਤੋਂ 25,000 ਰੁਪਏ ਔਸਤਨ ਤਨਖ਼ਾਹ ’ਤੇ ਅਧਿਆਪਨ ਕਾਰਜ ਕਰਦੇ ਹਨ। ਪੰਜਾਬੀ ਜ਼ੁਬਾਨ ਦੀ ਥਾਂ ਅੰਗਰੇਜ਼ੀ ਭਾਸ਼ਾ ਪੂਰੀ ਤਰ੍ਹਾਂ ਤਾਕਤਵਰ ਵਿਵਸਥਾ ਵਿੱਚ ਤਬਦੀਲ ਹੋ ਗਈ ਹੈ। ਵੱਡੀ ਗਿਣਤੀ ਇਹ ਸਕੂਲ ਨਿੱਜੀ ਖੇਤਰ ਦੇ ਵਪਾਰਕ ਮਾਡਲ ਨਾਲ ਜੁੜੇ ਹੋਏ ਹਨ। ਤਾਮਿਲਨਾਡੂ ਦੀ ਰਾਜਨ ਕਮੇਟੀ ਅਨੁਸਾਰ 2010 ਤੋਂ 2020 ਤੱਕ ਸਰਕਾਰੀ ਸਕੂਲਾਂ ਅਤੇ ਉਨ੍ਹਾਂ ਨਾਲ ਸਬੰਧਤ ਸਕੂਲ ਬੋਰਡਾਂ ਵਿੱਚੋਂ ਮੈਡੀਕਲ ਪ੍ਰੀਖਿਆਵਾਂ ਵਿੱਚ ਪ੍ਰਵੇਸ਼ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ 40 ਫ਼ੀਸਦੀ ਤੋਂ ਘਟ ਕੇ 8 ਫ਼ੀਸਦੀ ਰਹਿ ਗਈ ਹੈ। ਇਸ ਦਾ ਨਤੀਜਾ ਇਹ ਨਿਕਲਿਆ ਕਿ ਸਰਕਾਰੀ ਸਕੂਲਾਂ ਪ੍ਰਤੀ ਲੋਕਾਂ ਦਾ ਮੋਹ ਭੰਗ ਹੋ ਗਿਆ। ਪਹਿਲਾਂ ਵੱਖ-ਵੱਖ ਪੱਛੜੇ ਅਤੇ ਦਲਿਤ ਭਾਈਚਾਰਿਆਂ ਨਾਲ ਸਬੰਧਤ ਬੱਚੇ ਵੀ ਮੈਡੀਕਲ ਸਿੱਖਿਆ ਵਿੱਚ ਪ੍ਰਵੇਸ਼ ਕਰ ਜਾਂਦੇ ਸਨ। ਰਿਪੋਰਟ ਨੇ ਵਿਸ਼ੇਸ਼ ਜ਼ਿਕਰ ਕੀਤਾ ਹੈ ਕਿ ਪੇਂਡੂ ਖੇਤਰ ਵਿੱਚ ਸੇਵਾਵਾਂ ਪ੍ਰਦਾਨ ਕਰਨ ਵਾਲੇ ਡਾਕਟਰਾਂ ਦੀ ਗਿਣਤੀ ਵਿੱਚ ਵੱਡੀ ਕਮੀ ਆਈ ਹੈ ਅਤੇ ਸਿਹਤ ਸਹੂਲਤਾਂ ਉਪਰ ਮਾੜਾ ਪ੍ਰਭਾਵ ਪਿਆ ਹੈ।

ਪੰਜਾਬ ਦੀ ਹੁਕਮਰਾਨ ਪਾਰਟੀ ਨੇ ਨੀਟ ਦੇ ਸਵਾਲ ਉਪਰ ਸਿਰਫ਼ ਇਹ ਹੀ ਕਿਹਾ ਹੈ ਕਿ ਨੀਟ ਪ੍ਰੀਖਿਆ ਵਿੱਚ ਜਾਣ ਵਾਲੇ ਵਿਦਿਆਰਥੀਆਂ ਨੂੰ ਆਉਣ-ਜਾਣ ਦੀ ਸਹੂਲਤ ਦਿੱਤੀ ਜਾਵੇਗੀ ਜਦੋਂਕਿ ਨੀਤੀਗਤ ਸਵਾਲ ਉਪਰ ਖ਼ਾਮੋਸ਼ੀ ਧਾਰੀ ਹੋਈ ਹੈ। ਪੰਜਾਬ ਅਤੇ ਚੰਡੀਗੜ੍ਹ ਦੇ ਵੱਖ-ਵੱਖ ਕੋਚਿੰਗ ਸੈਂਟਰ ਵੀ ਅੰਦਾਜ਼ਨ 6 ਹਜ਼ਾਰ ਕਰੋੜ ਦੀ ਕਮਾਈ ਕਰਦੇ ਹਨ। ਨੌਵੀਂ ਤੋਂ ਬਾਰ੍ਹਵੀਂ ਤੱਕ ਦੇ ਵਿਦਿਆਰਥੀ ਇਨ੍ਹਾਂ ਕੋਚਿੰਗ ਸੈਂਟਰਾਂ ਵਿੱਚ ਹੀ ਆਪਣਾ ਸਮਾਂ ਗੁਜ਼ਾਰਦੇ ਹਨ ਅਤੇ ਸਕੂਲਾਂ ਵਿੱਚ ਸਿਖਣ-ਸਿਖਾਉਣ ਦੀ ਪ੍ਰਕਿਰਿਆ ਵਿੱਚ ਸ਼ਾਮਲ ਨਹੀਂ ਹੋ ਰਹੇ। ਪੰਜਾਬ ਸਕੂਲ ਸਿੱਖਿਆ ਬੋਰਡ ਦੀ ਅਹਿਮੀਅਤ ਲਗਾਤਾਰ ਘਟਦੀ ਜਾ ਰਹੀ ਹੈ, ਵੱਡਾ ਹਿੱਸਾ ਸੀ ਬੀ ਐੱਸ ਸੀ ਬੋਰਡ ਵੱਲ ਝੁਕ ਗਿਆ ਹੈ। ਇਸ ਗੰਭੀਰ ਸਵਾਲ ਉਪਰ ਰਾਜ ਪੱਧਰ ’ਤੇ ਕਿਸੇ ਵੀ ਕਮੇਟੀ ਜਾਂ ਕਮਿਸ਼ਨ ਨੇ ਅਜੇ ਤੱਕ ਕੋਈ ਕਾਰਜ ਨਹੀਂ ਕੀਤਾ ਅਤੇ ਨਾ ਹੀ ਸਰਕਾਰਾਂ ਵੱਲੋਂ ਕਰਵਾਇਆ ਗਿਆ ਹੈ ਕਿ ਕਿਸ ਤਰ੍ਹਾਂ ਇਨ੍ਹਾਂ ਪ੍ਰੀਖਿਆਵਾਂ ਨੇ ਘੱਟ ਆਮਦਨ ਵਾਲੇ ਵੱਖ-ਵੱਖ ਹਿੱਸਿਆਂ ਨੂੰ ਪ੍ਰਭਾਵਿਤ ਕੀਤਾ ਹੈ ਅਤੇ ਕਿਸ ਤਰ੍ਹਾਂ ਪੰਜਾਬ ਦੀ ਮੈਡੀਕਲ ਸਿੱਖਿਆ ਵਿੱਚ ਤਬਦੀਲੀ ਆਈ ਹੈ। ਇਹ ਨੀਟ ਪ੍ਰੀਖਿਆਵਾਂ ਪੰਜਾਬ ਦੇ ਹਜ਼ਾਰਾਂ ਬੱਚਿਆਂ ’ਤੇ ਮਾਨਸਿਕ ਅਤੇ ਆਰਥਿਕ ਬੋਝ ਪਾ ਰਹੀਆਂ ਹਨ। ਜੋ ਸਵਾਲ ਰਾਜ ਪੱਧਰ ’ਤੇ ਨਜਿੱਠਣ ਵਾਲੇ ਹੁੰਦੇ ਹਨ, ਉਨ੍ਹਾਂ ਦਾ ਕੇਂਦਰੀਕਰਨ ਕਰਨਾ ਬੱਚਿਆਂ ਨਾਲ ਵੱਡੀ ਬੇਇਨਸਾਫ਼ੀ ਹੈ। ਇਨ੍ਹਾਂ ਸਵਾਲਾਂ ਨੂੰ ਤਾਮਿਲਨਾਡੂ ਦੀ ਰਾਜਨ ਕਮੇਟੀ ਨੇ ਸਮਝਿਆ ਅਤੇ ਸਪੱਸ਼ਟ ਪੁਜੀਸ਼ਨ ਲਈ ਕਿ ਪ੍ਰੀਖਿਆਵਾਂ ਲੈਣਾ ਰਾਜ ਦਾ ਅਧਿਕਾਰ ਖੇਤਰ ਹੈ ਕਿਉਂਕਿ ਉਨ੍ਹਾਂ ਨੇ ਆਪਣੇ ਰਾਜ ਦੇ ਵਿਕਾਸ ਲਈ ਸਿਹਤ ਸਹੂਲਤਾਂ ਨੂੰ ਵਿਕਸਤ ਕਰਨਾ ਹੁੰਦਾ ਹੈ। ਪਰੰਤੂ ਪੰਜਾਬ ਵਿੱਚ ਇਸ ਸਵਾਲ ’ਤੇ ਨਾ ਤਾਂ ਕੋਈ ਚਰਚਾ ਹੈ ਅਤੇ ਨਾ ਹੀ ਇਸ ਦਿਸ਼ਾ ’ਚ ਸੋਚਿਆ ਜਾ ਰਿਹਾ ਹੈ। ਇਨ੍ਹਾਂ ਨੀਤੀਗਤ ਪਹਿਲੂਆਂ ਉਪਰ ਗੌਰ ਕਰਨ ਦੀ ਲੋੜ ਹੈ; ਨੀਟ ਪ੍ਰੀਖਿਆਵਾਂ, ਸੀ ਬੀ ਐੱਸ ਸੀ ਦਾ ਰੋਲ, ਕੋਚਿੰਗ ਸੈਂਟਰਾਂ ਰਾਹੀਂ ਉਤਪੰਨ ਹੋ ਰਿਹਾ ਸਿੱਖਣ-ਸਿਖਾਉਣ ਦਾ ਸੰਕਟ, ਸਕੂਲ ਬੋਰਡਾਂ ਦੀ ਘਟ ਰਹੀ ਅਹਿਮੀਅਤ, ਵੱਖ-ਵੱਖ ਮਾਂ-ਬੋਲੀਆਂ ਨੂੰ ਸਿੱਧੇ ਜਾਂ ਅਸਿੱਧੇ ਰੂਪ ਵਿੱਚ ਸਿੱਖਿਆ ਦੇ ਵੱਡੇ ਢਾਂਚੇ ਵਿੱਚੋਂ ਬਾਹਰ ਕੱਢਣਾ, ਸਿੱਖਿਆ ਦੇ ਕੇਂਦਰੀਕਰਨ ਰਾਹੀਂ ਸਮੁੱਚੇ ਰਾਜ ਪੱਧਰੀ ਸਿੱਖਿਆ ਤੰਤਰ ਨੂੰ ਤਹਿਸ-ਨਹਿਸ ਕਰਨਾ। ਇਹ ਸਵਾਲ ਨੈਸ਼ਨਲ ਟੈਸਟਿੰਗ ਏਜੰਸੀ ਦੀ ਅਣਗਹਿਲੀ ਅਤੇ ਲਾਪ੍ਰਵਾਹੀ ਨੇ ਖੜ੍ਹੇ ਕਰ ਦਿੱਤੇ ਹਨ, ਜਿਨ੍ਹਾਂ ਦੇ ਅਜੇ ਤੱਕ ਜਵਾਬ ਨਹੀਂ ਮਿਲੇ ਹਨ ਕਿਉਂਕਿ ਇਹ ਕੋਈ ਯੂ ਪੀ ਐੱਸ ਸੀ ਅਤੇ ਪੀ ਪੀ ਐੱਸ ਸੀ ਵਰਗੀ ਸੰਸਥਾ ਨਹੀਂ ਹੈ। ਹਾਲਾਂਕਿ ਸਾਲ 1964-66 ਵਿੱਚ ਕੁਠਾਰੀ ਕਮਿਸ਼ਨ ਨੇ ਸਪੱਸ਼ਟ ਕਿਹਾ ਸੀ ਕਿ ਪ੍ਰੀਖਿਆਵਾਂ ਦੇ ਬਦਲਦੇ ਢੰਗ ਤਰੀਕਿਆਂ ਨੂੰ ਧਿਆਨ ਵਿੱਚ ਰੱਖਦੇ ਹੋਏ ਰਾਜ ਪੱਧਰੀ ਮੁਲਾਂਕਣ ਸੰਸਥਾਵਾਂ ਦਾ ਨਿਰਮਾਣ ਕਰਨਾ ਚਾਹੀਦਾ ਹੈ ਜੋ ਨਵੀਆਂ ਟੈਸਟਿੰਗ ਤਕਨੀਕਾਂ ਅਤੇ ਉਨ੍ਹਾਂ ਵਿੱਚ ਸੁਧਾਰ ਕਰ ਕੇ ਪ੍ਰੀਖਿਆਵਾਂ ਲੈਣ ਦੇ ਯੋਗ ਹੋਣ। ਇਸ ਵਿੱਚ ਰਾਜ ਪੱਧਰ ਦੀਆਂ ਯੂਨੀਵਰਸਿਟੀਆਂ, ਬੋਰਡਾਂ ਅਤੇ ਮਾਹਿਰਾਂ ਨੂੰ ਸਮੇਂ-ਸਮੇਂ ਸ਼ਾਮਿਲ ਕਰਨਾ ਚਾਹੀਦਾ ਹੈ। ਅੱਜ ਇਸ ਦੀ ਬਹੁਤ ਲੋੜ ਹੈ। ਰਾਜਨ ਕਮੇਟੀ ਵਾਂਗ ਪੰਜਾਬ ਸਰਕਾਰ ਨੂੰ ਇਸ ਦਿਸ਼ਾ ਵੱਲ ਕਦਮ ਪੁੱਟਣੇ ਚਾਹੀਦੇ ਹਨ।

*** ਸਿੱਖਿਆ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਅਤੇ ਰਿਸਰਚ ਫੈਕਲਟੀ, ਆਈ ਡੀ ਸੀ, ਚੰਡੀਗੜ੍ਹ।**

# ਗੰਗੂਵਾਲ ਦੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਟਰੇਡਰਜ਼ ਕਮਿਸ਼ਨ ਦੀ ਬੈਠਕ

## ਭਗਵੰਤ ਮਾਨ ਸਰਕਾਰ ਨੇ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਧਾਨ ਸਭਾ ਪੱਧਰ ‘ਤੇ ਕਮਿਸ਼ਨਾਂ ਦਾ ਗਠਨ ਕੀਤਾ : ਡੀ.ਐਸ.ਪੀ

**ਸ੍ਰੀ ਆਨੰਦਪੁਰ ਸਾਹਿਬ, 20 ਜੂਨ**
**-ਸ਼.ਅ.ਬਿਓਰੋ-**



ਸ੍ਰੀ ਅਨੰਦਪੁਰ ਸਾਹਿਬ ਹਲਕੇ ਦੇ ਵਪਾਰੀਆਂ ਦੀਆਂ ਦਰਪੇਸ਼ ਸਮੱਸਿਆਵਾਂ ਦੇ ਤੁਰੰਤ ਅਤੇ ਪ੍ਰਭਾਵਸ਼ਾਲੀ ਹੱਲ ਨੂੰ ਯਕੀਨੀ ਬਣਾਉਣ ਲਈ ਟਰੇਡਰਜ਼ ਕਮਿਸ਼ਨ ਦੀ ਇੱਕ ਮਹੱਤਵਪੂਰਨ ਬੈਠਕ ਬੱਸ ਸਟੈਂਡ ਗੰਗੂਵਾਲ ਵਿਖੇ ਕੀਤੀ ਗਈ।

ਇਸ ਬੈਠਕ ਦੀ ਅਗਵਾਈ ਪੰਜਾਬ ਟ੍ਰੇਡ ਕਮਿਸ਼ਨ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਅਰੋੜਾ ਵੱਲੋਂ ਕੀਤੀ ਗਈ, ਜਿਸ ਵਿੱਚ ਡੀ.ਐਸ.ਪੀ ਨਵੀਨ ਕੁਮਾਰ, ਸੰਦੀਪ ਕੁਮਾਰ ਤਹਿਸੀਲਦਾਰ, ਦਾਰਾ ਸਿੰਘ ਟਰੇਡ ਕਮਿਸ਼ਨ ਰੂਪਨਗਰ, ਜਤਿਨ ਕਪੂਰ ਥਾਣਾ ਮੁਖੀ ਵੀ ਵਿਸ਼ੇਸ਼ ਤੌਰ ‘ਤੇ ਹਾਜ਼ਰ ਹੋਏ ਸਨ। ਇਸ ਮੌਕੇ ਟਰੇਡਰਜ਼ ਕਮਿਸ਼ਨ ਦੇ ਮੈਂਬਰ, ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਅਤੇ ਵਪਾਰੀ ਭਾਈਚਾਰੇ ਦੇ ਨੁਮਾਇੰਦਿਆਂ ਨੇ ਭਾਗ ਲਿਆ।

ਨਵੀਨ ਕੁਮਾਰ ਡੀ.ਐਸ.ਪੀ ਨੇ ਕਿਹਾ ਕਿ ਮੁੱਖ ਮੰਤਰੀ ਸ.ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵਪਾਰੀਆਂ ਦੀ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਵਿਧਾਨ ਸਭਾ ਹਲਕੇ ਪੱਧਰ ‘ਤੇ ਟਰੇਡਰਜ਼ ਕਮਿਸ਼ਨ ਦਾ ਗਠਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਕਮਿਸ਼ਨ ਦਾ ਮੁੱਖ ਉਦੇਸ਼ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਸੁਣਨਾ ਅਤੇ ਉਨ੍ਹਾਂ ਦਾ ਸਮਾਂਬੱਧ ਢੰਗ ਨਾਲ ਨਿਪਟਾਰਾ ਕਰਨਾ ਹੈ, ਤਾਂ ਜੋ ਵਪਾਰਕ ਗਤੀਵਿਧੀਆਂ ਨੂੰ ਹੋਰ ਸੁਚਾਰੂ ਬਣਾਇਆ ਜਾ ਸਕੇ।

ਡਾ.ਸੰਜੀਵ ਗੌਤਮ ਜਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ ਨੇ ਕਿਹਾ ਕਿ ਵਪਾਰੀਆਂ ਵੱਲੋਂ ਉਠਾਈਆਂ ਜਾਣ ਵਾਲੀ ਹਰ ਸਮੱਸਿਆ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ ਅਤੇ ਸੰਬੰਧਿਤ ਵਿਭਾਗਾਂ ਦੇ ਸਹਿਯੋਗ ਨਾਲ ਉਨ੍ਹਾਂ ਦਾ ਜਲਦੀ ਨਿਪਟਾਰਾ ਯਕੀਨੀ ਬਣਾਇਆ ਜਾਵੇਗਾ।

ਉਨ੍ਹਾਂ ਵਪਾਰੀ ਭਾਈਚਾਰੇ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਸਮੱਸਿਆਵਾਂ ਦੇ ਹੱਲ ਲਈ ਟਰੇਡਰਜ਼ ਕਮਿਸ਼ਨ ਨਾਲ ਸਿੱਧਾ ਰਾਬਤਾ ਕਰਨ, ਤਾਂ ਜੋ ਉਨ੍ਹਾਂ ਦੀਆਂ ਮੰਗਾਂ ਦਾ ਤੁਰੰਤ ਨਿਪਟਾਰਾ ਕੀਤਾ ਜਾ ਸਕੇ।

ਇਸ ਦੌਰਾਨ ਸੰਦੀਪ ਕੁਮਾਰ ਤਹਿਸੀਲਦਾਰ ਨੇ ਭਰੋਸਾ ਦਿਵਾਇਆ ਕਿ ਪ੍ਰਸ਼ਾਸਨ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਅਤੇ ਕਮਿਸ਼ਨ ਨਾਲ ਮਿਲ ਕੇ ਕੰਮ ਕਰਦਿਆਂ ਹਰ ਇਕ ਮੁੱਦੇ ਦਾ ਹੱਲ ਪਹਿਲ ਦੇ ਆਧਾਰ ‘ਤੇ ਕੀਤਾ ਜਾਵੇਗਾ। ਬੈਠਕ ਦੌਰਾਨ ਵਪਾਰੀਆਂ ਵੱਲੋਂ ਵੱਖ-ਵੱਖ ਮੁੱਦੇ ਉਠਾਏ ਗਏ, ਜਿਨ੍ਹਾਂ ਵਿੱਚ ਸੁਰੱਖਿਆ, ਟੈਕਸ ਸਬੰਧੀ ਮਸਲੇ, ਲਾਇਸੈਂਸਿੰਗ ਅਤੇ ਹੋਰ ਪ੍ਰਸ਼ਾਸਨਿਕ ਦਿੱਕਤਾਂ ਸ਼ਾਮਲ ਸਨ। ਅਧਿਕਾਰੀਆਂ ਵੱਲੋਂ ਇਨ੍ਹਾਂ ਮਸਲਿਆਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਸੰਬੰਧਿਤ ਵਿਭਾਗਾਂ ਨੂੰ ਤੁਰੰਤ ਕਾਰਵਾਈ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ। ਇਸ ਮੌਕੇ ਸੰਤੋਖ ਸਹਿਗਲ, ਨਵੀਨ ਛਾਬਰਾ, ਮਨਪ੍ਰੀਤ ਸੈਣੀ, ਮਨੀਸ਼ ਕੁਮਾਰ, ਹਰਪ੍ਰੀਤ ਬੇਦੀ, ਪੰਕਜ ਕੁਮਾਰ, ਕੰਵਲ ਤੇ ਵੱਡੀ ਗਿਣਤੀ ਵਿਚ ਵਪਾਰੀ ਹਾਜ਼ਰ ਸਨ।





# ਗੁਰੂ ਗ੍ਰੰਥ ਸਾਹਿਬ ਦੀ ਸੰਪਾਦਨਾ: ਗੁਰੂ ਅਰਜਨ ਦੇਵ ਦਾ ਇਲਾਹੀ ਨਿਸ਼ਚਾ

**ਗਜਨਵਾਲਾ ਸੁਖਵਿੰਦਰ ਸਿੰਘ**

ਗੁਰੂ ਅਰਜਨ ਦੇਵ ਜੀ ਇਕ ਸਵੇਰ ਸ਼ਬਦ ਰਚਨਾ ਕਰ ਰਹੇ ਸਨ। ਉਨ੍ਹਾਂ ਦੇ ਮਨ ਅੰਦਰ ਇਕ ਵਿਚਾਰ ਪੈਦਾ ਹੋਇਆ ਕਿ ਗੁਰੂ ਨਾਨਕ ਦੇਵ ਜੀ ਦਾ ਚਲਾਇਆ ਹੋਇਆ ਨਿਰਮਲ ਪੰਥ ਇਸ ਵੇਲੇ ਇਸ ਧਰਤੀ ’ਤੇ ਪੂਰੀ ਤਰ੍ਹਾਂ ਤਰੱਕੀ ਦੇ ਰਾਹ ’ਤੇ ਚੱਲ ਰਿਹਾ ਹੈ ਅਤੇ ਉੱਘਾ ਸਥਾਨ ਹਾਸਲ ਕਰ ਚੁੱਕਿਆ ਹੈ। ਨਾਨਕ ਪਾਤਸ਼ਾਹ ਤੇ ਦੂਸਰੇ ਗੁਰੂ ਸਾਹਿਬਾਨ ਤਾਂ ਆਪੋ-ਆਪਣੇ ਸਮੇਂ ’ਤੇ ਸ਼ਬਦ ਬਾਣੀ ਰਚ ਕੇ ਇਸ ਫਾਨੀ ਜਹਾਨ ਤੋਂ ਜਾ ਚੁੱਕੇ ਹਨ। ਉਨ੍ਹਾਂ ਦੀ ਪਾਕਿ-ਪਵਿੱਤਰ ਰਚਨਾ ਸਾਡੇ ਪੰਥ ਦੇ ਸੇਵਕਾਂ, ਸ਼ਰਧਾਵਾਨ ਸਿੱਖਾਂ ਅਤੇ ਆਉਣ ਵਾਲੀਆਂ ਨਸਲਾਂ ਲਈ ਰਾਹ ਦਸੇਰਾ ਵਜੋਂ ਪ੍ਰਗਟ ਹੋਣ ਵਾਲੀ ਹੈ। ਉਸ ਇਲਾਹੀ ਬਾਣੀ ਨੂੰ ਹੁਣ ਸੁਰੱਖਿਅਤ ਰੂਪ ਵਿਚ ਸਾਂਭ ਲੈਣਾ ਲਾਜ਼ਮੀ ਹੋ ਗਿਆ ਹੈ। ਬਿਨਾਂ ਕਿਸੇ ਦੇਰੀ ਦੇ ਪਹਿਲੇ ਗੁਰੂ ਸਾਹਿਬਾਨ ਦੀ ਸਾਰੀ ਸ਼ਬਦ ਰਚਨਾ ਨੂੰ ਨੇਮ ਨਾਲ ਅਤੇ ਸਹੀ ਤਰੀਕੇ ਨਾਲ ਪਵਿੱਤਰ ਗ੍ਰੰਥ ਵਿਚ ਤਿਆਰ ਕਰਕੇ ਲੋਕਾਈ ਦੇ ਸਾਹਮਣੇ ਰੱਖਣਾ ਫਰਜ਼ ਬਣ ਗਿਆ ਹੈ।

ਪੰਚਮ ਪਾਤਸ਼ਾਹ ਦੇ ਖਿਆਲਾਂ ਅੰਦਰ ਇਸ ਪਵਿੱਤਰ ਪੋਥੀ ‘ਆਦਿ ਗ੍ਰੰਥ ਸਾਹਿਬ’ ਨੂੰ ਤਿਆਰ ਕਰਨ ਦਾ ਇਕ ਹੋਰ ਠੀਕ ਅਤੇ ਢੁੱਕਵਾਂ ਕਾਰਨ ਵੀ ਸਾਹਮਣੇ ਆਉਂਦਾ ਹੈ। ਕੁਝ ਮਾੜੀਆਂ ਖ਼ਬਰਾਂ ਮਿਲਣ ਕਾਰਨ ਸੂਝਵਾਨ ਸਿੱਖਾਂ ਦੇ ਮਨਾਂ ਵਿਚ ਉਸ ਵੇਲੇ ਵੱਡੀ ਚਿੰਤਾ ਵਾਲੀ ਗੱਲ ਇਹ ਬਣ ਚੁੱਕੀ ਸੀ ਕਿ ਗੁਰੂ ਸਾਹਿਬਾਨ ਵੱਲੋਂ ਉਚਾਰੀ ਬਾਣੀ ਵਿਚ ਖੋਟ ਪਾਈ ਜਾ ਰਹੀ ਹੈ। ਗੁਰੂ ਘਰ ਨਾਲ ਈਰਖਾ ਰੱਖਣ ਵਾਲੇ ਪਾਵਨ ਬਾਣੀ ਵਿਚ ਮਿਲਾਵਟਾਂ ਕਰਨ ਵਿਚ ਸਰਗਰਮ ਹੋ ਚੁੱਕੇ ਹਨ। ਭਟਕਾਉਣ ਵਾਲੇ ਲੋਕ ਗੁਰੂ ਸਾਹਿਬਾਨ ਦੀ ਸੱਚੀ-ਬਾਣੀ ਵਿਚ ਕੱਚੀ ਬਾਣੀ ਦੇ ਰਲੇ ਪਾ ਕੇ ਆਪਣੀ ਵਡਿਆਈ ਲਈ ਪ੍ਰਚਾਰ ਕਰਨ ਵਿਚ ਲੱਗੇ ਹੋਏ ਹਨ। ਇਸ ਬਾਰੇ ਸੁਚੇਤ ਕਰਨ ਵਾਲੀ ਵੱਡੀ ਤੇ ਪੱਕੀ ਗਵਾਹੀ ਤੀਸਰੇ ਗੁਰੂ ਅਮਰਦਾਸ ਜੀ ਦੇ ਉਚਾਰੇ ਬਚਨਾਂ ਰਾਹੀਂ ਸੰਗਤ ਨੂੰ ਪਹਿਲਾਂ ਹੀ ਸ਼ਬਦ ਰੂਪ ਵਿਚ ਮਿਲ ਚੁੱਕੀ ਸੀ।

ਸਤਿਗੁਰੂ ਬਿਨਾ ਹੋਰ ਕਚੀ ਹੈ ਬਾਣੀ॥
ਬਾਣੀ ਤ ਕਚੀ ਸਤਿਗੁਰੂ ਬਾਝਹੁ ਹੋਰ ਕਚੀ ਬਾਣੀ॥

ਇਸ ਤਰ੍ਹਾਂ ਹੀ ਚੌਥੇ ਗੁਰੂ ਰਾਮਦਾਸ ਜੀ ਨੇ ਵੀ ਸਿੱਖਾਂ ਨੂੰ ਸੰਭਲਣ ਤੇ ਗੁਰ-ਬਾਣੀ ਨੂੰ ਸੰਭਾਲਣ ਲਈ ਪਹਿਲਾਂ ਹੀ ਖ਼ਬਰਦਾਰ ਕਰ ਦਿੱਤਾ ਸੀ। ਦਿਲਜਲੇ ਲੋਕ ਆਪਣੇ ਆਪ ਨੂੰ ਉੱਚਾ ਵਿਖਾਉਣ ਲਈ ਗੁਰੂ ਘਰ ਦੀ ਰੀਸ ਕਰਨ ਵਿਚ ਲੱਗੇ ਹਨ। ਉਹ ਗੁਰੂਆਂ ਦੀ ਬਾਣੀ (ਰਚਨਾ) ਨੂੰ ਸੱਟ ਮਾਰਨ ਲਈ ਆਪਣੀ ਖੋਟੀ ਤੇ ਕੱਚੀ ਬਾਣੀ ਸ਼ਾਮਲ ਕਰਨ ਦੀ ਪੂਰੀ ਵਾਹ ਲਾ ਰਹੇ ਹਨ।

ਸਤਿਗੁਰ ਕੀ ਬਾਣੀ ਸਤਿ ਸਰੂਪੁ ਹੈ ਗੁਰਬਾਣੀ ਬਣੀਐ॥
ਸਤਿਗੁਰ ਕੀ ਰੀਸੈ ਹੋਰਿ ਕਚੁ ਪਿਚੁ ਬੋਲਦੇ ਸੇ ਕੂੜਿਆਰ ਕੂੜੇ ਝੜਿ ਪੜੀਐ॥

ਤੀਜੇ ਗੁਰੂ ਅਮਰਦਾਸ ਜੀ ਵੱਲੋਂ ਕੱਚੀ ਬਾਣੀ ਬਾਰੇ ਅਹਿਸਾਸ ਕਰਾਉਣ ਦਾ ਮਕਸਦ ਇਸ ਗੱਲ ਨੂੰ ਸਾਫ਼ ਜਾਂ ਚੇਤੰਨ ਕਰਦਾ ਸੀ ਕਿ ਪਹਿਲੇ ਗੁਰੂ ਸਾਹਿਬਾਨ ਦੀ ਅਸਲ ਬਾਣੀ ਹੋਰਨਾਂ ਹੱਥਾਂ ਵਿਚ ਬਿਲਕੁਲ ਨਹੀਂ ਜਾਣੀ ਚਾਹੀਦੀ। ਇਸ ਨੂੰ ਚੰਗੀ ਤਰ੍ਹਾਂ ਸਾਂਭ ਲੈਣਾ ਪਹਿਲਾ ਕੰਮ ਹੋਣਾ ਚਾਹੀਦਾ ਹੈ। ਗੁਰੂ ਸਾਹਿਬਾਨ ਦੀ ਪਵਿੱਤਰ ਸ਼ਬਦ ਰਚਨਾ ਗੁਰੂ ਸਿਧਾਂਤ ਦੇ ਵਿਰੋਧੀ ਹੱਥਾਂ ’ਚ ਜਾ ਕੇ ਖਰਾਬ ਨਹੀਂ ਹੋਣੀ ਚਾਹੀਦੀ। ਪੰਜਵੇਂ ਪਾਤਸ਼ਾਹ ਦੀ ਗੁਰਿਆਈ ਵੇਲੇ ਹਾਲਾਤ ਪਹਿਲਾਂ ਨਾਲੋਂ ਹੋਰ ਵੀ ਬਹੁਤ ਔਖੇ ਹੋ ਚੁੱਕੇ ਸਨ। ਗੁਰੂ ਘਰ ਦੇ ਵਿਰੋਧੀਆਂ ਵਿਚ ਕੱਚੀ ਬਾਣੀ ਰਚਣ ਦੀ ਰੁਚੀ ਵਧਦੀ



ਜਾ ਰਹੀ ਸੀ। ਸਮੇਂ ਦੀ ਲੋੜ ਨੂੰ ਵੇਖਦਿਆਂ ਸੱਚੀ ਬਾਣੀ ਨੂੰ ਸਾਂਭ ਲੈਣਾ ਤਾਂ ਜ਼ਰੂਰੀ ਹੋ ਹੀ ਗਿਆ ਸੀ, ਸਗੋਂ ਗੁਰੂ ਸਾਹਿਬਾਨ ਦੀ ਬਾਣੀ ਵਿਚ ਪਾਏ ਗਏ ਰਲਿਆਂ ਨੂੰ ਵੱਖਰਾ ਕਰਨਾ ਵੀ ਬਹੁਤ ਜ਼ਰੂਰੀ ਹੋ ਗਿਆ ਸੀ।

ਪੰਚਮ ਪਾਤਸ਼ਾਹ ਦੇ ਸਮੇਂ ਗੁਰੂ-ਘਰ ਵਿਚ ਘਰੋਗੀ ਫੁੱਟ ਬਹੁਤ ਵਧ ਗਈ ਸੀ। ਗੁਰੂ ਸਾਹਿਬ ਦੇ ਵੱਡੇ ਭਾਈ ਪਿਰਥੀ ਚੰਦ ਨੇ ਗੁਰੂ-ਨੂਰ ਦੇ ਵਿਰੁੱਧ ਸਿੱਧੇ ਤੌਰ ’ਤੇ ਵਿਰੋਧੀ ਪੱਖ ਅਪਣਾਇਆ ਹੋਇਆ ਸੀ। ਉਸ ਦਾ ਗੁਰਗੱਦੀ ਦੇ ਹੁਕਮ ਵਿਚ ਹੋ ਕੇ ਚੱਲਣਾ ਤਾਂ ਇਕ ਪਾਸੇ ਰਿਹਾ ਸਗੋਂ ਆਪਣੇ ਆਪ ਨੂੰ ਗੁਰੂ-ਰੂਪ ਮੰਨ ਕੇ ਉਹ ਹੰਕਾਰੀ ਵਿਰੋਧੀ ਵਹਿਣ ਵਿਚ ਵਹਿ ਰਿਹਾ ਸੀ। ਅੱਗੇ ਉਸ ਦਾ ਪੁੱਤਰ ਮਿਹਰਬਾਨ ਵੀ ਗੁਰੂ-ਘਰ ਦੇ ਸਿਧਾਂਤ ਦੇ ਉਲਟ ਚੱਲਦਾ ਹੋਇਆ ਆਪਣੀ ਨਿੱਜੀ ਵਡਿਆਈ ਹਾਸਲ ਕਰਨ ਲਈ ਗੁਰੂ ਸਾਹਿਬਾਨ ਦੇ ਬਰਾਬਰ ‘ਨਾਨਕ’ ਨਾਮ ਵਰਤ ਕੇ ਆਪਣੀ ਬਾਣੀ ਉਚਾਰਨ ਲੱਗ ਪਿਆ ਸੀ।

‘ਬੰਸਾਵਲੀਨਾਮਾ’ ਦੇ ਲੇਖਕ ਕੇਸਰ ਸਿੰਘ ਛਿੱਬਰ ਲਿਖਦੇ ਹਨ ਕਿ ਪੰਚਮ ਪਾਤਸ਼ਾਹ ਵੇਲੇ ਪਿਰਥੀ ਚੰਦ ਦਾ ਪੁੱਤਰ ਮਿਹਰਬਾਨ ਤੇ ਅੱਗੇ ਉਸ ਦਾ ਪੁੱਤਰ ਹਰਿ ਜੀ ਗੁਰਬਾਣੀ ਤੋਂ ਹਟ ਕੇ ਕੱਚੀ ਬਾਣੀ ਲਿਖਣ ਤੇ ਉਸ ਦਾ ਪ੍ਰਚਾਰ ਕਰਨ ਵਿਚ ਮੋਹਰੀ ਬਣੇ ਹੋਏ ਸਨ। ਮਿਹਰਬਾਨ ਆਪਣੇ ਆਪ ਨੂੰ ਗੁਰਗੱਦੀ ਦੇ ਸੱਤਵੇਂ ਗੁਰੂ ਵਜੋਂ ਜ਼ਾਹਰ ਕਰਦਾ ਹੋਇਆ ਆਪਣੀ ਰਚੀ ਹੋਈ ਰਚਨਾ ਵਿਚ ਅਖੀਰ ’ਤੇ ਗੁਰੂ ਸਾਹਿਬਾਨ ਵਾਂਗ ਹੀ ਗੁਰੂ ਨਾਨਕ ਜੀ ਦਾ ਨਾਮ ਲਿਖਣ (ਵਰਤਣ) ਲੱਗ ਪਿਆ ਸੀ।

ਗੁਰੂ ਅਰਜਨ ਦੇਵ ਜੀ ਨੂੰ ਜਦ ਇਸ ਮੰਦਭਾਗੀ ਗੱਲ ਦਾ ਪਤਾ ਲੱਗਾ ਤਾਂ ਉਨ੍ਹਾਂ ਨੇ ਭਾਈ ਗੁਰਦਾਸ ਨੂੰ ਇਸ ਦੀ ਪੜਤਾਲ ਕਰਨ ਦਾ ਹੁਕਮ ਦਿੱਤਾ। ਭਾਈ ਗੁਰਦਾਸ ਜੀ ਗਏ ਤੇ ਵੇਖ-ਪਰਖ ਕੇ ਉਨ੍ਹਾਂ ਨੇ ਗੁਰੂ ਘਰ ਦੀ ਸ਼ਾਨ ਦੇ ਵਿਰੁੱਧ ਚੱਲਣ ਵਾਲਿਆਂ ਨੂੰ ਸਖ਼ਤ ਤਾੜਨਾ ਕੀਤੀ। ਪਰ ਉਹ ਫਿਰ ਵੀ ਸਹੀ ਰਾਹ ’ਤੇ ਨਾ ਆਏ, ਸਗੋਂ ਆਪੂੰ ਗੁਰੂ ਬਣ ਬੈਠੇ ਵਿਰੋਧੀ ਕਾਰਵਾਈਆਂ ਕਰਨ ਵਿਚ ਲੱਗੇ ਰਹੇ। ਉਸ ਤੋਂ ਬਾਅਦ ਭਾਈ ਗੁਰਦਾਸ ਜੀ ਨੇ ਆਪਣੀ ਰਚਨਾ ਵਿਚ ਗੁਰੂ ਘਰ ਨਾਲ ਧੋਖਾ ਕਰਨ ਵਿਚ ਲੱਗੇ ਹੋਏ ਇਸ ਪਿਰਥੀ ਚੰਦ ਘਰਾਣੇ ਨੂੰ ‘ਮੀਣੇ’ ਨਾਮ ਦਿੱਤਾ। ਉਦੋਂ ਤੋਂ ਸਿੱਖਾਂ ਵਿਚ ਪਿਰਥੀ ਚੰਦ ਵਾਲਿਆਂ ਨੂੰ ਮੀਣਿਆਂ ਦਾ ਘਰਾਣਾ ‘ਮੀਣਾ ਸੰਪ੍ਰਦਾਇ’ ਕਿਹਾ ਜਾਣ ਲੱਗਾ।

ਕੇਸਰ ਸਿੰਘ ਛਿੱਬਰ ਅੱਗੇ ਲਿਖਦੇ ਹਨ ਕਿ ਇਨ੍ਹਾਂ ਮੀਣਿਆਂ ਨੇ, ਮਿਹਰਬਾਨ ਤੇ ਉਸ ਦੇ ਪੁੱਤਰ ਹਰਿ ਜੀ ਨੇ, ਗੁਰੂ ਘਰ ਨਾਲ ਵੱਡਾ ਧੋਖਾ ਕਮਾਇਆ। ਉਨ੍ਹਾਂ ਨੇ ਪਹਿਲੇ ਚਾਰ ਗੁਰੂ ਸਾਹਿਬਾਨ ਦੀ ਸੱਚੀ ਬਾਣੀ ਵਿਚ ਆਪਣੀ ਕੱਚੀ ਬਾਣੀ ਦਾ ਰਲਾ ਪਾ ਕੇ ਆਪਣਾ ਹੀ ਇਕ ਗ੍ਰੰਥ ਤਿਆਰ ਕਰ ਲਿਆ। ਨਤੀਜੇ ਵਜੋਂ ਉਲਟਾ ਕੰਮ ਇਹ ਹੋਇਆ ਕਿ ਜੋ ਅਣਜਾਨ ਭੋਲੇ ਗਵੱਈਏ ਡੂੰਮ (ਰਾਗੀ) ਸਨ; ਉਹ ਉਨ੍ਹਾਂ ਮੀਣਿਆਂ ਦੇ ਸ਼ਬਦ ਗਾਉਣ ਲੱਗ ਪਏ। ਉਨ੍ਹਾਂ ਦੇ ਪ੍ਰਚਾਰ ਵੱਲ ਹੋ ਤੁਰੇ। ਕਈ ਪ੍ਰੋਹਤ, ਬ੍ਰਾਹਮਣ, ਰਾਗੀ ਰਾਇ ਬਲਵੰਡ ਤੇ ਸੱਤਾ ਵਰਗੇ ਜੋ ਗੁਰੂ ਘਰ ’ਚੋਂ ਕੱਢੇ ਗਏ ਸਨ, ਮਿਹਰਬਾਨ ਵੱਲ ਚਲੇ ਗਏ ਤੇ ਮੀਣਿਆਂ ਦੀ ਰਚਨਾ ਦਾ ਕੀਰਤਨ ਕਰਨ ਲੱਗ ਪਏ।

ਗੁਰੂ ਅਰਜਨ ਦੇਵ ਜੀ ਇਕ ਵਾਰ ਕਿਸੇ ਧਾਰਮਿਕ ਸਮਾਗਮ ’ਤੇ ਗਏ ਸਨ। ਉਥੇ ਜੋ ਰਾਗੀ ਕੀਰਤਨ ਕਰ ਰਹੇ ਸਨ; ਉਹ ਰਲੇ ਵਾਲੀ (ਕੱਚੀ) ਬਾਣੀ ਗਾ ਰਹੇ ਸੀ। ਇਥੇ ਕਿਸੇ ਸਿੱਖ ਨੇ ਮਿਹਰਬਾਨ ਦਾ ਸ਼ਬਦ ਪੜ੍ਹਿਆ।

ਤਾਂ ਸੁਣ ਵੇਖ ਕੇ ਗੁਰੂ ਜੀ ਨੂੰ ਦੁੱਖ ਹੋਇਆ। ਬੰਸਾਵਲੀਨਾਮਾ ਦਾ ਲਿਖਾਰੀ ਲਿਖਦਾ ਹੈ ਕਿ ਗੁਰਬਾਣੀ ਵਿਚ ਪੈ ਰਹੀ ਖੋਟ ਤੇ ਰਲੇ ਪੈਂਦੇ ਵੇਖ ਕੇ ਗੁਰੂ ਸਾਹਿਬ ਨੇ ਧੁਰ ਕੀ ਬਾਣੀ ਦਾ ਅਸਲੀ ਗ੍ਰੰਥ ਤਿਆਰ ਕਰਨ ਦਾ ਪੱਕਾ ਮਨ ਬਣਾ ਲਿਆ।

ਪੰਚਮ ਪਾਤਸ਼ਾਹ ਦੇ ਮਨ ਵਿਚ ਇਹ ਵਿਚਾਰ ਪੱਕਾ ਹੋ ਗਿਆ ਕਿ ਗੁਰੂ ਸਾਹਿਬਾਨ ਦੀ ਰਚੀ ਅਸਲ ਰਚਨਾ ਨੂੰ ਬਿਨਾਂ ਹੋਰ ਢਿੱਲ-ਮੱਠ ਦੇ ਸਾਂਭ ਲੈਣਾ ਚਾਹੀਦਾ ਹੈ ਅਤੇ ‘ਆਦਿ ਗ੍ਰੰਥ’ ਨਾਮੀ ਪੋਥੀ ਤਿਆਰ ਕਰ ਲੈਣੀ ਹੁਣ ਲਾਜ਼ਮੀ ਹੋ ਗਈ ਹੈ। ਆਦਿ ਗ੍ਰੰਥ ਰਚਣ ਦਾ ਇਕ ਹੋਰ ਮੁੱਖ ਕਾਰਨ ਇਹ ਵੀ ਦੱਸਿਆ ਜਾਂਦਾ ਹੈ ਕਿ ਉਦੋਂ ਸੁਚੇਤ ਲੋਕਾਂ ਵਿਚ ਇਹ ਖਾਸ ਰਿਵਾਇਤ ਪੱਕੀ ਹੋ ਚੁੱਕੀ ਸੀ ਕਿ ਧਰਮ ਦੀ ਪ੍ਰਸਿੱਧੀ ਅਤੇ ਧਰਮ ਨੂੰ ਅੱਗੇ ਵਧੇਰੇ ਫੈਲਾਉਣ ਲਈ ਉਸ ਧਰਮ ਦੀ ਧਰਮ-ਪੋਥੀ ਹੋਣੀ ਬਹੁਤ ਜ਼ਰੂਰੀ ਹੈ। ਇਕ ਤਰ੍ਹਾਂ ਨਾਲ ਉਦੋਂ ਧਰਮ ਲਈ ਉਸ ਦੀ ‘ਧਰਮ ਪੋਥੀ’ ਦਾ ਹੋਣਾ ਲਾਜ਼ਮੀ ਸ਼ਰਤ ਮੰਨੀ ਜਾਂਦੀ ਸੀ। ਉਸ ਵੇਲੇ ਹਰ ਵੱਡੇ ਧਰਮ ਕੋਲ ਆਪੋ-ਆਪਣੀ ਧਰਮ ਪੋਥੀ ਮੌਜੂਦ ਸੀ। ਆਦਿ-ਬੀੜ ਰਚਣ ਦੇ ਹੋਰ ਕਾਰਨਾਂ ਤੋਂ ਇਲਾਵਾ ਵਿਦਵਾਨਾਂ ਦਾ ਮਤ ਹੈ ਕਿ ਇਹ ਅਸੂਲ ਵੀ ਗੁਰੂ ਸਾਹਿਬ ਦੇ ਖਿਆਲਾਂ ਵਿੱਚ ਮੁੱਖ-ਵਿਚਾਰ ਦਾ ਵਿਸ਼ਾ ਬਣਿਆ ਹੋਵੇਗਾ ਕਿ ਸਿੱਖ ਪੰਥ ਕੋਲ ਹਰ-ਹਾਲਤ ਵਿਚ ਆਪਣੀ ਧਰਮ-ਪੋਥੀ ਹੋਣੀ ਜ਼ਰੂਰੀ ਹੈ। ਇਸ ਲਈ ਤੇਜ਼ੀ ਨਾਲ ਵਿਗੜ ਰਹੇ ਹਾਲਾਤ ਨੂੰ ਧਿਆਨ ’ਚ ਰੱਖਦਿਆਂ ਬਿਨਾਂ ਕੋਈ ਦੇਰ ਕੀਤਿਆਂ ‘ਆਦਿ ਗ੍ਰੰਥ’ ਦਾ ਹੋਂਦ ਵਿਚ ਆਉਣਾ ਗੁਰੂ ਸਾਹਿਬ ਜੀ ਦਾ ਮੁੱਖ ਨਿਸ਼ਾਨਾ, ਮੁੱਖ ਮਕਸਦ ਬਣ ਚੁੱਕਾ ਸੀ।

## ਆਗਾਮੀ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਖਿੜੇਗਾ ਕਮਲ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

**ਚੰਡੀਗੜ੍ਹ, 20 ਜੂਨ**
**-ਮਨੋਜ ਸ਼ਰਮਾ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਆਗਾਮੀ ਵਿਧਾਨਸਭਾ ਚੋਣਾਂ ਵਿੱਚ ਪੰਜਾਬ ਵਿੱਚ ਕਮਲ ਖਿੜੇਗਾ। ਹਰਿਆਣਾ ਵਿੱਚ ਡਬਲ ਇੰਜਣ ਦੀ ਸਰਕਾਰ ਜੋ ਹਰ ਵਰਗ ਲਈ ਭਲਾਈਕਾਰੀ ਯੋਜਨਾਵਾਂ ਚਲਾ ਰਹੀ ਹੈ, ਉਸਦੀ ਚਰਚਾ ਪੰਜਾਬ ਵਿੱਚ ਵੀ ਹੈ। ਪੰਜਾਬ ਦੀ ਮੌਜੂਦਾ ਸਰਕਾਰ ਨੇ ਸਿਰਫ਼ ਵੱਡੀਆਂ-ਵੱਡੀਆਂ ਗੱਲਾਂ ਕਰਕੇ ਵੋਟਾਂ ਹਾਸਲ ਕੀਤੀਆਂ ਹਨ ਅਤੇ ਹੁਣ ਉੱਥੋਂ ਦੀ ਸਰਕਾਰ ਨੇ ਪੰਜਾਬ ਦੀ ਜਨਤਾ ਨੂੰ ਉਨ੍ਹਾਂ ਦੇ ਹਾਲ ’ਤੇ ਛੱਡ ਦਿੱਤਾ ਹੈ, ਪਰ ਪੰਜਾਬ ਦੇ ਲੋਕ ਵਿਕਾਸ ਚਾਹੁੰਦੇ ਹਨ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸਿਰਸਾ ਦੇ ਪੰਚਾਇਤ ਭਵਨ ਵਿੱਚ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਹੱਲ ਕਮੇਟੀ ਦੀ ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕੀਤੀ। ਇਸ ਦੌਰਾਨ ਉਨ੍ਹਾਂ ਕਿਹਾ ਕਿ ਅੱਜ ਆਮ ਲੋਕ ਭਾਜਪਾ ਦੀਆਂ ਭਲਾਈਕਾਰੀ ਨੀਤੀਆਂ ਤੋਂ ਲਾਭ ਲੈ ਰਹੇ ਹਨ। ਇੱਕ ਸੁਆਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਅਸੀਂ ਗੁਰੂਆਂ ਦੀ ਕਿਰਪਾ ਸਦਕਾ ਇੱਥੇ ਬੈਠੇ ਹਾਂ ਅਤੇ ਜਦੋਂ-ਜਦੋਂ ਧਰਮ ’ਤੇ ਸੰਕਟ ਆਇਆ ਤਾਂ ਮਹਾਂਪੁਰਸ਼ਾਂ ਨੇ ਦੇਸ਼-ਧਰਮ ਦੀ ਰੱਖਿਆ ਲਈ ਆਪਣੀਆਂ ਪੀੜ੍ਹੀਆਂ ਦੀਆਂ ਕੁਰਬਾਨੀਆਂ ਦਿੱਤੀਆਂ ਹਨ। ਪੰਚਕੂਲਾ ਵਿੱਚ ਸ਼੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਦਿਵਸ ਵੀ ਮਨਾਇਆ ਗਿਆ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਵੀ ਉਨ੍ਹਾਂ ਦੇ ਜੀਵਨ ਤੋਂ ਪ੍ਰੇਰਨਾ ਲੈ ਸਕਣ, ਜਿਨ੍ਹਾਂ ਨੇ ਆਪਣੇ ਪੂਰੇ ਪਰਿਵਾਰ ਨੂੰ ਦੇਸ਼ ਅਤੇ ਧਰਮ ’ਤੇ ਨਿਛਾਵਰ ਕਰ ਦਿੱਤਾ।

ਨੀਟ ਦੀ ਮੁੜ-ਪ੍ਰੀਖਿਆ ਨੂੰ ਲੈ ਕੇ ਪੁੱਛੇ ਗਏ ਸੁਆਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਪ੍ਰੀਖਿਆਰਥੀਆਂ ਨੂੰ ਕਿਸੇ ਤਰ੍ਹਾਂ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ, ਉਨ੍ਹਾਂ ਲਈ ਮੁਫ਼ਤ ਬੱਸ ਸੇਵਾ ਦੀ ਸਹੂਲਤ ਵੀ ਦਿੱਤੀ ਗਈ ਹੈ। ਮੁੱਖ ਮੰਤਰੀ ਨੇ ਇੱਕ ਹੋਰ ਸੁਆਲ ਦੇ ਜਵਾਬ ਵਿੱਚ ਕਿਹਾ ਕਿ ਵਿਰੋਧੀ ਧਿਰ ਦੇ ਲੋਕ ਸਿਰਫ਼ ਰਾਜਨੀਤੀ ਕਰ ਰਹੇ ਹਨ।

## ਟੈਕਸੀ ਸਟੈਂਡਾਂ ਦਾ ਵਫਦ ਕਾਲਕਾ ਦੀ ਅਗਵਾਈ ਵਿੱਚ ਮਨਜਿੰਦਰ ਸਿੰਘ ਸਿਰਸਾ ਨੂੰ ਮਿਲਿਆ

**ਨਵੀਂ ਦਿੱਲੀ, 20 ਜੂਨ**
**-ਚੌਧਰੀ ਪ੍ਰਭਜੀਤ ਸਿੰਘ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਦੀ ਅਗਵਾਈ ਵਿੱਚ ਅੱਜ ਇਥੇ ਪੂਰਬੀ ਦਿੱਲੀ ਦੇ ਵੱਖ-ਵੱਖ ਟੈਕਸਾਂ ਦੇ ਪ੍ਰਤੀਨਿਧੀਆਂ ਦਾ ਇੱਕ ਵਫ਼ਦ ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਸਰਦਾਰ ਮਨਜਿੰਦਰ ਸਿੰਘ ਸਿਰਸਾ ਨੂੰ ਮਿਲਿਆ ।



ਇਸ ਮੀਟਿੰਗ ਵਿੱਚ ਟੈਕਸੀ ਸਟੈਂਡਾਂ ਦੇ ਵੱਖ-ਵੱਖ ਮੁੱਦਿਆਂ ਬਾਰੇ ਬੜੇ ਹੀ ਸਦਭਾਵਨਾਪੂਰਨ ਮਾਹੌਲ ਵਿੱਚ ਮੀਟਿੰਗ ਹੋਈ।ਸ. ਕਾਲਕਾ ਨੇ ਦੱਸਿਆ ਕਿ ਦਿੱਲੀ ਸਰਕਾਰ ਦੇ ਕੈਬਨਿਟ ਮੰਤਰੀ ਸ. ਮਨਜਿੰਦਰ ਸਿੰਘ ਸਿਰਸਾ ਨਾਲ ਬਹੁਤ ਹੀ ਸਕਾਰਾਤਮਕ ਅਤੇ ਉਸਾਰੂ ਮਾਹੌਲ ਵਿੱਚ ਮੀਟਿੰਗ ਹੋਈ। ਉਨ੍ਹਾਂ ਕਿਹਾ ਕਿ ਇਸ ਮੀਟਿੰਗ ਵਿੱਚ ਟੈਕਸੀ ਸਟੈਂਡ ਮੈਂਬਰਾਂ ਦੀਆਂ ਜਾਇਜ਼ ਮੰਗਾਂ ਅਤੇ ਮੁਸ਼ਕਲਾਂ ਦੇ ਹੱਲ ਲਈ ਲੋੜੀਂਦੇ ਕਦਮ ਚੁੱਕਣ ਬਾਰੇ ਵਿਚਾਰ ਕੀਤਾ ਗਿਆ।

## ਮਾਲੇਰਕੋਟਲਾ ਪੁਲਿਸ ਵੱਲੋਂ ਅਪਰਾਧਿਕ ਅਨਸਰਾਂ ਖ਼ਿਲਾਫ਼ ਵੱਡੀ ਕਾਰਵਾਈ

## ਦੋ ਵੱਖ-ਵੱਖ ਮਾਮਲਿਆਂ ਵਿੱਚ 02 ਦੋਸ਼ੀ ਗ੍ਰਿਫ਼ਤਾਰ, 3 ਨਾਜਾਇਜ਼ ਅਸਲੇ, ਨਸ਼ੀਲੀਆਂ ਗੋਲੀਆਂ ਅਤੇ ਵਾਹਨ ਬਰਾਮਦ

**ਮਲੇਰਕੋਟਲਾ, 20 ਜੂਨ**
**-ਸ਼.ਅ.ਬਿਓਰੋ-**

ਸੀਨੀਅਰ ਕਪਤਾਨ ਪੁਲਿਸ ਮਾਲੇਰਕੋਟਲਾ ਗੁਰਮੀਤ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਪੁਲਿਸ ਵੱਲੋਂ ਅਪਰਾਧਿਕ ਅਨਸਰਾਂ ਅਤੇ ਨਾਜਾਇਜ਼ ਅਸਲਾ ਰੱਖਣ ਵਾਲੇ ਵਿਅਕਤੀਆਂ ਖ਼ਿਲਾਫ਼ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਦੋ ਵੱਖ-ਵੱਖ ਕਾਰਵਾਈਆਂ ਦੌਰਾਨ ਦੋ ਖ਼ਤਰਨਾਕ ਅਪਰਾਧੀਆਂ ਨੂੰ ਕਾਬੂ ਕਰਕੇ ਉਨ੍ਹਾਂ ਪਾਸੋਂ ਨਾਜਾਇਜ਼ ਅਸਲਾ, ਕਾਰਤੂਸ, ਨਸ਼ੀਲੀਆਂ ਗੋਲੀਆਂ ਅਤੇ ਇੱਕ ਕਾਰ ਬਰਾਮਦ ਕੀਤੀ ਗਈ ਹੈ।



ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸ.ਐੱਸ.ਪੀ. ਗੁਰਮੀਤ ਸਿੰਘ ਨੇ ਦੱਸਿਆ ਕਿ ਥਾਣਾ ਸਦਰ ਅਹਿਮਦਗੜ੍ਹ ਦੀ ਪੁਲਿਸ ਵੱਲੋਂ ਮੁਖ਼ਬਰ ਦੀ ਸੂਚਨਾ ਦੇ ਆਧਾਰ ’ਤੇ ਕੀਤੀ ਗਈ ਕਾਰਵਾਈ ਦੌਰਾਨ ਏ.ਐਸ.ਆਈ ਕੁਲਵੀਰ ਸਿੰਘ ਚੌਕੀ ਇੰਚਾਰਜ ਜੋੜੇਪੁਲ ਵੱਲੋਂ ਜਸਕਰਨ ਸਿੰਘ ਉਰਫ਼ ਘੋੜਾ ਪੁੱਤਰ ਜਰਨੈਲ ਸਿੰਘ ਵਾਸੀ ਪਿੰਡ ਭੈਣੀ ਖੁਰਦ (ਮੁਹੰਮਦ ਨਗਰ), ਥਾਣਾ ਅਮਰਗੜ੍ਹ, ਜ਼ਿਲ੍ਹਾ ਮਾਲੇਰਕੋਟਲਾ ਨੂੰ ਕਾਬੂ ਕੀਤਾ ਗਿਆ। ਤਲਾਸ਼ੀ ਦੌਰਾਨ ਉਸ ਪਾਸੋਂ ਇੱਕ ਦੇਸੀ ਕੱਟਾ .315 ਬੋਰ, ਇੱਕ ਪਿਸਤੌਲ .32 ਬੋਰ ਸਮੇਤ ਮੈਗਜ਼ੀਨ ਅਤੇ 02 ਜਿੰਦਾ ਕਾਰਤੂਸ ਬਰਾਮਦ ਹੋਏ। ਇਸ ਸਬੰਧੀ ਮੁਕੱਦਮਾ ਨੰਬਰ 106 ਮਿਤੀ 18.06.2026 ਅਧੀਨ ਧਾਰਾ 25/54/59 ਆਰਮਜ਼ ਐਕਟ ਥਾਣਾ ਸਦਰ ਅਹਿਮਦਗੜ੍ਹ ਵਿਖੇ ਦਰਜ ਕੀਤਾ ਗਿਆ ਹੈ।

ਐੱਸ.ਐੱਸ.ਪੀ. ਨੇ ਦੱਸਿਆ ਕਿ ਮੁੱਢਲੀ ਪੁੱਛਗਿੱਛ ਦੌਰਾਨ ਇਹ ਸਾਹਮਣੇ ਆਇਆ ਹੈ ਕਿ ਮੁਲਜ਼ਮ ਕਿਸੇ ਵੱਡੀ ਅਪਰਾਧਿਕ ਵਾਰਦਾਤ ਨੂੰ ਅੰਜਾਮ ਦੇਣ ਦੀ ਫਿਰਾਕ ਵਿੱਚ ਸੀ। ਮੁਲਜ਼ਮ ਖ਼ਿਲਾਫ਼ ਪਹਿਲਾਂ ਵੀ ਅਪਰਾਧਿਕ ਮਾਮਲੇ ਦਰਜ ਹਨ ਅਤੇ ਉਸ ਤੋਂ ਹੋਰ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ।

ਇਸੇ ਤਰ੍ਹਾਂ ਅਮਰਗੜ੍ਹ ਵਿਖੇ ਡੀ.ਐਸ.ਪੀ ਅਮਰਗੜ੍ਹ ਸੰਜੀਵ ਕਪੂਰ ਦੀ ਅਗਵਾਈ ਹੇਠ, ਇੰਸਪੈਕਟਰ ਹਰਜਿੰਦਰ ਸਿੰਘ (ਸੀ.ਆਈ.ਏ) ਮਾਹੋਰਾਣਾ, ਐਸ.ਐਚ.ਓ ਅਮਰਗੜ੍ਹ ਥਾਣੇਦਾਰ ਜਗਸੀਰ ਸਿੰਘ ਦੀ ਟੀਮ ਵੱਲੋਂ ਕਾਰਵਾਈ ਦੌਰਾਨ ਯੋਗੇਸ਼ ਕੁਮਾਰ ਉਰਫ਼ ਦੱਦੂ ਪੁੱਤਰ ਰਾਜੇਸ਼ ਕੁਮਾਰ ਵਾਸੀ ਧੱਕਾ ਬਸਤੀ, ਜੀਵਨ ਨਗਰ, ਸੋਹੀਆਂ ਰੋਡ, ਸੰਗਰੂਰ ਨੂੰ ਗ੍ਰਿਫ਼ਤਾਰ ਕੀਤਾ ਗਿਆ। ਮੁਲਜ਼ਮ ਦੇ ਕਬਜ਼ੇ ਵਿੱਚੋਂ ਇੱਕ ਸਵਿਫਟ ਕਾਰ, ਇੱਕ ਨਾਜਾਇਜ਼ ਪਿਸਤੌਲ ਸਮੇਤ 04 ਜਿੰਦਾ ਕਾਰਤੂਸ ਅਤੇ 300 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ ਗਈਆਂ।

ਜਾਂਚ ਦੌਰਾਨ ਇਹ ਵੀ ਸਾਹਮਣੇ ਆਇਆ ਕਿ ਉਕਤ ਕਾਰ ਉੱਪਰ ਜਾਅਲੀ ਨੰਬਰ ਪਲੇਟ ਲਗਾਈ ਹੋਈ ਸੀ। ਇਸ ਸਬੰਧੀ ਮੁਕੱਦਮਾ ਨੰਬਰ 209 ਮਿਤੀ 17.06.2026 ਅਧੀਨ ਧਾਰਾ 25/54/59 ਆਰਮਜ਼ ਐਕਟ, 22/61/85 ਐਨ.ਡੀ.ਪੀ.ਐੱਸ. ਐਕਟ ਅਤੇ 347(1) ਬੀ.ਐੱਨ.ਐੱਸ. ਥਾਣਾ ਅਮਰਗੜ੍ਹ ਵਿਖੇ ਦਰਜ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਪੁੱਛਗਿੱਛ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਯੋਗੇਸ਼ ਉਰਫ਼ ਦੱਦੂ ਥਾਣਾ ਸਿਟੀ ਬੁਢਲਾਡਾ, ਜ਼ਿਲ੍ਹਾ ਮਾਨਸਾ ਦੇ ਇੱਕ ਕਤਲ ਮਾਮਲੇ ਵਿੱਚ ਵੀ ਲੋੜੀਂਦਾ ਹੈ। ਇਸ ਤੋਂ ਇਲਾਵਾ ਉਸ ਖ਼ਿਲਾਫ਼ ਚੋਰੀ, ਲੁੱਟ-ਖੋਹ, ਕਤਲ ਦੀ ਕੋਸ਼ਿਸ਼, ਅਸਲਾ ਐਕਟ ਅਤੇ ਹੋਰ ਗੰਭੀਰ ਅਪਰਾਧਾਂ ਨਾਲ ਸਬੰਧਤ ਕਈ ਮੁਕੱਦਮੇ ਦਰਜ ਹਨ।

ਐੱਸ.ਐੱਸ.ਪੀ. ਗੁਰਮੀਤ ਸਿੰਘ ਨੇ ਕਿਹਾ ਕਿ ਦੋਵਾਂ ਮੁਲਜ਼ਮਾਂ ਤੋਂ ਡੂੰਘਾਈ ਨਾਲ ਪੁੱਛਗਿੱਛ ਕੀਤੀ ਜਾ ਰਹੀ ਹੈ ਅਤੇ ਉਮੀਦ ਹੈ ਕਿ ਇਸ ਦੌਰਾਨ ਹੋਰ ਅਹਿਮ ਖੁਲਾਸੇ ਹੋਣਗੇ। ਉਨ੍ਹਾਂ ਕਿਹਾ ਕਿ ਮਾਲੇਰਕੋਟਲਾ ਪੁਲਿਸ ਸਮਾਜ ਵਿਰੋਧੀ ਅਨਸਰਾਂ, ਨਸ਼ਾ ਤਸਕਰਾਂ ਅਤੇ ਅਪਰਾਧਿਕ ਗਤੀਵਿਧੀਆਂ ਵਿੱਚ ਸ਼ਾਮਲ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਮੌਕੇ ਡੀ.ਐਸ.ਪੀ (ਡੀ) ਦੀਪਇੰਦਰ ਪਾਲ ਸਿੰਘ ਜੇਜੀ ਮੌਜੂਦ ਸਨ।

## ਸ੍ਰੀ ਅਨੰਦਪੁਰ ਸਾਹਿਬ ਦੇ 361ਵੇਂ ਸਥਾਪਨਾ ਦਿਵਸ ਮੌਕੇ ਦੇਸ਼ਾ ਵਿਦੇਸ਼ਾ ਵਿੱਚ ਵੱਸਦੀਆਂ ਨਾਨਕ ਨਾਮ ਲੇਵਾ ਸੰਗਤਾਂ ਨੂੰ ਹਰਜੋਤ ਸਿੰਘ ਬੈਂਸ ਨੇ ਦਿੱਤੀਆਂ ਵਧਾਈਆਂ

**ਸ੍ਰੀ ਆਨੰਦਪੁਰ ਸਾਹਿਬ, 20 ਜੂਨ**
**-ਸ਼.ਅ.ਬਿਓਰੋ-**

ਸ੍ਰੀ ਅਨੰਦਪੁਰ ਸਾਹਿਬ ਖਾਲਸੇ ਦੀ ਜਨਮ ਭੂਮੀ ਅਤੇ ਸਿੱਖ ਇਤਿਹਾਸ ਦੀ ਪਵਿੱਤਰ ਧਰਤੀ ਦੇ 361ਵੇਂ ਸਥਾਪਨਾ ਦਿਵਸ ਮੌਕੇ ਦੇਸ਼ਾਂ-ਵਿਦੇਸ਼ਾਂ ਵਿੱਚ ਵੱਸਦੀਆਂ ਨਾਨਕ ਨਾਮ ਲੇਵਾ ਸੰਗਤਾਂ ਨੂੰ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਵਧਾਈ ਦਿੱਤੀ ਹੈ। ਉਨ੍ਹਾਂ ਕਿਹਾ ਕਿ ਨੌਵੇਂ ਪਾਤਸ਼ਾਹ ਹਿੰਦ ਦੀ ਚਾਦਰ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵੱਲੋਂ ਵਰੋਸਾਈ ਇਸ ਧਰਤੀ ਦਾ ਇਤਿਹਾਸ ਸਿੱਖ ਕੌਮ ਲਈ ਮਾਣ ਅਤੇ ਆਤਮਿਕ ਤਾਕਤ ਦਾ ਪ੍ਰਤੀਕ ਹੈ। ਇਸ ਪਾਵਨ ਮੌਕੇ ਤੇ ਗੁਰਦੁਆਰਾ ਤਖਤ ਸ੍ਰੀ ਕੇਸਗੜ੍ਹ ਸਾਹਿਬ ਸਮੇਤ ਹੋਰ ਧਾਰਮਿਕ ਅਸਥਾਨਾਂ ਵਿੱਚ ਭਗਤਾਂ ਦੀ ਵੱਡੀ ਭੀੜ ਇਕੱਠੀ ਹੋਈ, ਜਿੱਥੇ ਸੰਗਤਾਂ ਨੇ ਗੁਰੂ ਸਾਹਿਬ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਅਰਦਾਸ ਕੀਤੀ।



ਇਸ ਮੌਕੇ ਕੈਬਨਿਟ ਮੰਤਰੀ ਅਤੇ ਹਲਕਾ ਵਿਧਾਇਕ ਸ੍ਰੀ ਅਨੰਦਪੁਰ ਸਾਹਿਬ ਸ੍ਰ.ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਉਹ ਆਪਣੇ ਆਪ ਨੂੰ ਬਹੁਤ ਭਾਗਾਂ ਵਾਲਾ ਸਮਝਦੇ ਹਨ ਕਿ ਗੁਰੂ ਸਾਹਿਬ ਦੀ ਅਪਾਰ ਕ੍ਰਿਪਾ ਨਾਲ ਉਨ੍ਹਾਂ ਨੂੰ ਇਸ ਪਵਿੱਤਰ ਧਰਤੀ ਦੀ ਸੇਵਾ ਕਰਨ ਦਾ ਸੁਭਾਗ ਮਿਲਿਆ ਹੈ। ਉਨ੍ਹਾਂ ਕਿਹਾ ਕਿ ਸੱਚਮੁੱਚ ਇਸ ਧਰਤੀ ਦੀ ਸੇਵਾ ਤੋਂ ਵੱਡਾ ਦੁਨੀਆ ਵਿੱਚ ਕੋਈ ਹੋਰ ਕਾਰਜ ਨਹੀਂ ਹੋ ਸਕਦਾ ਅਤੇ ਇਹ ਸੇਵਾ ਜੀਵਨ ਦਾ ਸਭ ਤੋਂ ਵੱਡਾ ਮਾਣ ਹੈ। ਉਨ੍ਹਾਂ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਗੁਰੂ ਸਾਹਿਬ ਦੇ ਉਪਦੇਸ਼ਾਂ ਤੇ ਚਲਦਿਆਂ ਮਨੁੱਖਤਾ ਦੀ ਭਲਾਈ ਲਈ ਆਪਣਾ ਯੋਗਦਾਨ ਪਾਉਣ। ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਮੁੱਖ ਮੰਤਰੀ ਸ੍ਰ.ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਸ੍ਰੀ ਅਨੰਦਪੁਰ ਸਾਹਿਬ ਦੇ ਸਰਬਪੱਖੀ ਵਿਕਾਸ ਲਈ ਅਨੇਕਾਂ ਇਤਿਹਾਸਕ ਕਦਮ ਚੁੱਕੇ ਗਏ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ, ਸੜਕਾਂ ਦੀ ਸੁਧਾਰ, ਸਫਾਈ ਪ੍ਰਬੰਧਾਂ ਅਤੇ ਯਾਤਰੀਆਂ ਲਈ ਸੁਵਿਧਾਵਾਂ ਵਿੱਚ ਵਾਧਾ ਕਰਨ ਲਈ ਵੱਡੇ ਪੱਧਰ ‘ਤੇ ਕੰਮ ਕੀਤਾ ਗਿਆ ਹੈ, ਜਿਸ ਨਾਲ ਸ਼ਹਿਰ ਦੀ ਰੂਪ-ਰੇਖਾ ਵਿੱਚ ਵੱਡਾ ਬਦਲਾਅ ਆਇਆ ਹੈ।

ਉਨ੍ਹਾਂ ਹੋਰ ਜਾਣਕਾਰੀ ਦਿੰਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਕਈ ਵੱਡੇ ਅਤੇ ਇਤਿਹਾਸਕ ਪ੍ਰੋਜੈਕਟ ਸ਼ੁਰੂ ਕੀਤੇ ਜਾਣਗੇ, ਜੋ ਸ੍ਰੀ ਅਨੰਦਪੁਰ ਸਾਹਿਬ ਦੀ ਤਸਵੀਰ ਨੂੰ ਬਦਲਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਇਹ ਪ੍ਰੋਜੈਕਟ ਨਾ ਸਿਰਫ਼ ਸ਼ਹਿਰ ਦੀ ਸੁੰਦਰਤਾ ਨੂੰ ਨਿਖਾਰਣਗੇ, ਸਗੋਂ ਇਥੇ ਆਉਣ ਵਾਲੇ ਦੇਸ਼-ਵਿਦੇਸ਼ ਦੇ ਯਾਤਰੀਆਂ ਲਈ ਵੀ ਸੁਵਿਧਾਵਾਂ ਨੂੰ ਹੋਰ ਵਧੀਆ ਬਣਾਉਣਗੇ।

ਇਸ ਪਵਿੱਤਰ ਦਿਨ ਮੌਕੇ ਸੰਗਤਾਂ ਨੇ ਗੁਰੂ ਸਾਹਿਬ ਦੀ ਬਾਣੀ ਅਤੇ ਸਿੱਖਿਆਵਾਂ ਨੂੰ ਆਪਣੀ ਜ਼ਿੰਦਗੀ ਵਿੱਚ ਅਪਣਾਉਣ ਦਾ ਸੰਕਲਪ ਲਿਆ। ਸ੍ਰੀ ਅਨੰਦਪੁਰ ਸਾਹਿਬ ਦੀ ਇਹ ਧਰਤੀ ਸਿੱਖ ਕੌਮ ਲਈ ਸਿਰਫ਼ ਇਤਿਹਾਸਕ ਹੀ ਨਹੀਂ, ਸਗੋਂ ਆਤਮਿਕ ਅਤੇ ਸੰਸਕ੍ਰਿਤਿਕ ਵਿਰਾਸਤ ਦਾ ਜੀਵੰਤ ਪ੍ਰਤੀਕ ਹੈ। ਸਥਾਪਨਾ ਦਿਵਸ ਦੇ ਇਸ ਮੌਕੇ ਨੇ ਦੁਨੀਆ ਭਰ ਵਿੱਚ ਵੱਸਦੀਆਂ ਸੰਗਤਾਂ ਨੂੰ ਏਕਤਾ, ਸੇਵਾ ਅਤੇ ਸਿਮਰਨ ਦੇ ਸੂਤਰ ਵਿੱਚ ਜੋੜਨ ਦਾ ਸੰਦੇਸ਼ ਦਿੱਤਾ।







# ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸਤਲੁਜ ਪੱਟੀ ਨੂੰ ਹੜ੍ਹਾਂ ਤੋਂ ਬਚਾਉਣ ਅਤੇ ਸ਼ਾਹਕੋਟ-ਲੋਹੀਆਂ ਖੇਤਰ ਵਿੱਚ ਆਵਾਜਾਈ ਨੂੰ ਸੁਖਾਲਾ ਬਣਾਉਣ ਲਈ 38 ਕਿਲੋਮੀਟਰ ਲੰਬੀ ਧੁੱਸੀ ਬੰਨ੍ਹ ਲਿੰਕ ਸੜਕ ਦਾ ਨੀਂਹ ਪੱਥਰ ਰੱਖਿਆ

**ਸ਼ਾਹਕੋਟ (ਜਲੰਧਰ), 20 ਜੂਨ**
**-ਸ਼.ਅ.ਬਿਓਰੋ-**

ਸਤਲੁਜ ਦਰਿਆ ਦੇ ਆਸ-ਪਾਸ ਦੇ ਇਲਾਕਿਆਂ ਨੂੰ ਹੜ੍ਹਾਂ ਦੀ ਮਾਰ ਤੋਂ ਬਚਾਉਣ ਅਤੇ ਹੜ੍ਹ ਪ੍ਰਭਾਵਿਤ ਖੇਤਰ ਵਿੱਚ ਆਵਾਜਾਈ ਨੂੰ ਮਜ਼ਬੂਤ ਕਰਨ ਦੇ ਮੰਤਵ ਨਾਲ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸ਼ਾਹਕੋਟ ਹਲਕੇ ਵਿੱਚ 61.82 ਕਰੋੜ ਰੁਪਏ ਦੀ ਲਾਗਤ ਨਾਲ ਸ਼ਾਹਕੋਟ-ਮੋਗਾ-ਰਾਮਪੁਰ ਰੋਡ ਤੋਂ ਗਿੱਦੜਪਿੰਡੀ ਧੁੱਸੀ ਬੰਨ੍ਹ ਤੱਕ ਲਿੰਕ ਰੋਡ ਦਾ ਨੀਂਹ ਪੱਥਰ ਰੱਖਿਆ। 37.93 ਕਿਲੋਮੀਟਰ ਲੰਬੇ ਇਸ ਪ੍ਰਾਜੈਕਟ ਦਾ ਉਦੇਸ਼ ਹੜ੍ਹ ਸੁਰੱਖਿਆ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ, ਸੰਪਰਕ ਵਿੱਚ ਸੁਧਾਰ ਕਰਨਾ ਅਤੇ ਸ਼ਾਹਕੋਟ-ਲੋਹੀਆਂ ਖੇਤਰ ਵਿੱਚ ਆਰਥਿਕ ਵਿਕਾਸ ਨੂੰ ਹੁਲਾਰਾ ਦੇਣਾ ਹੈ।

ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਤਲੁਜ ਦਰਿਆ ਦੇ ਨਾਲ ਬਣਨ ਵਾਲੀ ਇਸ ਮਹੱਤਵਪੂਰਨ ਸੜਕ ਦੀ ਕੁੱਲ ਲੰਬਾਈ 37.93 ਕਿਲੋਮੀਟਰ ਹੋਵੇਗੀ। ਸਾਡੀ ਸਰਕਾਰ ਨੇ ਇਸ ਵੱਡੇ ਬੁਨਿਆਦੀ ਢਾਂਚੇ ਦੇ ਪ੍ਰਾਜੈਕਟ ਲਈ 61.82 ਕਰੋੜ ਰੁਪਏ ਮਨਜ਼ੂਰ ਕੀਤੇ ਹਨ। ਸ਼ਾਹਕੋਟ ਅਤੇ ਲੋਹੀਆਂ ਖੇਤਰਾਂ ਵਿੱਚ ਰਹਿਣ ਵਾਲੇ ਲੋਕ ਦਹਾਕਿਆਂ ਤੋਂ ਹੜ੍ਹਾਂ ਦੇ ਨਿਰੰਤਰ ਖ਼ਤਰੇ ਹੇਠ ਜੀ ਰਹੇ ਹਨ। ਪਿਛਲੀਆਂ ਸਰਕਾਰਾਂ ਨੇ ਚੋਣਾਂ ਦੌਰਾਨ ਵੱਡੇ-ਵੱਡੇ ਵਾਅਦੇ ਕੀਤੇ ਸਨ ਪਰ ਇਸ ਪੇਂਡੂ ਖੇਤਰ ਦੀਆਂ ਬੁਨਿਆਦੀ ਢਾਂਚੇ ਦੀਆਂ ਲੋੜਾਂ ਨੂੰ ਹਮੇਸ਼ਾ ਅਣਗੌਲਿਆ ਕੀਤਾ।

ਮੁੱਖ ਮੰਤਰੀ ਨੇ ਕਿਹਾ, ਅਸੀਂ ਝੂਠੇ ਵਾਅਦੇ ਕਰਨ ਵਿੱਚ ਨਹੀਂ, ਸਗੋਂ ਨਤੀਜੇ ਦੇਣ ਵਿੱਚ ਵਿਸ਼ਵਾਸ ਰੱਖਦੇ ਹਾਂ। ਮੈਂ ਖ਼ੁਦ ਇਸ ਖੇਤਰ ਦੇ ਲੋਕਾਂ ਦੁਆਰਾ ਝੱਲੀਆਂ ਮੁਸ਼ਕਲਾਂ ਨੂੰ ਦੇਖਿਆ, ਜਦੋਂ ਬਰਸਾਤ ਦੇ ਮੌਸਮ ਵਿੱਚ ਪਿੰਡਾਂ ਦਾ ਸੰਪਰਕ ਟੁੱਟ ਜਾਂਦਾ ਸੀ। ਧੁੱਸੀ ਬੰਨ੍ਹ ▾ਤੇ ਇਸ ਸੜਕ ਦੇ ਨਿਰਮਾਣ ਨਾਲ ਸਤਲੁਜ ਦਰਿਆ ਦੇ ਨਾਲ ਲੱਗਦੇ ਬੰਨ੍ਹ ਨੂੰ ਹੋਰ ਮਜ਼ਬੂਤੀ ਮਿਲੇਗੀ ਅਤੇ ਇਹ ਸਥਾਨਕ ਲੋਕਾਂ ਲਈ ਹੜ੍ਹਾਂ ਦੇ ਖ਼ਤਰਿਆਂ ਵਿਰੁੱਧ ਮਜ਼ਬੂਤ ਢਾਲ ਵਜੋਂ ਕੰਮ ਕਰੇਗੀ।

ਉਨ੍ਹਾਂ ਅੱਗੇ ਕਿਹਾ, ਇਹ ਸੜਕ ਇਲਾਕੇ ਦੇ ਲਗਪਗ 15 ਪਿੰਡਾਂ ਵਿੱਚ ਰਹਿਣ ਵਾਲੇ ਤਕਰੀਬਨ 15-16 ਹਜ਼ਾਰ ਨਿਵਾਸੀਆਂ ਨੂੰ ਰੋਜ਼ਾਨਾ ਆਉਣ-ਜਾਣ ਵਿੱਚ ਵੱਡੀ ਸਹੂਲਤ ਦੇਵੇਗੀ। ਇਹ ਸ਼ਾਹਕੋਟ-ਮੋਗਾ ਰੋਡ ਨੂੰ ਲੋਹੀਆਂ-ਮੱਖੂ ਰੋਡ ਨਾਲ ਜੋੜੇਗੀ ਅਤੇ ਇਕ ਪ੍ਰਭਾਵਸ਼ਾਲੀ ਬਾਈਪਾਸ ਵਜੋਂ ਕੰਮ ਕਰੇਗੀ, ਜਿਸ ਨਾਲ ਮੌਜੂਦਾ ਰੂਟ ਤੇ ਟ੍ਰੈਫਿਕ ਦੀ ਸਮੱਸਿਆ ਕਾਫ਼ੀ ਹੱਦ ਤੱਕ ਘਟੇਗੀ। ਮੌਨਸੂਨ ਦੇ ਸੀਜ਼ਨ ਦੌਰਾਨ ਇਹ ਸੜਕ ਕਿਸਾਨਾਂ, ਸਕੂਲੀ ਬੱਸਾਂ ਅਤੇ ਆਮ ਜਨਤਾ ਲਈ ਸੁਚਾਰੂ ਅਤੇ ਨਿਰਵਿਘਨ ਆਵਾਜਾਈ ਯਕੀਨੀ ਬਣਾਏਗੀ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਡੀ ਸਰਕਾਰ ਪੂਰੇ ਪੰਜਾਬ ਵਿੱਚ ਮਜ਼ਬੂਤ ਪੇਂਡੂ ਬੁਨਿਆਦੀ ਢਾਂਚਾ ਕਾਇਮ ਕਰਨ ਅਤੇ ਉੱਚ ਪੱਧਰੀ ਸੜਕ ਤੇ ਆਵਾਜਾਈ ਨੈੱਟਵਰਕ ਯਕੀਨੀ ਬਣਾਉਣ ਲਈ ਦ੍ਰਿੜ੍ਹ ਹੈ। ਇਹ ਪ੍ਰਾਜੈਕਟ ਸਿਰਫ਼ ਇੱਕ ਸੜਕ ਦਾ ਨਿਰਮਾਣ ਨਹੀਂ, ਇਹ ਸ਼ਾਹਕੋਟ-ਲੋਹੀਆਂ ਖੇਤਰ ਦੇ ਲੋਕਾਂ ਦੀ ਸੁਰੱਖਿਆ, ਸੰਪਰਕ, ਆਰਥਿਕ ਵਿਕਾਸ ਅਤੇ ਬਿਹਤਰ ਜੀਵਨ ਪੱਧਰ ਲਈ ਨਿਵੇਸ਼ ਹੈ।

ਆਪਣੀ ਸਰਕਾਰ ਦੇ ਹੋਰ ਲੋਕ-ਪੱਖੀ ਅਤੇ ਵਿਕਾਸ-ਮੁਖੀ ਕੰਮਾਂ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਮੇਰੇ ਲਈ ਇਹ ਬਹੁਤ ਮਾਣ ਅਤੇ ਸੰਤੁਸ਼ਟੀ



ਵਾਲੀ ਗੱਲ ਹੈ ਕਿ 'ਆਪ' ਸਰਕਾਰ ਨੇ ਨੌਜਵਾਨਾਂ ਨੂੰ 67,000 ਤੋਂ ਵੱਧ ਸਰਕਾਰੀ ਨੌਕਰੀਆਂ ਦਿੱਤੀਆਂ ਹਨ। ਪੰਜਾਬ ਵਿੱਚ ਸਿਫ਼ਾਰਸ਼ਾਂ ਅਤੇ ਪੈਸੇ ਦੇ ਲੈਣ-ਦੇਣ ਦਾ ਦੌਰ ਖ਼ਤਮ ਹੋ ਚੁੱਕਿਆ ਹੈ ਅਤੇ ਹੁਣ ਨੌਜਵਾਨਾਂ ਨੂੰ ਸਿਰਫ਼ ਮੈਰਿਟ ਅਤੇ ਯੋਗਤਾ ਦੇ ਆਧਾਰ 'ਤੇ ਨੌਕਰੀਆਂ ਮਿਲ ਰਹੀਆਂ ਹਨ।

ਉਨ੍ਹਾਂ ਅੱਗੇ ਕਿਹਾ, ਯੋਗ ਉਮੀਦਵਾਰਾਂ ਨੂੰ ਸਰਕਾਰੀ ਨੌਕਰੀਆਂ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ 'ਤੇ ਦਿੱਤੀਆਂ ਜਾ ਰਹੀਆਂ ਹਨ, ਜਿਸ ਕਾਰਨ ਇਕ ਵੀ ਨਿਯੁਕਤੀ ਨੂੰ ਅਦਾਲਤ ਵਿੱਚ ਚੁਣੌਤੀ ਨਹੀਂ ਦਿੱਤੀ ਗਈ ਹੈ।

ਸਿਹਤ ਸੰਭਾਲ ਦੇ ਖੇਤਰ ਵਿੱਚ ਪ੍ਰਾਪਤੀਆਂ 'ਤੇ ਚਾਨਣਾ ਪਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸੂਬੇ ਨੇ ਸ਼ਹਿਰੀ ਅਤੇ ਪੇਂਡੂ ਦੋਵਾਂ ਖੇਤਰਾਂ ਵਿੱਚ ਯੋਜਨਾਬੱਧ ਢੰਗ ਨਾਲ ਸਥਾਪਤ ਕੀਤੇ ਗਏ ਲਗਪਗ 990 'ਆਮ ਆਦਮੀ ਕਲੀਨਿਕਾਂ' ਦੇ ਆਪਣੇ ਇਤਿਹਾਸਕ ਕਦਮ ਰਾਹੀਂ ਮੁੱਢਲੀ ਸਿਹਤ ਸੰਭਾਲ ਪ੍ਰਣਾਲੀ ਨੂੰ ਕਾਫ਼ੀ ਮਜ਼ਬੂਤ ਕੀਤਾ ਹੈ। ਇਹ ਕਲੀਨਿਕ ਮਿਆਰੀਕਰਨ ਦੇ ਸਿਧਾਂਤਾਂ ਤੇ ਬਣਾਏ ਗਏ ਹਨ, ਜੋ ਆਈ.ਟੀ. ਆਧਾਰਤ ਰੀਅਲ-ਟਾਈਮ ਰਿਪੋਰਟਿੰਗ ਦੇ ਸਹਿਯੋਗ ਨਾਲ 107 ਜ਼ਰੂਰੀ ਦਵਾਈਆਂ ਅਤੇ 47 ਟੈਸਟ ਬਿਲਕੁਲ ਮੁਫ਼ਤ ਮੁਹੱਈਆ ਕਰਦੇ ਹਨ। ਲੋਕਾਂ ਵੱਲੋਂ ਇਸ ਨੂੰ ਭਰਵਾਂ ਹੁੰਗਾਰਾ ਮਿਲਿਆ ਹੈ ਕਿਉਂਕਿ ਹੁਣ ਤੱਕ 5.54 ਕਰੋੜ ਤੋਂ ਵੱਧ ਓ.ਪੀ.ਡੀ. ਦਰਜ ਕੀਤੀਆਂ ਜਾ ਚੁੱਕੀਆਂ ਹਨ। ਰੋਜ਼ਾਨਾ ਲਗਪਗ 84,000 ਮਰੀਜ਼ਾਂ ਨੂੰ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ ਅਤੇ 90 ਫੀਸਦੀ ਤੋਂ ਵੱਧ ਮਰੀਜ਼ਾਂ ਨੂੰ ਸਾਰੀਆਂ ਲੋੜੀਦੀਆਂ ਦਵਾਈਆਂ ਕਲੀਨਿਕ ਤੋਂ ਹੀ ਮੁਫ਼ਤ ਮਿਲ ਰਹੀਆਂ ਹਨ।

ਉਨ੍ਹਾਂ ਅੱਗੇ ਕਿਹਾ, ਇਸ ਜਨਤਕ ਸਿਹਤ ਪਹਿਲਕਦਮੀ ਦਾ ਪ੍ਰਭਾਵ ਬੇਮਿਸਾਲ ਰਿਹਾ ਹੈ ਅਤੇ 97 ਫੀਸਦੀ ਮਰੀਜ਼ਾਂ ਨੇ ਮਿਲੀਆਂ ਸੇਵਾਵਾਂ 'ਤੇ ਸੰਤੁਸ਼ਟੀ ਪ੍ਰਗਟਾਈ ਹੈ, ਜੋ ਇਸ ਯੋਜਨਾ ਵਿੱਚ ਲੋਕਾਂ ਦਾ ਵਿਸ਼ਵਾਸ ਦਰਸਾਉਂਦੀ ਹੈ। 400 ਹੋਰ ਆਮ ਆਦਮੀ ਕਲੀਨਿਕ ਜਲਦੀ ਸ਼ੁਰੂ ਕੀਤੇ ਜਾ ਰਹੇ ਹਨ ਅਤੇ ਪੰਜਾਬ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਕੋਈ ਵੀ ਨਾਗਰਿਕ ਮਿਆਰੀ ਮੁੱਢਲੀ ਸਿਹਤ ਸੰਭਾਲ ਤੋਂ ਵਾਂਝਾ ਨਾ ਰਹੇ।

ਸਿੰਜਾਈ ਸੁਧਾਰਾਂ ਦਾ ਹਵਾਲਾ ਦਿੰਦੇ ਹੋਏ ਮੁੱਖ ਮੰਤਰੀ ਨੇ ਕਿਹਾ, ਪੰਜਾਬ ਨੇ ਬਿਹਤਰ ਸਿੰਜਾਈ ਪ੍ਰਣਾਲੀ ਰਾਹੀਂ ਇਸ ਸਾਲ 96 ਫ਼ੀਸਦੀ ਨਹਿਰੀ ਪਾਣੀ ਦੀ ਵਰਤੋਂ ਕੀਤੀ ਹੈ, ਜਿਸ ਨਾਲ ਕਿਸਾਨਾਂ ਨੂੰ ਬਹੁਤ ਫ਼ਾਇਦਾ ਹੋਇਆ ਹੈ, ਜਦੋਂ ਕਿ ਪਹਿਲਾਂ ਇਹ ਪਾਣੀ ਬਰਬਾਦ ਹੋ ਜਾਂਦਾ ਸੀ। ਸਾਡੀ ਸਰਕਾਰ ਨੇ ਪੰਜਾਬ ਦੇ ਕੋਨੇ-ਕੋਨੇ ਵਿੱਚ ਕਿਸਾਨਾਂ ਦੀ ਸਹੂਲਤ ਲਈ ਸੂਬੇ ਭਰ ਵਿੱਚ 14,000 ਕਿਲੋਮੀਟਰ ਪਾਈਪਾਂ ਵਿਛਾਈਆਂ ਅਤੇ ਖਾਲੇ ਬਣਾਏ ਹਨ।

ਉਨ੍ਹਾਂ ਅੱਗੇ ਕਿਹਾ, ਇਨ੍ਹਾਂ ਪਾਈਪਲਾਈਨਾਂ ਅਤੇ ਖਾਲਿਆਂ ਵਿੱਚ 21,000 ਕਿਊਸਿਕ ਪਾਣੀ ਛੱਡਿਆ ਗਿਆ ਹੈ ਤਾਂ ਜੋ ਕਿਸਾਨਾਂ ਦੀਆਂ ਸਿੰਜਾਈ ਲੋੜਾਂ ਨੂੰ ਪੂਰਾ ਕਰ ਕੇ ਉਨ੍ਹਾਂ ਨੂੰ ਲਾਭ ਪਹੁੰਚਾਇਆ ਜਾ ਸਕੇ। ਸੂਬਾ ਸਰਕਾਰ ਵੱਲੋਂ ਛੱਡਿਆ ਗਿਆ ਇਹ ਪਾਣੀ ਦੋ ਭਾਖੜਾ ਨਹਿਰਾਂ ਦੁਆਰਾ ਸਪਲਾਈ ਕੀਤੇ ਜਾਣ ਵਾਲੇ ਪਾਣੀ ਦੇ ਬਰਾਬਰ ਹੈ ਅਤੇ ਇਸ ਕਦਮ ਨਾਲ ਪੂਰੇ ਪੰਜਾਬ ਦੇ ਕਿਸਾਨਾਂ ਨੂੰ ਵੱਡਾ ਫ਼ਾਇਦਾ ਹੋਵੇਗਾ।

ਮੁੱਖ ਮੰਤਰੀ ਨੇ ਕਿਹਾ, ਨਹਿਰਾਂ ਅਤੇ ਦਰਿਆਵਾਂ ਵਿੱਚ ਰੀਚਾਰਜ ਪੁਆਇੰਟ ਰੱਖੇ ਗਏ ਹਨ ਤਾਂ ਜੋ ਜ਼ਮੀਨੀ ਪਾਣੀ ਦੇ ਪੱਧਰ ਵਿੱਚ ਸੁਧਾਰ ਹੋ ਸਕੇ ਅਤੇ ਇਨ੍ਹਾਂ ਯਤਨਾਂ ਸਦਕਾ ਕਈ ਇਲਾਕਿਆਂ ਵਿੱਚ ਪਾਣੀ ਦਾ ਪੱਧਰ ਦੋ ਤੋਂ ਚਾਰ ਮੀਟਰ ਤੱਕ ਵਧਿਆ ਹੈ। ਟੈਕਸਦਾਤਾਵਾਂ ਦੇ ਪੈਸੇ ਨੂੰ ਲੋਕਾਂ ਦੀ ਭਲਾਈ ਲਈ ਸਮਝਦਾਰੀ ਨਾਲ ਖ਼ਰਚਿਆ ਜਾ ਰਿਹਾ ਹੈ ਅਤੇ ਇਹ ਵਿਕਾਸ, ਸਕੂਲਾਂ, ਹਸਪਤਾਲਾਂ ਅਤੇ ਸੜਕਾਂ ਦੇ ਰੂਪ ਵਿੱਚ ਉਨ੍ਹਾਂ ਕੋਲ ਵਾਪਸ ਆ ਰਿਹਾ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਗੇ ਕਿਹਾ, ਪੰਜਾਬ ਸਰਕਾਰ ਹੁਣ ਲੋਕਾਂ ਲਈ ਕੰਮ ਕਰ ਰਹੀ ਹੈ ਅਤੇ 19 ਟੋਲ ਪਲਾਜ਼ੇ ਬੰਦ ਕਰ ਦਿੱਤੇ ਹਨ, ਜਿਸ ਨਾਲ ਲੋਕਾਂ ਦੇ ਰੋਜ਼ਾਨਾ 70 ਲੱਖ ਰੁਪਏ ਬਚ ਰਹੇ ਹਨ। ਸੂਬਾ ਸਰਕਾਰ ਪੰਜਾਬ ਦੇ ਲੋਕਾਂ ਦੀ ਭਲਾਈ ਲਈ ਸਰਕਾਰੀ ਖ਼ਜ਼ਾਨੇ ਦੀ ਇਕ-ਇਕ ਪਾਈ ਦੀ ਸੁਚੱਜੀ ਵਰਤੋਂ ਕਰ ਰਹੀ ਹੈ।

ਉਨ੍ਹਾਂ ਅੱਗੇ ਕਿਹਾ, ਪੰਜਾਬ ਵਿੱਚ 90 ਫੀਸਦੀ ਤੋਂ ਵੱਧ ਘਰਾਂ ਨੂੰ ਮੁਫ਼ਤ ਬਿਜਲੀ ਮਿਲ ਰਹੀ ਹੈ ਅਤੇ ਇੱਥੋਂ ਤੱਕ ਕਿ ਕਿਸਾਨਾਂ ਨੂੰ ਵੀ ਅੱਜ ਦਿਨ ਵੇਲੇ ਬਿਜਲੀ ਮਿਲ ਰਹੀ ਹੈ, ਜੋ ਕਿ ਪਹਿਲਾਂ ਕਦੇ ਨਹੀਂ ਹੋਇਆ। ਅਜਿਹੇ ਸਮੇਂ ਵਿੱਚ ਜਦੋਂ ਕੇਂਦਰ ਸਰਕਾਰ ਵੱਲੋਂ ਦੇਸ਼ ਦੀਆਂ ਸੰਪਤੀਆਂ ਨੂੰ ਆਪਣੇ ਚਹੇਤਿਆਂ ਨੂੰ ਕੌਡੀਆਂ ਦੇ ਭਾਅ ਦਿੱਤਾ ਜਾ ਰਿਹਾ ਹੈ, ਪੰਜਾਬ ਸਰਕਾਰ ਨੇ ਇੱਕ ਪ੍ਰਾਈਵੇਟ ਥਰਮਲ ਪਲਾਂਟ ਖ਼ਰੀਦ ਕੇ ਅਤੇ ਇਸ ਦਾ ਨਾਮ ਸ੍ਰੀ ਗੁਰੂ ਅਮਰਦਾਸ ਜੀ ਦੇ ਨਾਮ 'ਤੇ ਰੱਖ ਕੇ ਇਤਿਹਾਸ ਰਚਿਆ ਹੈ।

ਮਹਿਲਾ ਸ਼ਕਤੀਕਰਨ ਦੀਆਂ ਪਹਿਲਕਦਮੀਆਂ ਬਾਰੇ ਬੋਲਦਿਆਂ ਮੁੱਖ ਮੰਤਰੀ ਨੇ ਕਿਹਾ, ਸਾਡੀ ਸਰਕਾਰ ਨੇ ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਲਈ ਰਜਿਸਟ੍ਰੇਸ਼ਨ ਸ਼ੁਰੂ ਕਰ ਦਿੱਤੀ ਹੈ। ਇਸ ਤਹਿਤ ਬਾਕੀ ਸਾਰੀਆਂ ਸ਼੍ਰੇਣੀਆਂ ਦੀਆਂ 18 ਸਾਲ ਤੋਂ ਵੱਧ ਉਮਰ ਦੀਆਂ ਔਰਤਾਂ ਨੂੰ 1,000 ਰੁਪਏ ਪ੍ਰਤੀ ਮਹੀਨਾ, ਜਦੋਂ ਕਿ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਵਿੱਤੀ ਸਹਾਇਤਾ ਵਜੋਂ ਮਿਲਣਗੇ।

ਉਨ੍ਹਾਂ ਇਸ਼ਾਰਾ ਕਰਦਿਆਂ ਕਿਹਾ, ਆਮ ਲੋਕਾਂ, ਖ਼ਾਸ ਕਰਕੇ ਗਰੀਬਾਂ ਲਈ 1,000-1,500 ਰੁਪਏ ਵੱਡੀ ਰਕਮ ਹੁੰਦੀ ਹੈ। ਇਹ ਰਾਸ਼ੀ ਮਾਵਾਂ ਅਤੇ ਧੀਆਂ ਲਈ ਸਤਿਕਾਰ ਦਾ ਪ੍ਰਤੀਕ ਹੈ ਅਤੇ ਇਸ ਯੋਜਨਾ ਕਾਰਨ ਔਰਤਾਂ ਦੇ ਚਿਹਰਿਆਂ 'ਤੇ ਆਉਣ ਵਾਲੀ ਮੁਸਕਾਨ ਮੈਨੂੰ ਬਹੁਤ ਸੰਤੁਸ਼ਟੀ ਦਿੰਦੀ ਹੈ।

ਸੂਬੇ ਦੀ ਸਰਵਵਿਆਪੀ ਸਿਹਤ ਸੰਭਾਲ ਯੋਜਨਾ ਦਾ ਹਵਾਲਾ ਦਿੰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਲੋਕਾਂ ਨੂੰ ਵਿਆਪਕ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ, ਪੰਜਾਬ ਸਰਕਾਰ ਨੇ 'ਮੁੱਖ ਮੰਤਰੀ ਸਿਹਤ ਯੋਜਨਾ' ਸ਼ੁਰੂ ਕੀਤੀ ਹੈ, ਜੋ ਦੇਸ਼ ਵਿੱਚ ਆਪਣੀ ਕਿਸਮ ਦੀ ਪਹਿਲੀ ਯੋਜਨਾ ਹੈ। ਇਹ ਪੰਜਾਬ ਦੇ ਹਰ ਵਸਨੀਕ ਪਰਿਵਾਰ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ (ਕੈਸ਼ਲੈੱਸ) ਇਲਾਜ ਪ੍ਰਦਾਨ ਕਰਦੀ ਹੈ।

ਉਨ੍ਹਾਂ ਅੱਗੇ ਕਿਹਾ, ਇਹ ਬਹੁਤ ਮਾਣ ਅਤੇ ਸੰਤੁਸ਼ਟੀ ਦੀ ਗੱਲ ਹੈ ਕਿ ਪੰਜਾਬ ਅਜਿਹੀ ਵਿਆਪਕ ਸਿਹਤ ਬੀਮਾ ਸਹੂਲਤ ਦੇਣ ਵਾਲਾ ਪਹਿਲਾ ਭਾਰਤੀ ਸੂਬਾ ਹੈ, ਜਿਸ ਨੇ ਮਿਆਰੀ ਸਿਹਤ ਸੇਵਾਵਾਂ ਯਕੀਨੀ ਬਣਾਉਣ ਦੇ ਨਾਲ-ਨਾਲ ਜਨਤਾ 'ਤੇ ਵਿੱਤੀ ਬੋਝ ਨੂੰ ਕਾਫ਼ੀ ਘੱਟ ਕੀਤਾ ਹੈ। ਇਸ ਇਤਿਹਾਸਕ ਕਦਮ ਦਾ ਉਦੇਸ਼ ਸੂਬੇ ਦੇ ਸਾਰੇ ਪਰਿਵਾਰਾਂ ਨੂੰ ਸਰਵਵਿਆਪੀ ਸਿਹਤ ਸੰਭਾਲ ਪ੍ਰਦਾਨ ਕਰਨਾ ਹੈ ਅਤੇ ਲੋਕ ਹੁਣ ਤੱਕ 650 ਕਰੋੜ ਰੁਪਏ ਤੋਂ ਵੱਧ ਦੇ ਮੁਫ਼ਤ ਇਲਾਜ ਦਾ ਲਾਭ ਉਠਾ ਚੁੱਕੇ ਹਨ।

ਇਸ ਦੌਰਾਨ ਮੁੱਖ ਮੰਤਰੀ ਨੇ ਕਿਹਾ, ਮੈਂ ਪਰਮਾਤਮਾ ਦਾ ਸ਼ੁਕਰਗੁਜ਼ਾਰ ਹਾਂ, ਜਿਨ੍ਹਾਂ ਨੇ ਮੈਨੂੰ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਸੋਧ ਐਕਟ, 2026' ਪਾਸ ਕਰਨ ਦਾ ਮੌਕਾ ਬਖ਼ਸ਼ਿਆ। ਪਿਛਲੇ ਸਮੇਂ ਵਿੱਚ ਜਦੋਂ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ ਵਾਪਰੀਆਂ ਤਾਂ ਕਰੋੜਾਂ ਲੋਕਾਂ ਦੀ ਮਾਨਸਿਕਤਾ ਨੂੰ ਡੂੰਘੀ ਠੇਸ ਪਹੁੰਚੀ। ਪਰਮਾਤਮਾ ਨੇ ਮੈਨੂੰ ਕਾਨੂੰਨੀ ਮਾਹਰਾਂ ਨਾਲ ਵਿਸਤ੍ਰਿਤ ਸਲਾਹ-ਮਸ਼ਵਰੇ ਤੋਂ ਬਾਅਦ ਇਹ ਬਿੱਲ ਲਿਆਉਣ ਦੀ ਤਾਕਤ ਬਖ਼ਸ਼ੀ ਹੈ। ਪੰਜਾਬ ਸਰਕਾਰ ਨੇ ਇਸ ਬਿੱਲ ਨੂੰ ਬਹੁਤ ਸੋਚ-ਸਮਝ ਕੇ ਤਿਆਰ ਕੀਤਾ ਹੈ ਤਾਂ ਜੋ ਇਹ ਸਮਾਜ ਵਿਰੋਧੀ ਅਨਸਰਾਂ ਲਈ ਭਵਿੱਖ ਵਿੱਚ ਅਜਿਹਾ ਕੋਈ ਵੀ ਗੁਨਾਹ ਕਰਨ ਤੋਂ ਰੋਕਣ ਲਈ ਵੱਡੀ ਚੇਤਾਵਨੀ ਵਜੋਂ ਕੰਮ ਕਰੇ ਅਤੇ ਕੋਈ ਵੀ ਕਦੇ ਵੀ ਅਜਿਹਾ ਘਿਨਾਉਣਾ ਅਪਰਾਧ ਕਰਨ ਦੀ ਹਿੰਮਤ ਨਾ ਕਰ ਸਕੇ। ਇਸ ਮੌਕੇ ਰਾਜ ਸਭਾ ਮੈਂਬਰ ਸੰਤ ਬਾਬਾ ਬਲਬੀਰ ਸਿੰਘ ਸੀਚੇਵਾਲ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

## ਅੰਮ੍ਰਿਤਸਰੀ ਕੁਲਚੇ ਨੂੰ GI ਟੈਗ ਦਿਵਾਉਣ ਲਈ ਡੀਸੀ ਦਫ਼ਤਰ ਵਿਖੇ ਅਹਿਮ ਮੀਟਿੰਗ, ਵਪਾਰੀਆਂ ਨੇ ਕੀਤਾ ਸਵਾਗਤ

**ਅੰਮ੍ਰਿਤਸਰ, 20 ਜੂਨ**
**-ਸ਼.ਅ.ਬਿਓਰੋ-**

ਅੰਮ੍ਰਿਤਸਰ ਦੀ ਵਿਸ਼ਵ ਪ੍ਰਸਿੱਧ ਪਛਾਣ ਅਤੇ ਪੰਜਾਬ ਦੀ ਖਾਣ-ਪੀਣ ਵਿਰਾਸਤ ਦਾ ਅਹਿਮ ਹਿੱਸਾ ਮੰਨੇ ਜਾਂਦੇ Amritsari Kulcha ਅੰਮ੍ਰਿਤਸਰੀ ਕੁਲਚੇ ਨੂੰ ਜੀਓਗ੍ਰਾਫਿਕਲ ਇੰਡੀਕੇਸ਼ਨ (GI) ਟੈਗ ਦਿਵਾਉਣ ਦੇ ਮਕਸਦ ਨਾਲ ਅੱਜ ਡਿਪਟੀ ਕਮਿਸ਼ਨਰ ਦਫ਼ਤਰ ਅੰਮ੍ਰਿਤਸਰ ਵਿਖੇ ਇੱਕ ਅਹਿਮ ਮੀਟਿੰਗ ਆਯੋਜਿਤ ਕੀਤੀ ਗਈ। ਇਸ ਮੀਟਿੰਗ ਦੀ ਅਗਵਾਈ ਪੰਜਾਬ ਸਰਕਾਰ ਦੇ ਫੂਡ ਪ੍ਰੋਸੈਸਿੰਗ ਵਿਭਾਗ ਦੇ ਵਿਸ਼ੇਸ਼ ਸਕੱਤਰ ਸ੍ਰੀ ਸੰਦੀਪ ਹੰਸ ਨੇ ਕੀਤੀ। ਮੀਟਿੰਗ ਵਿੱਚ ਅੰਮ੍ਰਿਤਸਰ ਦੇ ਵੱਖ-ਵੱਖ ਕੁਲਚਾ ਨਿਰਮਾਤਾਵਾਂ ਅਤੇ ਵਪਾਰੀਆਂ ਨੇ ਵੱਡੀ ਗਿਣਤੀ ਵਿੱਚ ਹਿੱਸਾ ਲਿਆ ਅਤੇ 79 ਟੈਗ ਸਬੰਧੀ ਚੱਲ ਰਹੀ ਪ੍ਰਕਿਰਿਆ ਪ੍ਰਤੀ ਆਪਣਾ ਉਤਸ਼ਾਹ ਜਤਾਇਆ।




ਮੀਟਿੰਗ ਦੌਰਾਨ ਵਿਸ਼ੇਸ਼ ਸਕੱਤਰ ਸੰਦੀਪ ਹੰਸ ਨੇ ਕਿਹਾ ਕਿ ਅੰਮ੍ਰਿਤਸਰੀ ਕੁਲਚਾ ਸਿਰਫ਼ ਇੱਕ ਖਾਣ-ਪੀਣ ਦੀ ਵਸਤੂ ਨਹੀਂ, ਸਗੋਂ ਅੰਮ੍ਰਿਤਸਰ ਦੀ ਸੱਭਿਆਚਾਰਕ ਪਛਾਣ ਅਤੇ ਵਿਰਾਸਤ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ 79 ਟੈਗ ਮਿਲਣ ਨਾਲ ਅੰਮ੍ਰਿਤਸਰੀ ਕੁਲਚੇ ਨੂੰ ਇੱਕ ਵਿਲੱਖਣ ਅਤੇ ਕਾਨੂੰਨੀ ਪਛਾਣ ਪ੍ਰਾਪਤ ਹੋਵੇਗੀ, ਜਿਸ ਨਾਲ ਦੇਸ਼ ਅਤੇ ਵਿਦੇਸ਼ ਵਿੱਚ ਇਸ ਦੀ ਅਸਲ ਪਛਾਣ ਹੋਰ ਮਜ਼ਬੂਤ ਹੋਵੇਗੀ।

ਉਨ੍ਹਾਂ ਨੇ ਦੱਸਿਆ ਕਿ GI ਟੈਗ ਮਿਲਣ ਤੋਂ ਬਾਅਦ ਅੰਮ੍ਰਿਤਸਰੀ ਕੁਲਚੇ ਦੇ ਨਾਮ ਹੇਠ ਨਕਲੀ ਉਤਪਾਦ ਵੇਚਣ ਵਾਲਿਆਂ ਅਤੇ ਇਸ ਦੇ ਅਸਲੀ ਸਵਾਦ ਨਾਲ ਖਿਲਵਾੜ ਕਰਨ ਵਾਲਿਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾ ਸਕੇਗੀ। ਇਸ ਨਾਲ ਸਿਰਫ਼ ਉਪਭੋਗਤਾਵਾਂ ਨੂੰ ਅਸਲੀ ਉਤਪਾਦ ਮਿਲੇਗਾ, ਸਗੋਂ ਸਥਾਨਕ ਵਪਾਰੀਆਂ ਅਤੇ ਕਾਰੀਗਰਾਂ ਦੇ ਹੱਕ ਵੀ ਸੁਰੱਖਿਅਤ ਰਹਿਣਗੇ।

ਇਸ ਮੌਕੇ ਪੰਜਾਬ ਸਟੇਟ ਕੌਂਸਲ ਫਾਰ ਸਾਇੰਸ ਐਂਡ ਟੈਕਨਾਲੋਜੀ (Punjab State Council for Science and Technology PSCST) ਦੀ ਜਾਇੰਟ ਸਕੱਤਰ ਡਾ. ਦਪਿੰਦਰ ਕੌਰ ਬਖਸ਼ੀ ਨੇ ਕਿਹਾ ਕਿ ਅੰਮ੍ਰਿਤਸਰੀ ਕੁਲਚੇ ਨੂੰ ਗਲੋਬਲ ਪੱਧਰ 'ਤੇ ਲਿਜਾਣ ਦੀ ਬਹੁਤ ਲੋੜ ਹੈ ਅਤੇ ਇਸ ਲਈ ਉਨ੍ਹਾਂ ਦਾ ਵਿਭਾਗ ਤੇਜ਼ੀ ਨਾਲ ਕੰਮ ਕਰ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਵੀ ਪੰਜਾਬ ਦੀ ਰਵਾਇਤੀ ਕਲਾ ਫੁਲਕਾਰੀ ਨੂੰ ਵਿਸ਼ਵ ਪੱਧਰ ਤੱਕ ਪਹੁੰਚਾਉਣ ਲਈ ਸਫਲ ਯਤਨ ਕੀਤੇ ਜਾ ਚੁੱਕੇ ਹਨ।

ਉਨ੍ਹਾਂ ਨੇ ਵਪਾਰੀਆਂ ਨੂੰ ਅਪੀਲ ਕੀਤੀ ਕਿ GI ਟੈਗ ਦੀ ਪ੍ਰਕਿਰਿਆ ਨੂੰ ਅੱਗੇ ਵਧਾਉਣ ਲਈ ਸਭ ਤੋਂ ਪਹਿਲਾਂ ਇੱਕ ਸੰਗਠਨ ਜਾਂ ਐਸੋਸੀਏਸ਼ਨ ਦਾ ਗਠਨ ਕੀਤਾ ਜਾਵੇ, ਕਿਉਂਕਿ ਇਹ ਐਸੋਸੀਏਸ਼ਨ ਹੀ 79 ਟੈਗ ਲਈ ਅਧਿਕਾਰਕ ਅਰਜ਼ੀ ਦਾਖਲ ਕਰ ਸਕੇਗੀ। ਮੀਟਿੰਗ ਵਿੱਚ ਸ਼ਾਮਲ ਵਪਾਰੀਆਂ ਨੇ ਪ੍ਰਸ਼ਾਸਨ ਦੀ ਇਸ ਪਹਿਲ ਦਾ ਸਵਾਗਤ ਕਰਦਿਆਂ ਕਿਹਾ ਕਿ ਇਹ ਪਹਿਲੀ ਵਾਰ ਹੈ ਜਦੋਂ ਸਰਕਾਰ ਅਤੇ ਪ੍ਰਸ਼ਾਸਨ ਨੇ ਉਨ੍ਹਾਂ ਦੇ ਰਵਾਇਤੀ ਕਾਰੋਬਾਰ ਨੂੰ ਗੰਭੀਰਤਾ ਨਾਲ ਲਿਆ ਹੈ। ਉਨ੍ਹਾਂ ਕਿਹਾ ਕਿ ਇਹ ਕਦਮ ਅੰਮ੍ਰਿਤਸਰ ਦੀ ਵਿਰਾਸਤ ਨੂੰ ਸਾਂਭਣ ਅਤੇ ਅਸਲੀ ਅੰਮ੍ਰਿਤਸਰੀ ਕੁਲਚੇ ਦੀ ਪਛਾਣ ਨੂੰ ਬਰਕਰਾਰ ਰੱਖਣ ਵੱਲ ਇੱਕ ਇਤਿਹਾਸਕ ਪਹਿਲ ਸਾਬਤ ਹੋਵੇਗਾ।

ਅਧਿਕਾਰੀਆਂ ਨੇ ਜਾਣਕਾਰੀ ਦਿੱਤੀ ਕਿ 79 ਟੈਗ ਪ੍ਰਾਪਤ ਕਰਨ ਲਈ ਭਾਰਤ ਦੇ Geographical Indications of Goods (Registration and Protection) Act, 1999 79 ਐਕਟ 1999 ਤਹਿਤ ਲੋੜੀਂਦੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਇਸ ਉਦੇਸ਼ ਨੂੰ ਪੂਰਾ ਕਰਨ ਲਈ PSCST, ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਫੂਡ ਟੈਕਨਾਲੋਜੀ ਵਿਭਾਗ, ਜ਼ਿਲ੍ਹਾ ਪ੍ਰਸ਼ਾਸਨ ਅਤੇ ਫੂਡ ਪ੍ਰੋਸੈਸਿੰਗ ਵਿਭਾਗ ਦੀ ਇੱਕ ਤਾਲਮੇਲ ਕਮੇਟੀ ਬਣਾਈ ਜਾਵੇਗੀ।

ਇਹ ਕਮੇਟੀ ਕੁਲਚਾ ਨਿਰਮਾਤਾਵਾਂ ਦੀ ਐਸੋਸੀਏਸ਼ਨ ਦੇ ਗਠਨ ਤੋਂ ਲੈ ਕੇ GI ਟੈਗ ਲਈ ਦਸਤਾਵੇਜ਼ੀ ਕਾਰਵਾਈ ਤੱਕ ਸਾਰਾ ਪ੍ਰਕਿਰਿਆਤਮਕ ਕੰਮ ਸੰਭਾਲੇਗੀ। ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਨੂੰ ਇਸ ਕਾਰਜ ਲਈ ਨੋਡਲ ਅਫ਼ਸਰ ਨਿਯੁਕਤ ਕੀਤਾ ਗਿਆ ਹੈ। ਇਸ ਮੀਟਿੰਗ ਨੂੰ ਅੰਮ੍ਰਿਤਸਰੀ ਕੁਲਚੇ ਦੀ ਅਸਲੀ ਪਛਾਣ ਨੂੰ ਸੰਭਾਲਣ, ਉਸਨੂੰ ਵਿਸ਼ਵ ਪੱਧਰ 'ਤੇ ਮਜ਼ਬੂਤ ਬਣਾਉਣ ਅਤੇ ਸਥਾਨਕ ਵਪਾਰ ਨੂੰ ਨਵੀਂ ਦਿਸ਼ਾ ਦੇਣ ਵੱਲ ਇੱਕ ਮਹੱਤਵਪੂਰਨ ਕਦਮ ਵਜੋਂ ਦੇਖਿਆ ਜਾ ਰਿਹਾ ਹੈ।

ਮੀਟਿੰਗ ਵਿੱਚ ਸਹਾਇਕ ਕਮਿਸ਼ਨਰ ਮੈਡਮ ਪ੍ਰਗਤੀ ਸੇਠੀ, ਪ੍ਰੋਫੈਸਰ ਦਲਬੀਰ ਸਿੰਘ, ਡਾ. ਦੀਪਕ ਪੁਰ, ਸਹਾਇਕ ਫੂਡ ਕਮਿਸ਼ਨਰ ਰਜਿੰਦਰ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਅੰਮ੍ਰਿਤਸਰ ਦੇ ਕੁਲਚਾ ਨਿਰਮਾਤਾ ਹਾਜ਼ਰ ਸਨ।

## ਪਿੰਡ ਕਾਉਂਕੇ ਵਿਖੇ ਪੀਰ ਬਾਬਾ ਰੌਸ਼ਨ ਸ਼ਾਹ ਜੀ ਦੇ ਮੇਲਾ ਤੇ ਕਰਵਾਇਆ ਭੰਡਾਰਾ



**ਮਾਛੀਵਾੜਾ ਸਾਹਿਬ, 20 ਜੂਨ**
**-ਸ਼.ਅ.ਬਿਓਰੋ-**

ਨੇੜਲੇ ਪਿੰਡ ਕਾਉਂਕੇ ਵਿਖੇ ਪੀਰ ਬਾਬਾ ਰੌਸ਼ਨ ਸ਼ਾਹ ਜੀ ਦਾ ਸਲਾਨਾ ਮੇਲਾ ਤੇ ਭੰਡਾਰਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਸਵੇਰ ਸਮੇਂ ਪੀਰ ਬਾਬਾ ਰੌਸ਼ਨ ਸ਼ਾਹ ਜੀ ਦੀ ਮਜ਼ਾਰ 'ਤੇ ਮੁੱਖ ਸੇਵਾਦਾਰ ਬਾਬਾ ਬੂਟਾ ਸਿੰਘ, ਨਗਰ ਨਿਵਾਸੀਆਂ ਤੇ ਪ੍ਰਬੰਧਕ ਕਮੇਟੀ ਵਲੋਂ ਚਾਦਰ ਚੜ੍ਹਾਈ ਗਈ। ਮੇਲੇ ਵਿਚ ਕਵਾਲ ਲਾਲੀ ਹੰਸ ਨੇ ਸੂਫ਼ੀਆਨਾ ਮਹਿਫਲ ਸਜਾਈ। ਗਾਇਕ ਜੋੜੀ ਸੁਖਦੇਵ ਸ਼ੇਰਾ ਤੇ ਪਰਮਜੋਤ ਤੋਂ ਬਾਅਦ ਹਰਿੰਦਰ ਸੰਧੂ ਤੇ ਅਮਨ ਧਾਲੀਵਾਲ ਨੇ 'ਜੀਹਦੇ ਪਈ ਨਹੀਂ ਸਿਰਹਾਣੇ ਕੋਈ ਦਵਾਈ, ਸ਼ੁਕਰ ਮਨਾਵੇ ਰੱਬ ਦਾ', 'ਜੁਗੋ-ਜੁਗ ਰਹੇ ਵਸਦਾ ਰੱਬਾ ਮੇਰੇ ਪੇਕਿਆਂ ਦਾ ਪਿੰਡ ਵੇ', 'ਮਾਰ ਦੇਈਂ ਨਾ ਖੰਘੂਰਾ ਕਿਤੇ ਭੁੱਲ ਕੇ ਸਾਰਾ ਪਿੰਡ ਵੈਲੀਆਂ ਦਾ' ਅਤੇ ਗਾਇਕਾ ਜਸਪ੍ਰੀਤ ਬਰਾੜ ਨੇ 'ਬੋਲ ਜ਼ੁਬਾਨੋ ਤੀਰ ਕਮਾਨੋ ਕਦੇ ਵੀ ਵਾਪਸ ਮੁੜਦੇ ਨਾ', 'ਬੋਲਣੇ ਤੋਂ ਪਹਿਲਾਂ ਸੋਚਣਾ ਜ਼ਰੂਰੀ ਏ' ਆਦਿ ਗੀਤ ਸੁਣਾ ਕੇ ਮੇਲੀਆਂ ਦਾ ਮਨੋਰੰਜਨ ਕੀਤਾ।

ਭਾਵੇਂ ਕਿ ਦੁਪਿਹਰ ਤੋਂ ਬਾਅਦ ਮੌਸਮ ਖਰਾਬ ਹੋਣ ਕਾਰਨ ਰੁਕ ਰੁਕ ਕੇ ਮੀਂਹ ਆਉਂਦਾ ਰਿਹਾ,ਪਰ ਆਲੇ ਦੁਆਲੇ ਦੇ ਪਿੰਡਾਂ ਵਿੱਚ ਰੁਕ ਰੁਕ ਕੇ ਬਾਰਿਸ਼ ਹੁੰਦੀ ਰਹੀ ਪਰ ਮੇਲੇ ਵਾਲੀ ਥਾਂ ਤੇ ਸਿਰਫ ਬੂੰਦਾਬਾਂਦੀ ਹੀ ਹੁੰਦੀ ਰਹੀ । ਮੇਲੇ ਦਾ ਸਿਖਰ ਗਾਇਕਾ ਜਸ ਬਰਾੜ ਨੇ ਕੀਤਾ ਜਿਸ ਤੇ ਤਿੰਨ ਚਾਰ ਗੀਤਾਂ ਤੋਂ ਬਾਅਦ ਬਾਰਿਸ਼ ਹੋਣੀ ਸ਼ੁਰੂ ਹੋ ਗਈ ਤੇ ਪ੍ਰਬੰਧਕਾਂ ਨੇ ਮੇਲੇ ਵਿੱਚ ਪੁੱਜੀਆਂ ਸੰਗਤਾਂ ਨੂੰ ਜੀ ਆਇਆ ਆਖਦਿਆਂ ਧੰਨਵਾਦ ਪ੍ਰਗਟ ਕੀਤਾ। ਮੇਲੇ 'ਚ ਪੁੱਜੇ ਕਲਾਕਾਰਾਂ ਨੂੰ ਬਾਬਾ ਬੂਟਾ ਸਿੰਘ, ਪ੍ਰਧਾਨ ਜਸਪਾਲ ਸਿੰਘ, ਖਜਾਨਚੀ ਗੁਰਦੇਵ ਸਿੰਘ, ਗੀਤਕਾਰ ਅਵਤਾਰ ਸਿੰਘ ਕਾਉਂਕੇ, ਸਰਪੰਚ ਪੂਰਨ ਸਿੰਘ, ਬੂਟਾ ਸਿੰਘ ਕੋਰੀਆ, ਨਾਜ਼ਰ ਸਿੰਘ ਸਪੇਨ, ਬਾਬਾ ਗੁਰਦੇਵ ਸਿੰਘ, ਜੋਗਾ ਸਿੰਘ, ਗੁਰਦੇਵ ਸਿੰਘ, ਨਿਰਮਲ ਸਿੰਘ ਕੈਨੇਡਾ, ਮਹਿੰਦਰ ਸਿੰਘ ਯੂ.ਐੱਸ.ਏ., ਵਲੈਤ ਸਿੰਘ, ਮੱਘਰ ਸਿੰਘ ਇਟਲੀ, ਪਰਮਜੀਤ ਸਿੰਘ ਰਿੰਕਾ, ਧਿਆਨ ਸਿੰਘ ਆਸਟ੍ਰੇਲੀਆ, ਸਰਬਜੀਤ ਸਿੰਘ ਸਰਪੰਚ ਤੇ ਬਲਜਿੰਦਰ ਸਿੰਘ ਯੂ.ਐੱਸ.ਏ. ਨੇ ਸਨਮਾਨਿਤ ਕੀਤਾ। ਮੇਲੇ ਦੇ ਅਖੀਰ ਵਿਚ ਪ੍ਰਧਾਨ ਜਸਪਾਲ ਸਿੰਘ ਨੇ ਮੇਲੇ 'ਚ ਪੁੱਜੇ ਕਲਾਕਾਰਾਂ, ਸੰਗਤਾਂ ਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ। ਆਈਆਂ ਸੰਗਤਾਂ ਲਈ ਠੰਢੇ-ਮਿੱਠੇ ਪਾਣੀ ਦੀ ਛਬੀਲ ਅਤੇ ਅਤੁੱਟ ਲੰਗਰ ਵਰਤਾਏ ਗਏ।

## ਚੰਡੀਗੜ੍ਹ ਪ੍ਰਸ਼ਾਸਨ ਨੇ ਅਕਾਦਮਿਕ ਸੈਸ਼ਨ 2026-27 ਤੋਂ ਸਾਰੇ 42 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਕੌਸ਼ਲ ਸਿੱਖਿਆ ਦਾ ਵਿਸਤਾਰ ਕੀਤਾ

### ਨੈਸ਼ਨਲ ਐਜੂਕੇਸ਼ਨ ਪਾਲਿਸੀ (ਐੱਨਈਪੀ/NEP) 2020 ਦੇ ਅਨੁਰੂਪ ਵਿਦਿਆਰਥੀਆਂ ਨੂੰ ਸਾਰੀਆਂ ਸਟ੍ਰੀਮਸ ਵਿੱਚ ਕੌਸ਼ਲ-ਅਧਾਰਿਤ ਲਰਨਿੰਗ ਦੇ ਮੌਕੇ ਪ੍ਰਦਾਨ ਕਰਨ ਦੀ ਮਹੱਤਵਪੂਰਨ ਪਹਿਲ

**ਚੰਡੀਗੜ੍ਹ, 20 ਜੂਨ**
**-ਮਨੋਜ ਸ਼ਰਮਾ-**

ਨੈਸ਼ਨਲ ਐਜੂਕੇਸ਼ਨ ਪਾਲਿਸੀ (ਐੱਨਈਪੀ) 2020 ਦੀ ਪਰਿਕਲਪਨਾ ਅਤੇ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (ਸੀਬੀਐੱਸਈ) ਦੇ ਦਿਸ਼ਾ-ਨਿਰਦੇਸ਼ਾਂ ਨੂੰ ਲਾਗੂ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਉਠਾਉਂਦੇ ਹੋਏ ਚੰਡੀਗੜ੍ਹ ਪ੍ਰਸ਼ਾਸਨ ਦੇ ਸਕੂਲ ਸਿੱਖਿਆ ਵਿਭਾਗ ਨੇ ਅਕਾਦਮਿਕ ਸੈਸ਼ਨ 2026-27 ਤੋਂ ਕੇਂਦਰ ਸ਼ਾਸਿਤ ਪ੍ਰਦੇਸ਼ ਦੇ ਸਾਰੇ 42 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਸਕਿੱਲ ਇਲੈਕਟਿਵ (ਕੌਸ਼ਲ ਵਿਕਲਪਕ) ਕੋਰਸ ਸ਼ੁਰੂ ਕਰਨ ਦਾ ਨਿਰਣਾ ਲਿਆ ਹੈ।

ਅਕਾਦਮਿਕ ਸੈਸ਼ਨ 2025-26 ਤੱਕ 23 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਵਿੱਚ ਕਿੱਤਾਮੁਖੀ ਕੋਰਸ ਸੰਚਾਲਿਤ ਕੀਤੇ ਜਾ ਰਹੇ ਸਨ। ਹੁਣ ਸਾਰੇ 42 ਸਕੂਲਾਂ ਤੱਕ ਇਸ ਸੁਵਿਧਾ ਦੇ ਵਿਸਤਾਰ ਦੇ ਨਾਲ, ਵਿਗਿਆਨ, ਵਣਜ ਅਤੇ ਹਿਊਮੈਨਿਟੀਜ਼ ਫੈਕਲਟੀਜ਼ ਦੇ ਵਿਦਿਆਰਥੀਆਂ ਨੂੰ ਨਿਯਮਿਤ ਅਕਾਦਮਿਕ ਪਾਠਕ੍ਰਮ ਦੇ ਨਾਲ-ਨਾਲ ਕੌਸ਼ਲ-ਅਧਾਰਿਤ ਸਿੱਖਿਆ ਦੇ ਅਵਸਰ ਵੀ ਉਪਲਬਧ ਹੋਣਗੇ।

ਵਿਦਿਆਰਥੀ 30 ਸਕਿੱਲ ਇਲੈਕਟਿਵ ਕੋਰਸਾਂ ਦੇ ਵਿਆਪਕ ਵਿਕਲਪਾਂ ਵਿੱਚੋਂ ਆਪਣੀ ਰੁਚੀ ਦੇ ਅਨੁਸਾਰ ਸਿਲੈਕਸ਼ਨ ਕਰ ਸਕਣਗੇ। ਇਹ ਕੋਰਸ ਉੱਭਰਦੀਆਂ ਟੈਕਨੋਲੋਜੀਆਂ, ਵਣਜ, ਸਿਹਤ ਸੇਵਾਵਾਂ, ਪ੍ਰਾਹੁਣਾਚਾਰੀ, ਡਿਜ਼ਾਈਨ, ਵੈੱਲਨੈੱਸ ਅਤੇ ਹੋਰ ਉਦਯੋਗ-ਅਧਾਰਿਤ ਖੇਤਰਾਂ ਨੂੰ ਕਵਰ ਕਰਦੇ ਹਨ। ਇਨ੍ਹਾਂ ਵਿੱਚ ਆਰਟੀਫਿਸ਼ਲ ਇੰਟੈਲੀਜੈਂਸ, ਇਨਫਰਮੇਸ਼ਨ ਟੈਕਨੋਲੋਜੀ, ਵੈੱਬ ਐਪਲੀਕੇਸ਼ਨਸ, ਬੈਂਕਿੰਗ, ਮਾਰਕਿਟਿੰਗ, ਫਾਇਨੈਂਸ਼ਿਅਲ ਮਾਰਕਿਟ ਮੈਨੇਜਮੈਂਟ, ਬਿਜ਼ਨਸ ਐਡਮਿਨਿਸਟ੍ਰੇਸ਼ਨ, ਹੈਲਥ ਕੇਅਰ, ਫੂਡ ਪ੍ਰੋਡਕਸ਼ਨ, ਟੂਰਿਜ਼ਮ, ਬਿਊਟੀ ਐਂਡ ਐਂਡ ਵੈੱਲਨੈੱਸ, ਯੋਗ, ਫੈਸ਼ਨ ਸਟਡੀਜ਼, ਇਲੈਕਟ੍ਰੀਕਲ ਟੈਕਨੋਲੋਜੀ, ਇਲੈਕਟ੍ਰੌਨਿਕਸ, ਆਟੋਮੋਟਿਵ, ਏਸੀ ਅਤੇ ਰੈਫ੍ਰਿਜਰੇਸ਼ਨ, ਫ੍ਰੰਟ ਆਫ਼ਿਸ ਅਪ੍ਰੇਸ਼ਨਸ, ਆਫ਼ਿਸ ਪ੍ਰੋਸੀਜਰਸ ਐਂਡ ਪ੍ਰੈਕਟਿਸਿਜ਼, ਸੇਲਜ਼ਮੈਨਸ਼ਿਪ, ਕੌਸਟ ਅਕਾਊਂਟਿੰਗ, ਟਾਇਪੋਗ੍ਰਾਫੀ ਐਂਡ ਕੰਪਿਊਟਰ ਐਪਲੀਕੇਸ਼ਨਸ, ਅੰਗ੍ਰੇਜ਼ੀ ਅਤੇ ਹਿੰਦੀ ਸ਼ਾਰਟਹੈਂਡ ਸਹਿਤ ਹੋਰ ਉਦਯੋਗ-ਸਬੰਧਿਤ ਵਿਸ਼ੇ ਸ਼ਾਮਲ ਹਨ।

ਇਸ ਪਹਿਲ ਦਾ ਉਦੇਸ਼ ਵਿਦਿਆਰਥੀਆਂ ਨੂੰ ਵਿਵਹਾਰਿਕ ਕੌਸ਼ਲ, ਉਦਯੋਗ ਦਾ ਅਨੁਭਵ ਅਤੇ ਕਰੀਅਰ ਸਬੰਧੀ ਜਾਗਰੂਕਤਾ ਪ੍ਰਦਾਨ ਕਰਨਾ ਹੈ, ਤਾਕਿ ਉਨ੍ਹਾਂ ਦੀ ਰੋਜ਼ਗਾਰ ਸਮਰੱਥਾ, ਉੱਦਮਸ਼ੀਲਤਾ ਅਤੇ ਸੂਚਿਤ ਕਰੀਅਰ ਵਿਕਲਪਾਂ ਨੂੰ ਹੁਲਾਰਾ ਮਿਲ ਸਕੇ ਅਤੇ ਉਹ ਬਦਲਦੀਆਂ ਕਾਰਜਖੇਤਰੀ ਜ਼ਰੂਰਤਾਂ ਦੇ ਅਨੁਰੂਪ ਖ਼ੁਦ ਨੂੰ ਤਿਆਰ ਕਰ ਸਕਣ।

ਪ੍ਰੋਗਰਾਮ ਦੇ ਪ੍ਰਭਾਵੀ ਲਾਗੂਕਰਨ ਲਈ ਪ੍ਰਸ਼ਾਸਨ 38 ਅਤਿਰਿਕਤ ਪਾਰਟ-ਟਾਇਮ ਸਕਿੱਲ ਟ੍ਰੇਨਰਸ ਦੀਆਂ ਸੇਵਾਵਾਂ ਲਵੇਗਾ। ਇਹ ਟ੍ਰੇਨਰ ਵਰਤਮਾਨ ਵਿੱਚ ਕਾਰਜਰਤ 110 ਨਿਯਮਿਤ ਅਤੇ ਕੰਟ੍ਰੈਕਟ ਅਧਾਰਿਤ ਸਕਿੱਲ ਟ੍ਰੇਨਰਸ ਦੇ ਇਲਾਵਾ ਹੋਣਗੇ। ਇਸ ਪ੍ਰਸਤਾਵ 'ਤੇ ਲਗਭਗ 1.2 ਕਰੋੜ ਦਾ ਖਰਚ ਅਨੁਮਾਨਿਤ ਹੈ।

ਸੁਧਾਰ ਪ੍ਰਕਿਰਿਆ ਦੇ ਤਹਿਤ 1,755 ਕਿੱਤਾਮੁਖੀ ਸੀਟਾਂ ਵਿਗਿਆਨ, ਵਣਜ ਅਤੇ ਹਿਊਮੈਨਿਟੀਜ਼ ਸਟ੍ਰੀਮਾਂ ਵਿੱਚ ਮੁੜ ਵੰਡੀਆਂ ਜਾਣਗੀਆਂ। ਇਸ ਸਦਕਾ ਗਿਆਰਵੀਂ ਕਲਾਸ ਵਿੱਚ ਕੁੱਲ ਦਾਖਲਾ ਸਮਰੱਥਾ 13,875 ਤੋਂ ਵਧ ਕੇ 13,920 ਸੀਟਾਂ ਹੋ ਜਾਵੇਗੀ ਅਤੇ ਵਿਦਿਆਰਥੀਆਂ ਨੂੰ ਆਪਣੀ ਪਸੰਦ ਦਾ ਅਕਾਦਮਿਕ ਵਿਕਲਪ ਸਿਲੈਕਟ ਕਰਨ ਵਿੱਚ ਅਧਿਕ ਲਚਕਤਾ ਪ੍ਰਾਪਤ ਹੋਵੇਗੀ।

ਡਾਇਰੈਕਟਰ ਸਕੂਲ ਸਿੱਖਿਆ, ਚੰਡੀਗੜ੍ਹ ਸ਼੍ਰੀ ਨਿਤੀਸ਼ ਸਿੰਗਲਾ ਨੇ ਕਿਹਾ ਕਿ ਇਹ ਪਹਿਲ ਵਿਭਾਗ ਦੀ ਸੰਪੂਰਨ ਸਿੱਖਿਆ ਪ੍ਰਤੀ ਪ੍ਰਤੀਬੱਧਤਾ ਨੂੰ ਦਰਸਾਉਂਦੀ ਹੈ। ਇਸ ਦਾ ਉਦੇਸ਼ ਇਹ ਸੁਨਿਸ਼ਚਿਤ ਕਰਨਾ ਹੈ ਕਿ ਹਰੇਕ ਵਿਦਿਆਰਥੀ ਨਾ ਕੇਵਲ ਅਕਾਦਮਿਕ ਤੌਰ 'ਤੇ ਉਤਕ੍ਰਿਸ਼ਟਤਾ ਪ੍ਰਾਪਤ ਕਰੇ, ਬਲਕਿ ਪ੍ਰਾਸੰਗਿਕ ਕੌਸ਼ਲ ਵੀ ਪ੍ਰਾਪਤ ਕਰੇ ਜੋ ਉਸ ਨੂੰ ਆਤਮਵਿਸ਼ਵਾਸੀ, ਆਤਮਨਿਰਭਰ ਅਤੇ ਭਵਿੱਖ ਲਈ ਤਿਆਰ ਨਾਗਰਿਕ ਬਣਨ ਦੇ ਸਮਰੱਥ ਬਣਾਉਣ।

ਸਕੂਲ ਸਿੱਖਿਆ ਵਿਭਾਗ ਨੇ ਇਸ ਪ੍ਰੋਗਰਾਮ ਦੇ ਸਫ਼ਲ ਲਾਗੂਕਰਨ ਲਈ ਟ੍ਰੇਨਿੰਗ ਪ੍ਰਾਪਤ ਇੰਸਟ੍ਰਕਟਰਾਂ ਦੀ ਤੈਨਾਤੀ, ਅਕਾਦਮਿਕ ਸਹਿਯੋਗ ਅਤੇ ਨਿਰੰਤਰ ਨਿਗਰਾਨੀ ਸਹਿਤ ਵਿਆਪਕ ਯੋਜਨਾ ਤਿਆਰ ਕੀਤੀ ਹੈ, ਤਾਕਿ ਸੀਬੀਐੱਸਈ ਮਿਆਰਾਂ ਦੇ ਅਨੁਰੂਪ ਇਸ ਦਾ ਪ੍ਰਭਾਵੀ ਸੰਚਾਲਨ ਸੁਨਿਸ਼ਚਿਤ ਕੀਤਾ ਜਾ ਸਕੇ।

ਸਕਿੱਲ ਇਲੈਕਟਿਵ ਕੋਰਸਾਂ ਦਾ ਇਹ ਵਿਸਤਾਰ ਚੰਡੀਗੜ੍ਹ ਵਿੱਚ ਕੌਸ਼ਲ ਸਿੱਖਿਆ ਨੂੰ ਮੁੱਖ ਧਾਰਾ ਦੀ ਸਕੂਲੀ ਸਿੱਖਿਆ ਨਾਲ ਜੋੜਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਉਪਲਬਧੀ ਹੈ। ਇਹ ਪਹਿਲ ਵਿਦਿਆਰਥੀਆਂ ਨੂੰ ਉਚੇਰੀ ਸਿੱਖਿਆ, ਰੋਜ਼ਗਾਰ ਅਤੇ ਭਵਿੱਖ ਦੇ ਵਿਵਿਧ ਅਵਸਰਾਂ ਲਈ ਬਿਹਤਰ ਢੰਗ ਨਾਲ ਤਿਆਰ ਕਰਨ ਵਿੱਚ ਸਹਾਇਕ ਸਿੱਧ ਹੋਵੇਗੀ।

## ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹਾਦਤ ਨੂੰ ਕੋਟਿ-ਕੋਟਿ ਪ੍ਰਣਾਮ



**ਪਟਿਆਲਾ, 20 ਜੂਨ** ਹਿੰਦੂ—ਸਿੱਖ ਦੇ ਪ੍ਰਤੀਕ ਪ੍ਰਾਚੀਨ ਮੰਦਿਰ ਸ੍ਰੀ ਕੇਦਾਰ ਨਾਥ ਜੀ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਮੌਕੇ ਠੰਡੇ ਅਤੇ ਮਿੱਠੇ ਜਲ ਦੀ ਛਬੀਲ ਲਗਾਈ ਗਈ। ਇਸ ਮੌਕੇ ਸਭ ਤੋਂ ਪਹਿਲਾਂ ਮੰਦਿਰ ਵਿਖੇ ਛਬੀਲ ਦਾ ਪ੍ਰਸ਼ਾਦ ਲਗਵਾਇਆ ਗਿਆ ਅਤੇ ਗੁਰਦੁਆਰਾ ਭਾਈ ਜੱਸਾ ਸਿੰਘ ਜੀ ਵਲੋਂ ਸ਼ਿਵ ਜੀ ਦੀ ਮੂਰਤੀ ਦੇ ਕੋਲ ਛਬੀਲ ਵੰਡਨ ਤੋਂ ਪਹਿਲਾਂ ਅਰਦਾਸ ਕੀਤੀ ਗਈ ਇਸ ਉਪਰੰਤ ਠੰਡੇ ਮਿੱਠੇ ਜਲ ਦੀ ਛਬੀਲ ਵਰਤਾਈ ਗਈ। ਸੁਧਾਰ ਸਭਾ ਸ੍ਰੀ ਕੇਦਾਰ ਨਾਥ ਜੀ ਰਜਿ: ਵੱਲੋਂ ਮੰਦਿਰ ਵਿਖੇ ਸਾਰੇ ਹਿੰਦੂ ਅਤੇ ਸਿੱਖਾਂ ਦੇ ਵਾਰ ਤਿਉਹਾਰ ਸਾਰੇ ਭਗਤਾਂ ਦੇ ਸਹਿਯੋਗ ਨਾਲ ਮਨਾਉਂਦੀ ਆ ਰਹੀ ਹੈ।

## ਹਿਮਾਚਲ ਦੀਆਂ ਗੱਡੀਆਂ 'ਤੇ ਖ਼ਾਲਸਾ ਟੈਕਸ ਲਗਾਉਣ ਦਾ ਐਲਾਨ ਫਿਲਹਾਲ ਟਲਿਆ

**ਸ੍ਰੀ ਅਨੰਦਪੁਰ ਸਾਹਿਬ, 20 ਜੂਨ**
**-ਸ਼.ਅ.ਬਿਓਰੋ-**

ਨਿਹੰਗ ਸਿੰਘ ਬਾਬਾ ਅੱਛਰ ਸਿੰਘ ਮਹਾਂਕਾਲ ਦੀ ਅਗਵਾਈ ਹੇਠ ਅੱਜ ਇੱਕ ਵਫ਼ਦ ਨੇ ਤਹਿਸੀਲਦਾਰ ਸੰਦੀਪ ਕੁਮਾਰ ਅਤੇ ਕੀਰਤਪੁਰ ਸਾਹਿਬ ਦੇ ਐੱਸ ਐੱਚ ਓ ਰਾਹੁਲ ਕੁਮਾਰ ਨੂੰ ਮੰਗ-ਪੱਤਰ ਸੌਂਪਿਆ।

ਇਸ ਮੌਕੇ ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਹਿਮਾਚਲ ਪ੍ਰਦੇਸ਼ ਵਿੱਚ ਪੰਜਾਬ ਦੇ ਵਾਹਨਾਂ ਅਤੇ ਯਾਤਰੀਆਂ ਨਾਲ ਹੋ ਰਹੇ ਵਿਤਕਰੇ ਨੂੰ ਲੈ ਕੇ ਲੋਕਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ, ਜਿਸ ਕਾਰਨ 'ਖਾਲਸਾ ਟੈਕਸ' ਲਗਾਉਣ ਦਾ ਫ਼ੈਸਲਾ ਕੀਤਾ ਗਿਆ ਸੀ।



ਬਾਬਾ ਅੱਛਰ ਸਿੰਘ ਮਹਾਂਕਾਲ ਨੇ ਦੱਸਿਆ ਕਿ ਬੀਤੇ ਦਿਨ ਉਨ੍ਹਾਂ ਦੀ ਮੁਲਾਕਾਤ ਡੀ ਐੱਸ ਪੀ ਨਾਲ ਵੀ ਹੋਈ ਸੀ, ਜਿਨ੍ਹਾਂ ਨੇ ਪ੍ਰਸ਼ਾਸਨ ਵੱਲੋਂ ਮਸਲੇ ਦੇ ਹੱਲ ਲਈ ਹਰ ਸੰਭਵ ਯਤਨ ਕੀਤੇ ਜਾਣ ਦਾ ਭਰੋਸਾ ਦਿੰਦਿਆਂ ਫਿਲਹਾਲ ਸੰਘਰਸ਼ ਨੂੰ ਟਾਲਣ ਦੀ ਅਪੀਲ ਕੀਤੀ ਸੀ। ਉਨ੍ਹਾਂ ਕਿਹਾ ਕਿ ਜਥੇਬੰਦੀ ਦਾ ਉਦੇਸ਼ ਕਿਸੇ ਵੀ ਵਰਗ ਨੂੰ ਪਰੇਸ਼ਾਨ ਕਰਨਾ ਨਹੀਂ, ਸਗੋਂ ਆਪਣੇ ਹੱਕਾਂ ਅਤੇ ਪੰਜਾਬ ਦੇ ਯਾਤਰੀਆਂ ਨਾਲ ਜੁੜੇ ਮੁੱਦਿਆਂ ਨੂੰ ਸਰਕਾਰ ਤੱਕ ਪਹੁੰਚਾਉਣਾ ਹੈ।

ਤਹਿਸੀਲਦਾਰ ਸੰਦੀਪ ਕੁਮਾਰ ਨੇ ਪੁਸ਼ਟੀ ਕੀਤੀ ਕਿ ਜਥੇਬੰਦੀ ਵੱਲੋਂ ਟੋਲ ਅਤੇ ਐਂਟਰੀ ਟੈਕਸ ਨਾਲ ਸਬੰਧਤ ਮੰਗਾਂ ਦਾ ਇੱਕ ਮੰਗ-ਪੱਤਰ ਸੌਂਪਿਆ ਗਿਆ ਹੈ।

ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਵੱਲੋਂ ਇਸ ਮਾਮਲੇ ਸਬੰਧੀ ਪੰਜਾਬ ਸਰਕਾਰ ਨਾਲ ਤਾਲਮੇਲ ਕੀਤਾ ਜਾ ਰਿਹਾ ਹੈ ਅਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਜਥੇਬੰਦੀ ਦੀ ਮੀਟਿੰਗ ਕਰਵਾਉਣ ਦੇ ਯਤਨ ਕੀਤੇ ਜਾ ਰਹੇ ਹਨ, ਤਾਂ ਜੋ ਪੈਦਾ ਹੋਏ ਵਿਵਾਦ ਦਾ ਕੋਈ ਸਥਾਈ ਹੱਲ ਕੱਢਿਆ ਜਾ ਸਕੇ।

## ਪੰਜਾਬ ਦੇ ਰਾਜਪਾਲ ਨੇ ਪੰਜਾਬ ਲੋਕ ਭਵਨ ਵਿਖੇ ਸੀਨੀਅਰ ਜਰਨਲਿਸਟਸ ਫੋਰਮ ਨਾਲ ਗੱਲਬਾਤ ਕੀਤੀ

**ਚੰਡੀਗੜ੍ਹ, 20 ਜੂਨ**
**-ਸ਼.ਅ.ਬਿਓਰੋ-**

ਪੰਜਾਬ ਦੇ ਰਾਜਪਾਲ ਅਤੇ ਯੂਟੀ ਚੰਡੀਗੜ੍ਹ ਦੇ ਪ੍ਰਸ਼ਾਸਕ, ਸ਼੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਪੰਜਾਬ ਲੋਕ ਭਵਨ, ਚੰਡੀਗੜ੍ਹ ਵਿਖੇ ਸੀਨੀਅਰ ਜਰਨਲਿਸਟਸ ਫੋਰਮ, ਚੰਡੀਗੜ੍ਹ ਦੇ ਮੈਂਬਰਾਂ ਨਾਲ ਇੱਕ ਇੰਟਰਐਕਟਿਵ ਸੈਸ਼ਨ ਕੀਤਾ। ਫੋਰਮ ਦੇ ਮੈਂਬਰਾਂ ਦਾ ਸੁਆਗਤ ਕਰਦੇ ਹੋਏ ਰਾਜਪਾਲ ਨੇ ਕਿਹਾ ਕਿ ਪੱਤਰਕਾਰੀ ਨੇ ਲੋਕਤੰਤਰ ਨੂੰ ਸਸ਼ਕਤ ਬਣਾਉਣ ਅਤੇ ਜਨਤਕ ਰਾਏ ਨੂੰ ਆਕਾਰ ਦੇਣ ਵਿੱਚ ਸਦਾ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਉਨ੍ਹਾਂ ਨੇ ਕਿਹਾ ਕਿ ਕਲਮ ਦੀ ਸ਼ਕਤੀ, ਸਚਾਈ, ਇਮਾਨਦਾਰੀ ਅਤੇ ਨਿਰਪੱਖ ਵਿਸ਼ਲੇਸ਼ਣ ਨੇ ਪੱਤਰਕਾਰਾਂ ਨੂੰ ਸਮਾਜ ਵਿੱਚ ਅਤਿਅਧਿਕ ਸਨਮਾਨ ਅਤੇ ਪ੍ਰਤਿਸ਼ਠਾ ਦਿਵਾਈ ਹੈ। ਸ਼੍ਰੀ ਕਟਾਰੀਆ ਨੇ ਕਿਹਾ ਕਿ ਸੰਸਦ ਅਤੇ ਰਾਜ ਵਿਧਾਨ ਸਭਾਵਾਂ ਵਿੱਚ ਜਿਨ੍ਹਾਂ ਅਨੇਕ ਮੁੱਦਿਆਂ 'ਤੇ ਚਰਚਾ ਹੁੰਦੀ ਹੈ, ਉਨ੍ਹਾਂ ਵਿੱਚੋਂ ਕਈ



ਮੁੱਦੇ ਇਤਿਹਾਸਿਕ ਤੌਰ 'ਤੇ ਪੱਤਰਕਾਰਾਂ ਦੀਆਂ ਰਿਪੋਰਟਾਂ ਅਤੇ ਖੋਜੀ ਪੱਤਰਕਾਰੀ ਦੇ ਜ਼ਰੀਏ ਸਾਹਮਣੇ ਆਏ ਹਨ। ਉਨ੍ਹਾਂ ਨੇ ਮੀਡੀਆ ਨੂੰ ਲੋਕਤੰਤਰ ਦਾ ਇੱਕ ਮਹੱਤਵਪੂਰਨ ਥੰਮ੍ਹ ਦੱਸਦੇ ਹੋਏ ਜਨ ਹਿਤ ਦੇ ਮੁੱਦਿਆਂ ਨੂੰ ਸਰਕਾਰਾਂ ਅਤੇ ਨੀਤੀ-ਨਿਰਮਾਤਾਵਾਂ ਤੱਕ ਪਹੁੰਚਾਉਣ ਵਿੱਚ ਪੱਤਰਕਾਰਾਂ ਦੀ ਭੂਮਿਕਾ ਦੀ ਸ਼ਲਾਘਾ ਕੀਤੀ।

ਰਾਜਪਾਲ ਨੇ ਕਿਹਾ ਕਿ ਵਿਵਸਥਾ ਦੀਆਂ ਕਮੀਆਂ ਨੂੰ ਉਜਾਗਰ ਕਰਨਾ ਪੱਤਰਕਾਰਾਂ ਦਾ ਕਰਤੱਵ ਹੈ ਤਾਕਿ ਵਿਆਪਕ ਜਨ ਹਿਤ ਵਿੱਚ ਜ਼ਰੂਰੀ ਸੁਧਾਰਾਤਮਕ ਕਦਮ ਉਠਾਏ ਜਾ ਸਕਣ। ਉਨ੍ਹਾਂ ਨੇ ਕਿਹਾ ਕਿ ਰਚਨਾਤਮਕ ਆਲੋਚਨਾ ਅਤੇ ਨਿਡਰ ਪੱਤਰਕਾਰੀ ਸਰਕਾਰਾਂ ਅਤੇ ਪ੍ਰਸ਼ਾਸਨ ਨੂੰ ਆਪਣੀ ਕਾਰਜਪ੍ਰਣਾਲੀ ਵਿੱਚ ਸੁਧਾਰ ਕਰਨ ਅਤੇ ਜਨ ਕਲਿਆਣ ਨੂੰ ਹੁਲਾਰਾ ਦੇਣ ਵਿੱਚ ਸਹਾਇਤਾ ਪ੍ਰਦਾਨ ਕਰਦੀ ਹੈ।

ਆਤਮ-ਸੁਧਾਰ ਦੇ ਮਹੱਤਵ 'ਤੇ ਬਲ ਦਿੰਦੇ ਹੋਏ ਸ਼੍ਰੀ ਕਟਾਰੀਆ ਨੇ ਕਿਹਾ, ਵਿਅਕਤੀ ਨੂੰ ਆਪਣੀਆਂ ਕਮੀਆਂ ਨੂੰ ਛੁਪਾਉਣਾ ਨਹੀਂ ਚਾਹੀਦਾ, ਬਲਕਿ ਉਨ੍ਹਾਂ ਤੋਂ ਸਿੱਖਿਆ ਲੈ ਕੇ ਨਿਰੰਤਰ ਸੁਧਾਰ ਦੀ ਦਿਸ਼ਾ ਵਿੱਚ ਪ੍ਰਯਾਸ ਕਰਨਾ ਚਾਹੀਦਾ ਹੈ।

ਉਨ੍ਹਾਂ ਨੇ ਕਿਹਾ ਕਿ ਪੱਤਰਕਾਰ ਸੁਧਾਰ ਦੀ ਜ਼ਰੂਰਤ ਵਾਲੇ ਖੇਤਰਾਂ ਦੀ ਤਰਫ਼ ਧਿਆਨ ਆਕਰਸ਼ਿਤ ਕਰਕੇ ਸਰਕਾਰਾਂ ਅਤੇ ਪ੍ਰਸ਼ਾਸਨ ਲਈ ਮਾਰਗਦਰਸ਼ਕ ਦੀ ਭੂਮਿਕਾ ਨਿਭਾਉਂਦੇ ਹਨ। ਉਨ੍ਹਾਂ ਦੇ ਵਿਚਾਰ ਅਤੇ ਸੁਝਾਅ ਪਾਰਦਰਸ਼ੀ, ਜਵਾਬਦੇਹ ਅਤੇ ਲੋਕ-ਕੇਂਦ੍ਰਿਤ ਸ਼ਾਸਨ ਵਿਵਸਥਾ ਨੂੰ ਮਜ਼ਬੂਤ ਬਣਾਉਣ ਵਿੱਚ ਮਹੱਤਵਪੂਰਨ ਯੋਗਦਾਨ ਦਿੰਦੇ ਹਨ। ਸੀਨੀਅਰ ਜਰਨਲਿਸਟਸ ਫੋਰਮ ਦੀ ਪਹਿਲ ਦੀ ਸ਼ਲਾਘਾ ਕਰਦੇ ਹੋਏ ਰਾਜਪਾਲ ਨੇ ਕਿਹਾ ਕਿ ਸੀਨੀਅਰ ਪੱਤਰਕਾਰਾਂ ਨੂੰ ਇੱਕ ਸਾਂਝੇ ਮੰਚ 'ਤੇ ਸੰਗਠਿਤ ਕਰਨਾ ਇੱਕ ਸ਼ਲਾਘਾਯੋਗ ਉਪਲਬਧੀ ਹੈ।

# ਘੱਗਰ ਦਰਿਆ ਅਤੇ ਡਰੇਨਾਂ ਦੀ ਤੁਰੰਤ ਸਫਾਈ ਕਰਵਾਏ ਪੰਜਾਬ ਸਰਕਾਰ - ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ)



**ਸੰਗਰੂਰ, 20 ਜੂਨ**
**-ਜਗਦੇਵ ਰੰਚਨਾਂ-**

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਡਿਪਟੀ ਕਮਿਸ਼ਨਰ ਸੰਗਰੂਰ ਨੂੰ ਇੱਕ ਮੰਗ ਪੱਤਰ ਸੌਂਪ ਕੇ ਘੱਗਰ ਦਰਿਆ, ਡਰੇਨਾਂ ਅਤੇ ਹੋਰ ਬਰਸਾਤੀ ਨਾਲਿਆਂ ਦੀ ਤੁਰੰਤ ਸਫਾਈ ਕਰਵਾਉਣ ਦੀ ਮੰਗ ਕੀਤੀ ਗਈ। ਪਾਰਟੀ ਨੇ ਚੇਤਾਵਨੀ ਦਿੱਤੀ ਕਿ ਹਰ ਸਾਲ ਬਰਸਾਤ ਦੇ ਮੌਸਮ ਦੌਰਾਨ ਘੱਗਰ ਦਰਿਆ ਅਤੇ ਡਰੇਨਾਂ ਦੇ ਓਵਰਫਲੋ ਹੋਣ ਕਾਰਨ ਪੰਜਾਬ ਦੇ ਕਈ ਇਲਾਕਿਆਂ ਵਿੱਚ ਭਾਰੀ ਤਬਾਹੀ ਹੁੰਦੀ ਹੈ, ਜਿਸ ਨਾਲ ਕਿਸਾਨਾਂ ਦੀਆਂ ਫਸਲਾਂ, ਘਰ, ਦੁਕਾਨਾਂ, ਸੜਕਾਂ ਅਤੇ ਸਰਕਾਰੀ ਸੰਪਤੀ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਝੱਲਣਾ ਪੈਂਦਾ ਹੈ।

ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਹੇਠ ਦਿੱਤੇ ਮੰਗ ਪੱਤਰ ਵਿੱਚ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਕਿ ਘੱਗਰ ਦਰਿਆ, ਵੱਡੀਆਂ ਅਤੇ ਛੋਟੀਆਂ ਡਰੇਨਾਂ ਦੀ ਮੌਜੂਦਾ ਸਥਿਤੀ, ਸਫਾਈ ਲਈ ਕੀਤੇ ਗਏ ਕੰਮ, ਖਰਚ ਕੀਤੀ ਗਈ ਰਕਮ ਅਤੇ ਕੰਮ ਕਰਨ ਵਾਲੇ ਠੇਕੇਦਾਰਾਂ ਦੀ ਪੂਰੀ ਜਾਣਕਾਰੀ ਜਨਤਕ ਕੀਤੀ ਜਾਵੇ।

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਸਵਾਲ ਉਠਾਇਆ ਕਿ ਜ਼ਿਲ੍ਹਾ ਸੰਗਰੂਰ ਅਤੇ ਹੋਰ ਪ੍ਰਭਾਵਿਤ ਖੇਤਰਾਂ ਵਿੱਚ ਘੱਗਰ ਦਰਿਆ ਨਾਲ ਜੁੜੇ ਡਰੇਨਾਂ ਅਤੇ ਨਾਲਿਆਂ ਦੀ ਕਿੰਨੀ ਸਫਾਈ ਕੀਤੀ ਗਈ ਹੈ, ਕਿੱਥੇ-ਕਿੱਥੇ ਰੁਕਾਵਟਾਂ ਮੌਜੂਦ ਹਨ ਅਤੇ ਪਾਣੀ ਦੇ ਨਿਕਾਸ ਨੂੰ ਸੁਚਾਰੂ ਬਣਾਉਣ ਲਈ ਕਿਹੜੇ ਕਦਮ ਚੁੱਕੇ ਗਏ ਹਨ। ਪਾਰਟੀ ਨੇ ਇਹ ਵੀ ਮੰਗ ਕੀਤੀ ਕਿ ਪਿਛਲੇ ਸਾਲਾਂ ਵਿੱਚ ਆਏ ਹੜ੍ਹਾਂ ਦੌਰਾਨ ਹੋਏ ਨੁਕਸਾਨ ਅਤੇ ਇਸ ਵਾਰ ਉਸ ਦੀ ਰੋਕਥਾਮ ਲਈ ਕੀਤੀਆਂ ਤਿਆਰੀਆਂ ਬਾਰੇ ਵੀ ਲੋਕਾਂ ਨੂੰ ਜਾਣੂ ਕਰਵਾਇਆ ਜਾਵੇ।

ਮੰਗ ਪੱਤਰ ਵਿੱਚ ਹੜ੍ਹ ਪ੍ਰਬੰਧਨ, ਰਾਹਤ ਅਤੇ ਬਚਾਅ ਕਾਰਜਾਂ, ਲੋਕਾਂ ਦੀ ਸੁਰੱਖਿਆ, ਫਸਲਾਂ ਦੀ ਰੱਖਿਆ, ਪਿੰਡਾਂ ਅਤੇ ਸ਼ਹਿਰਾਂ ਵਿੱਚ ਪਾਣੀ ਨਿਕਾਸੀ ਪ੍ਰਬੰਧ, ਐਮਰਜੈਂਸੀ ਟੀਮਾਂ ਦੀ ਤਾਇਨਾਤੀ ਅਤੇ ਨਿਗਰਾਨੀ ਪ੍ਰਣਾਲੀ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਮੰਗੀ ਗਈ ਹੈ। ਇਸ ਦੇ ਨਾਲ ਹੀ ਪ੍ਰਸ਼ਾਸਨ ਤੋਂ ਮੰਗ ਕੀਤੀ ਗਈ ਕਿ ਬਰਸਾਤੀ ਮੌਸਮ ਸ਼ੁਰੂ ਹੋਣ ਤੋਂ ਪਹਿਲਾਂ ਸਾਰੇ ਸੰਵੇਦਨਸ਼ੀਲ ਇਲਾਕਿਆਂ ਦਾ ਸਰਵੇ ਕਰਕੇ ਪੱਕੇ ਪ੍ਰਬੰਧ ਯਕੀਨੀ ਬਣਾਏ ਜਾਣ।

ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਕਿਹਾ ਕਿ ਜੇਕਰ ਸਮੇਂ ਸਿਰ ਘੱਗਰ ਦਰਿਆ ਅਤੇ ਡਰੇਨਾਂ ਦੀ ਸਫਾਈ ਨਾ ਕੀਤੀ ਗਈ ਤਾਂ ਬਰਸਾਤੀ ਮੌਸਮ ਦੌਰਾਨ ਵੱਡਾ ਨੁਕਸਾਨ ਹੋ ਸਕਦਾ ਹੈ, ਜਿਸ ਦੀ ਜ਼ਿੰਮੇਵਾਰੀ ਸਰਕਾਰ ਅਤੇ ਪ੍ਰਸ਼ਾਸਨ ਦੀ ਹੋਵੇਗੀ। ਪਾਰਟੀ ਨੇ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਕਿ ਕਿਸਾਨਾਂ, ਆਮ ਲੋਕਾਂ ਅਤੇ ਉਨ੍ਹਾਂ ਦੀ ਸੰਪਤੀ ਦੀ ਸੁਰੱਖਿਆ ਲਈ ਤੁਰੰਤ ਪ੍ਰਭਾਵਸ਼ਾਲੀ ਕਦਮ ਚੁੱਕੇ ਜਾਣ।

ਇਸ ਦੇ ਨਾਲ ਹੀ ਮੀਡੀਆ ਨਾਲ ਗੱਲਬਾਤ ਕਰਦੇ ਹੋਏ ਯੂਥ ਆਗੂ ਸਤਨਾਮ ਸਿੰਘ ਰੱਤੋਕੇ ਨੇ ਕਿਹਾ ਕਿ ਜੋ ਸੈਂਟਰ ਸਰਕਾਰ ਡੈਮਾਂ ਦਾ ਪਾਣੀ ਇੱਕ ਦਮ ਛੱਡ ਕੇ ਪੰਜਾਬ ਨੂੰ ਹਾੜ੍ਹਾ ਵੱਲ ਨੂੰ ਧੱਕ ਦਿੰਦੀ ਹੈ ਡੈਮਾਂ ਦਾ ਕੰਟਰੋਲ ਵੀ ਪੰਜਾਬ ਕੋਲ ਹੋਣਾ ਚਾਹੀਦਾ ਹੈ ਤਾਂ ਕਿ ਆਪਣੇ ਲੋਕਾਂ ਨੂੰ ਬਚਾਇਆ ਜਾ ਸਕੇ ਅੱਗੇ ਉਹਨਾਂ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਵੀ ਬੇਨਤੀ ਹੈ ਕਿ ਬਰਸਾਤ ਦੇ ਮੌਸਮ ਸ਼ੁਰੂ ਹੋ ਗਏ ਹਨ ਸਾਰੀਆਂ ਡਰੇਨਾਂ ਅਤੇ ਘੱਗਰ ਦੀ ਸਫਾਈ ਕੀਤੀ ਜਾਵੇ ਤਾਂ ਕਿ ਕਿਸਾਨਾਂ ਦੀਆਂ ਫਸਲਾਂ ਤੇ ਘਰ ਤੇ ਉਹਨਾਂ ਦੀ ਸਾਧਨ ਬਚਾਈ ਜਾ ਸਕਣ।

ਇਸ ਮੌਕੇ ਗੁਰਨੈਬ ਸਿੰਘ ਰਾਮਪੁਰਾ ਜਿਲਾ ਪ੍ਰਧਾਨ ਸੰਗਰੂਰ ,ਹਰਜੀਤ ਸਿੰਘ ਸਜੂਮਾ ਐਗਜੈਕਟਿਵ ਮੈਂਬਰ ਪੰਜਾਬ, ਕੁਲਵੰਤ ਸਿੰਘ ਲੱਡੀ ਜਿਲਾ ਜਨਰਲ ਸਕੱਤਰ, ਬੀਬੀ ਹਰਪਾਲ ਕੌਰ ਸੰਗਰੂਰ, ਮਹਿੰਦਰ ਸਿੰਘ ਵਾਲੀਆ ਮੂਨਕ, ਡਾਕਟਰ ਹਰਿੰਦਰ ਸਿੰਘ ਰੁਪਾਹੇੜੀ , ਸਿਮਰਨ ਸਿੰਘ ਕਾਂਝਲਾ ਆਦਿ ਪਾਰਟੀ ਵਰਕਰ ਹਾਜ਼ਰ ਸਨ।

# ਪੰਜਾਬ ਸਰਕਾਰ ਨੇ ਤਿੰਨ ਜ਼ਿਲ੍ਹਿਆਂ ਵਿੱਚ ਦਿਲ ਦੀ ਸਿਹਤ ਜਾਂਚ ਲਈ ਏ.ਆਈ.-ਅਧਾਰਤ ਉਪਕਰਨ ਸਥਾਪਤ ਕਰਨ ਵਾਸਤੇ ਸੀ.ਐਚ.ਆਰ.ਆਈ. ਨਾਲ ਭਾਈਵਾਲੀ ਕੀਤੀ

## ਸਿਹਤ ਵਿਭਾਗ ਵੱਲੋਂ ਡਾ. ਬਲਬੀਰ ਸਿੰਘ ਦੀ ਮੌਜੂਦਗੀ 'ਚ ਸਮਝੌਤਾ ਸਹੀਬੱਧ; ਜ਼ਮੀਨੀ ਪੱਧਰ 'ਤੇ ਅਤਿ-ਆਧੁਨਿਕ ਤਕਨਾਲੋਜੀ ਨਾਲ ਇਲਾਜ ਸੇਵਾਵਾਂ ਸੰਭਵ ਹੋਣਗੀਆਂ

**ਚੰਡੀਗੜ੍ਹ, 20 ਜੂਨ**
**-ਛਤਰਪਾਲ ਸਿੰਘ-**

ਸੂਬੇ ਵਿੱਚ ਸਿਹਤ ਸੰਭਾਲ ਦੀ ਦਿਸ਼ਾ ਵਿੱਚ ਇੱਕ ਇਤਿਹਾਸਕ ਪਹਿਲ ਤਹਿਤ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਪੰਜਾਬ ਦੇ ਜਨਤਕ ਸਿਹਤ ਢਾਂਚੇ 'ਚ ਸੁਧਾਰ ਅਤੇ ਇਸਦੀ ਮਜ਼ਬੂਤੀ ਲਈ ਸੈਂਟਰ ਫਾਰ ਹੈਲਥ ਰਿਸਰਚ ਐਂਡ ਇਨੋਵੇਸ਼ਨ (ਸੀਐਚਆਰਆਈ) ਨਾਲ ਮਹੱਤਵਪੂਰਨ ਸਮਝੌਤਾ (ਐਮ.ਓ.ਯੂ.) ਸਹੀਬੱਧ ਕੀਤਾ ਹੈ। ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਮੌਜੂਦਗੀ ਵਿੱਚ ਇਸ ਸਮਝੌਤੇ 'ਤੇ ਹਸਤਾਖਰ ਕੀਤੇ ਗਏ।

ਇਸ ਸਾਂਝੇਦਾਰੀ ਦਾ ਉਦੇਸ਼ ਅਤਿ-ਆਧੁਨਿਕ ਆਰਟੀਫੀਸ਼ੀਅਲ ਇੰਟੈਲੀਜੈਂਸ (ਏ.ਆਈ.) ਨੂੰ ਸਿੱਧੇ ਜ਼ਮੀਨੀ ਪੱਧਰ 'ਤੇ ਲਾਗੂ ਕਰਨਾ ਅਤੇ ਸਿਹਤ ਸੰਭਾਲ ਸੇਵਾਵਾਂ ਦੀ ਮਜ਼ਬੂਤੀ ਦੇ ਨਾਲ ਨਾਗਰਿਕਾਂ ਵਾਸਤੇ ਸਿਹਤ ਸੇਵਾਵਾਂ ਨੂੰ ਹੋਰ ਬਿਹਤਰ ਬਣਾਉਣ ਵਿੱਚ ਨਵੀਨ ਤਕਨਾਲੋਜੀਆਂ ਦੀ ਪੜਚੋਲ ਕਰਨਾ ਹੈ।

ਇਸ ਪਾਇਲਟ ਪ੍ਰੋਜੈਕਟ ਤਹਿਤ ਪੰਜਾਬ ਤਿੰਨ ਜ਼ਿਲ੍ਹਿਆਂ - ਪਟਿਆਲਾ, ਐਸਏਐਸ ਨਗਰ (ਮੋਹਾਲੀ) ਅਤੇ ਫਤਿਹਗੜ੍ਹ ਸਾਹਿਬ - ਵਿੱਚ ਨਵੀਨ ਏਆਈ-ਅਧਾਰਤ ਤਕਨਾਲੋਜੀ ਉਪਕਰਨ ਸਥਾਪਤ ਕੀਤੇ ਜਾਣਗੇ, ਜੋ ਲੋਕਾਂ ਦੀ ਸਿਹਤ ਜਾਂਚ ਅਤੇ ਦਿਲ ਤੇ ਸਾਹ ਦੀਆਂ ਸਮੱਸਿਆਵਾਂ ਦਾ ਜਲਦ ਪਤਾ ਲਗਾਉਣ ਵਿੱਚ ਮਦਦ ਕਰਨਗੇ।



ਤਕਨਾਲੋਜੀ ਦਾ ਵੇਰਵਾ ਦਿੰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਸ ਪਹਿਲਕਦਮੀ ਤਹਿਤ ਉੱਨਤ ਏਆਈ-ਅਧਾਰਤ ਈਸੀਜੀ ਉਪਕਰਨ ਅਤੇ ਏਆਈ ਸਟੈਥੋਸਕੋਪ ਸਥਾਪਤ ਕੀਤੇ ਜਾਣਗੇ। ਇਸ ਵਿੱਚ ਸਨਫੌਕਸ ਸਪੈਂਡਨ ਈਸੀਜੀ ਉਪਕਰਣ ਸ਼ਾਮਲ ਹੈ ਜੋ ਤੇਜ਼ੀ ਨਾਲ ਦਿਲ ਦੀ ਸਿਹਤ ਜਾਂਚ ਕਰਦਾ ਹੈ ਅਤੇ ਉਨ੍ਹਾਂ ਵਿਅਕਤੀਆਂ ਖਾਸ ਕਰਕੇ ਦਿਲ ਦੀਆਂ ਗੰਭੀਰ ਸਮੱਸਿਆਵਾਂ ਵਾਲੇ ਮਰੀਜ਼ਾਂ ਦੀ ਪਛਾਣ ਕਰਨ ਵਿੱਚ ਮਦਦ ਕਰਦਾ ਹੈ, ਜਿਨ੍ਹਾਂ ਨੂੰ ਤੁਰੰਤ ਰੈਫਰਲ ਦੀ ਲੋੜ ਹੁੰਦੀ ਹੈ।

ਉਨ੍ਹਾਂ ਕਿਹਾ ਕਿ ਇਸ ਤੋਂ ਇਲਾਵਾ ਏਆਈ-ਅਧਾਰਤ ਡਿਜੀਟਲ ਸਟੈਥੋਸਕੋਪ (ਏਆਈ ਸਟੈਥ) ਦੀ ਵਰਤੋਂ ਬੱਚਿਆਂ 'ਚ ਦਿਲ ਦੀਆਂ ਸਮੱਸਿਆਵਾਂ ਦੀ ਸਕ੍ਰੀਨਿੰਗ 'ਚ ਮਦਦ ਕਰੇਗੀ, ਜਿਸ ਨਾਲ ਇਲਾਜ ਦੀ ਲੋੜ ਵਾਲੇ ਬੱਚਿਆਂ ਨੂੰ ਅੱਗੇ ਸਬੰਧਤ ਡਾਕਟਰ ਕੋਲ ਸਮੇਂ ਸਿਰ ਰੈਫਰ ਕੀਤਾ ਜਾ ਸਕੇਗਾ।

ਇਨ੍ਹਾਂ ਏ.ਆਈ.-ਅਧਾਰਤ ਉਪਕਰਨਾਂ ਬਾਰੇ ਸਿਹਤ ਸੰਭਾਲ ਕਰਮਚਾਰੀਆਂ ਨੂੰ ਵਿਸ਼ੇਸ਼ ਸਿਖਲਾਈ ਦਿੱਤੀ ਜਾਵੇਗੀ, ਜੋ ਨਵੀਨ ਤਕਨਾਲੋਜੀ ਨੂੰ ਨਿਯਮਤ ਸੇਵਾ ਪ੍ਰਣਾਲੀ ਵਿੱਚ ਸਹਿਜ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਏਕੀਕ੍ਰਿਤ ਕਰਨਾ ਯਕੀਨੀ ਬਣਾਏਗਾ। ਇਹ ਭਾਈਵਾਲੀ ਭਵਿੱਖ 'ਚ ਪੰਜਾਬ ਦੇ ਸਮੁੱਚੇ ਸਿਹਤ ਢਾਂਚੇ ਵਿੱਚ ਏਆਈ-ਅਧਾਰਤ ਤਕਨਾਲੋਜੀਆਂ ਨੂੰ ਅਪਣਾਉਣ ਬਾਰੇ ਇੰਪਲੀਮੈਂਟੇਸ਼ਨ ਲਰਨਿੰਗ ਪ੍ਰਦਾਨ ਕਰਨ ਵਿੱਚ ਵੀ ਮਦਦ ਕਰੇਗੀ।

ਇਸ ਪ੍ਰੋਜੈਕਟ ਦੇ ਪ੍ਰਭਾਵ ਬਾਰੇ ਬੋਲਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਨ੍ਹਾਂ ਏ.ਆਈ. ਤਕਨਾਲੋਜੀ ਅਧਾਰਤ ਉਪਕਰਨਾਂ ਨੂੰ ਸਥਾਪਤ ਕਰਨ ਦਾ ਅਰਥ ਹੈ ਕਿ ਹੁਣ ਸਾਡੇ ਲੋਕਾਂ ਲਈ ਤੇਜ਼ੀ ਨਾਲ ਵਧੇਰੇ ਸਟੀਕ ਹੈਲਥ ਸਕ੍ਰੀਨਿੰਗ ਦੀ ਸੁਵਿਧਾ ਉਪਲੱਬਧ ਹੋਵੇਗੀ, ਜੋ ਦਿਲ ਦੀਆਂ ਗੰਭੀਰ ਸਮੱਸਿਆਵਾਂ ਦਾ ਜਲਦੀ ਪਤਾ ਲਗਾਉਣ ਦੇ ਯੋਗ ਹੋਵੇਗੀ। ਇਹ ਪਹਿਲਕਦਮੀ ਸਿਰਫ਼ ਉੱਨਤ ਉਪਕਰਨ ਸਥਾਪਤ ਕਰਨ ਬਾਰੇ ਨਹੀਂ ਹੈ; ਸਗੋਂ ਇਹ ਫਰੰਟਲਾਈਨ ਸਿਹਤ ਸੰਭਾਲ ਸਮਰੱਥਾ ਨੂੰ ਮਜ਼ਬੂਤ ਕਰਨ, ਰੈਫਰਲ ਪ੍ਰਕਿਰਿਆ ਨੂੰ ਬਿਹਤਰ ਬਣਾਉਣ ਅਤੇ ਰਾਜ ਭਰ ਵਿੱਚ ਭਵਿੱਖ ਲਈ ਤੱਥ-ਅਧਾਰਤ ਪ੍ਰਮਾਣ ਪੈਦਾ ਕਰਨ ਬਾਰੇ ਹੈ।

ਤਕਨੀਕੀ ਤੌਰ 'ਤੇ ਪੂਰੀ ਤਰ੍ਹਾਂ ਸਮਰੱਥ ਸਿਹਤ ਸੰਭਾਲ ਪ੍ਰਤੀ ਸਰਕਾਰ ਦੀ ਵਚਨਬੱਧਤਾ 'ਤੇ ਜ਼ੋਰ ਦਿੰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਤਕਨਾਲੋਜੀ ਸਾਡੀ ਸਿਹਤ ਸੰਭਾਲ ਦੇ ਢੰਗ-ਤਰੀਕਿਆਂ ਨੂੰ ਬਦਲ ਰਹੀ ਹੈ ਅਤੇ ਪੰਜਾਬ ਇਸ ਵਿੱਚ ਮੋਹਰੀ ਭੂਮਿਕਾ ਨਿਭਾ ਰਿਹਾ ਹੈ।

## ਸਿੱਖ ਯਾਤਰੀਆਂ ਦੀ ਸੁਰੱਖਿਆ ਯਕੀਨੀ ਬਣਾਉਣ 'ਚ ਉੱਤਰਾਖੰਡ ਪੁਲਿਸ ਅਸ.ਫਲ

# ਉੱਤਰਾਖੰਡ ਸਰਕਾਰ ਸਿੱਖ ਯਾਤਰੀਆਂ ਦੀ ਸੁਰੱਖਿਆ ਯਕੀਨੀ ਬਣਾਏ: ਹਰਮੀਤ ਸਿੰਘ ਕਾਲਕਾ



**ਕੁਰੂਕਸ਼ੇਤਰ, 20 ਜੂਨ**
**-ਚੌਧਰੀ ਪ੍ਰਭਜੀਤ ਸਿੰਘ-**

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹਰਮੀਤ ਸਿੰਘ ਕਾਲਕਾ ਨੇ ਬੀਤੇ ਦਿਨੀਂ ਉਤਰਾਖੰਡ ਦੇ ਕਰਣਪ੍ਰਯਾਗ ਵਿੱਚ ਸ੍ਰੀ ਹੇਮਕੁੰਟ ਸਾਹਿਬ ਯਾਤਰਾ ਦੌਰਾਨ ਵਾਪਰੀ ਘਟਨਾ ਅਤੇ ਉਸ ਤੋਂ ਬਾਅਦ ਉੱਤਰਾਖੰਡ ਪੁਲਿਸ ਵੱਲੋਂ ਅਪਣਾਏ ਗਏ ਰਵੱਈਏ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਕਿਹਾ ਕਿ ਸਿੱਖ ਨੌਜਵਾਨਾਂ ਨੂੰ ਨਿਸ਼ਾਨਾ ਬਣਾਉਣਾ ਅਤੇ ਉਨ੍ਹਾਂ ਦੇ ਸਵੈ-ਰੱਖਿਆ ਦੇ ਅਧਿਕਾਰ ਨੂੰ ਅਪਰਾਧ ਵਜੋਂ ਪੇਸ਼ ਕਰਨਾ ਬਹੁਤ ਹੀ ਦੁਖਦਾਈ ਅਤੇ ਚਿੰਤਾਜਨਕ ਹੈ।

ਅੱਜ ਇਥੇ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਾਲਕਾ ਨੇ ਕਿਹਾ ਕਿ ਜਦੋਂ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਗੁਰਸਿੱਖ ਨੌਜਵਾਨਾਂ 'ਤੇ ਹਮਲਾ ਕੀਤਾ ਗਿਆ ਤਾਂ ਉਨ੍ਹਾਂ ਨੇ ਆਪਣੀ ਜਾਨ ਅਤੇ ਸਨਮਾਨ ਦੀ ਰੱਖਿਆ ਲਈ ਕਿਰਪਾਨ ਦੀ ਵਰਤੋਂ ਕੀਤੀ, ਜੋ ਹਰ ਅੰਮ੍ਰਿਤਧਾਰੀ ਸਿੱਖ ਦਾ ਸੰਵਿਧਾਨਕ ਅਤੇ ਧਾਰਮਿਕ ਅਧਿਕਾਰ ਹੈ। ਉਨ੍ਹਾਂ ਕਿਹਾ ਕਿ ਸਵੈ-ਰੱਖਿਆ ਅਤੇ ਹਮਲਾਵਰਤਾ ਵਿਚਕਾਰ ਫਰਕ ਸਮਝਣਾ ਪੁਲਿਸ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੁੰਦੀ ਹੈ, ਪਰ ਅਫਸੋਸ ਨਾਲ ਕਹਿਣਾ ਪੈ ਰਿਹਾ ਹੈ ਕਿ ਉੱਤਰਾਖੰਡ ਦੀ ਪੁਲਿਸ ਇਸ ਮਾਮਲੇ ਵਿੱਚ ਪੂਰੀ ਤਰ੍ਹਾਂ ਅਸਫ਼ਲ ਸਾਬਤ ਹੋਈ ਹੈ।

ਕਾਲਕਾ ਨੇ ਦੋਸ਼ ਲਾਇਆ ਕਿ ਗ੍ਰਿਫ਼ਤਾਰ ਕੀਤੇ ਗਏ ਸਿੱਖ ਨੌਜਵਾਨਾਂ ਨਾਲ ਪੁਲਿਸ ਵੱਲੋਂ ਤਸ਼ੱਦਦ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਹ ਮਾਮਲਾ ਸਿਰਫ਼ ਚਾਰ ਨੌਜਵਾਨਾਂ ਦਾ ਨਹੀਂ, ਸਗੋਂ ਦੇਸ਼ ਭਰ ਦੇ ਸਿੱਖ ਯਾਤਰੀਆਂ ਦੀ ਸੁਰੱਖਿਆ ਅਤੇ ਸਨਮਾਨ ਨਾਲ ਜੁੜਿਆ ਹੋਇਆ ਹੈ। ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ, ਰਾਜ ਦੇ ਡੀਜੀਪੀ ਅਤੇ ਰਾਜਪਾਲ ਨੂੰ ਪੱਤਰ ਲਿਖ ਕੇ ਨਿਰਪੱਖ ਜਾਂਚ ਦੀ ਮੰਗ ਕੀਤੀ ਗਈ ਹੈ, ਅਤੇ ਹੇਮਕੁੰਟ ਸਾਹਿਬ ਦੀ ਯਾਤਰਾ ਦੌਰਾਨ ਸਿੱਖ ਯਾਤਰੀਆਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਮੰਗ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਇੱਕ ਉੱਚ ਪੱਧਰੀ ਵਫ਼ਦ ਜਲਦ ਹੀ ਉੱਤਰਾਖੰਡ ਦਾ ਦੌਰਾ ਕਰੇਗਾ ਅਤੇ ਹੇਮਕੁੰਟ ਸਾਹਿਬ ਟਰੱਸਟ ਦੇ ਅਹੁਦੇਦਾਰਾਂ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਮੁਲਾਕਾਤ ਕਰੇਗਾ।

ਕਾਲਕਾ ਨੇ ਕਿਹਾ ਕਿ ਜੇਕਰ ਪੁਲਿਸ ਅਤੇ ਪ੍ਰਸ਼ਾਸਨ ਖੁਦ ਪੱਖਪਾਤੀ ਰਵੱਈਆ ਅਪਣਾਉਣਗੇ ਤਾਂ ਸਮਾਜ ਵਿੱਚ ਨਫ਼ਰਤ ਅਤੇ ਬੇਭਰੋਸਗੀ ਦਾ ਮਾਹੌਲ ਪੈਦਾ ਹੋਵੇਗਾ, ਜਿਸ ਦਾ ਨੁਕਸਾਨ ਸੂਬੇ ਅਤੇ ਦੇਸ਼ ਦੋਵਾਂ ਨੂੰ ਝੱਲਣਾ ਪਵੇਗਾ। ਉਨ੍ਹਾਂ ਚੇਤਾਵਨੀ ਦਿੱਤੀ ਕਿ ਸਿੱਖ ਯਾਤਰੀਆਂ ਦੀ ਸੁਰੱਖਿਆ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਕਿਹਾ ਕਿ ਸ੍ਰੀ ਹੇਮਕੁੰਟ ਸਾਹਿਬ ਦੀ ਯਾਤਰਾ ਸਿਰਫ਼ ਧਾਰਮਿਕ ਆਸਥਾ ਦਾ ਪ੍ਰਤੀਕ ਨਹੀਂ, ਸਗੋਂ ਉੱਤਰਾਖੰਡ ਦੀ ਆਰਥਿਕਤਾ ਨਾਲ ਵੀ ਡੂੰਘੇ ਤੌਰ 'ਤੇ ਜੁੜੀ ਹੋਈ ਹੈ। ਉਨ੍ਹਾਂ ਕਿਹਾ ਕਿ ਹਰ ਸਾਲ ਲੱਖਾਂ ਸ਼ਰਧਾਲੂ ਉੱਥੇ ਜਾਂਦੇ ਹਨ, ਜਿਸ ਨਾਲ ਸਥਾਨਕ ਲੋਕਾਂ ਦੀ ਰੋਜ਼ੀ-ਰੋਟੀ ਅਤੇ ਸੂਬੇ ਦੇ ਸੈਰ-ਸਪਾਟਾ ਉਦਯੋਗ ਨੂੰ ਵੱਡਾ ਲਾਭ ਹੁੰਦਾ ਹੈ। ਉਨ੍ਹਾਂ ਕਿਹਾ ਕਿ ਇਸ ਲਈ ਉਤਰਾਖੰਡ ਸਰਕਾਰ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਯਾਤਰੀਆਂ ਲਈ ਭੈਅ-ਮੁਕਤ ਅਤੇ ਸੁਰੱਖਿਅਤ ਮਾਹੌਲ ਯਕੀਨੀ ਬਣਾਇਆ ਜਾਵੇ।

ਸਰਦਾਰ ਕਾਲਕਾ ਨੇ ਕਿਹਾ ਕਿ ਕਿਰਪਾਨ ਕੋਈ ਹਥਿਆਰ ਨਹੀਂ, ਸਗੋਂ ਗੁਰੂ ਸਾਹਿਬ ਦੀ ਬਖ਼ਸ਼ਿਸ਼ ਅਤੇ ਸਿੱਖ ਦੀ ਪਹਿਚਾਣ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਸਿੱਖ ਨੂੰ ਆਪਣੇ ਧਾਰਮਿਕ ਚਿੰਨ੍ਹ ਧਾਰਨ ਕਰਨ ਤੋਂ ਰੋਕਣ ਦੀ ਕੋਸ਼ਿਸ਼ ਸੰਵਿਧਾਨਕ ਅਧਿਕਾਰਾਂ 'ਤੇ ਸਿੱਧਾ ਹਮਲਾ ਹੈ।

# ਯੂਨਾਇਟੇਡ ਨੇਸਨ ਵੱਲੋਂ ਐਚ ਆਈ ਵੀ ਏਡਜ਼ ਵਿਸੇ ਤੇ ਕਾਨਫਰੰਸ ਲਈ ਸੱਦਾ ਪੱਤਰ ਮਿਲਣਾ ਪਟਿਆਲਾ ਜ਼ਿਲ੍ਹੇ ਲਈ ਲਈ ਇੱਕ ਮਾਣ ਵਾਲਾ ਪਲ

**ਪਟਿਆਲਾ, 20 ਜੂਨ**
**-ਮਨੋਜ ਵਰਮਾ-**

ਇੱਕ ਪ੍ਰਸਿੱਧ ਜ਼ਮੀਨੀ ਪੱਧਰ ਦੇ ਸਮਾਜਿਕ ਕਾਰਕੁਨ ਜਤਵਿੰਦਰ ਗਰੇਵਾਲ ਅਤੇ ਪੂਰੇ ਪਾਵਰ ਹਾਊਸ ਯੂਥ ਕਲੱਬ ਪਰਿਵਾਰ ਲਈ ਇੱਕ ਮਾਣ ਵਾਲਾ ਪਲ ਹੈ। ਸਮਾਜ ਭਲਾਈ ਅਤੇ ਭਾਈਚਾਰਕ ਵਿਕਾਸ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਨੂੰ ਮਾਨਤਾ ਦਿੰਦੇ ਹੋਏ, ਜਤਵਿੰਦਰ ਗਰੇਵਾਲ ਨੂੰ 22 ਜੂਨ 2026 ਤੋਂ 24 ਜੂਨ 2026 ਤੱਕ ਸੰਯੁਕਤ ਰਾਸ਼ਟਰ ਦੇ ਮੁੱਖ ਦਫਤਰ, ਨਿਊਯਾਰਕ, ਅਮਰੀਕਾ ਵਿਖੇ ਹੋਣ ਵਾਲੀ ਐੱਚਆਈਵੀ/ਏਡਜ਼ 'ਤੇ 2026 ਦੀ ਉੱਚ-ਪੱਧਰੀ ਮੀਟਿੰਗ ਵਿੱਚ ਹਿੱਸਾ ਲੈਣ ਲਈ ਵਿਸ਼ੇਸ਼ ਮਾਨਤਾ ਅਤੇ ਸੱਦਾ ਪ੍ਰਾਪਤ ਹੋਇਆ ਹੈ।

ਇਹ ਅੰਤਰਰਾਸ਼ਟਰੀ ਮਾਨਤਾ ਜਾਗਰੂਕਤਾ ਮੁਹਿੰਮਾਂ, ਯੁਵਾ ਸਸ਼ਕਤੀਕਰਨ ਪਹਿਲਕਦਮੀਆਂ, ਸਵੈ-ਇੱਛਤ ਖੂਨਦਾਨ, ਵਾਤਾਵਰਣ ਸੁਰੱਖਿਆ, ਮਾਹਵਾਰੀ ਸਿਹਤ ਜਾਗਰੂਕਤਾ, ਨਸ਼ਾ ਵਿਰੋਧੀ ਮੁਹਿੰਮਾਂ ਅਤੇ ਕਈ ਭਾਈਚਾਰਕ ਭਲਾਈ ਪ੍ਰੋਗਰਾਮਾਂ ਰਾਹੀਂ ਮਨੁੱਖਤਾ ਪ੍ਰਤੀ 35 ਸਾਲਾਂ ਤੋਂ ਵੱਧ ਸਮਰਪਿਤ ਸੇਵਾ ਨੂੰ ਉਜਾਗਰ ਕਰਦੀ ਹੈ। 1990 ਤੋਂ, ਪਾਵਰ ਹਾਊਸ ਯੂਥ ਕਲੱਬ ਜ਼ਮੀਨੀ ਪੱਧਰ 'ਤੇ ਸਮਾਜ ਦੀ ਸੇਵਾ ਕਰਨ ਲਈ ਵਚਨਬੱਧ ਰਿਹਾ ਹੈ।



ਭਾਰਤ ਸਰਕਾਰ ਦੇ ਯੁਵਾ ਮਾਮਲਿਆਂ ਅਤੇ ਖੇਡ ਮੰਤਰਾਲੇ ਅਤੇ ਪੰਜਾਬ ਸਰਕਾਰ ਦੇ ਯੁਵਾ ਸੇਵਾਵਾਂ ਵਿਭਾਗ ਨਾਲ ਜੁੜੇ ਇਸ ਕਲੱਬ ਨੇ ਪਿਛਲੇ ਸਾਢੇ ਤਿੰਨ ਦਹਾਕਿਆਂ ਦੌਰਾਨ 17,000 ਤੋਂ ਵੱਧ ਸਮਾਜਿਕ ਜਾਗਰੂਕਤਾ ਅਤੇ ਭਲਾਈ ਸਮਾਗਮਾਂ ਦਾ ਆਯੋਜਨ ਕੀਤਾ ਹੈ। ਇਸਦੇ ਜ਼ਿਆਦਾਤਰ ਮੈਂਬਰ ਸਵੈ-ਇੱਛਤ ਖੂਨਦਾਨੀਆਂ ਹਨ ਜੋ ਮਾਨਵਤਾਵਾਦੀ ਅਤੇ ਭਾਈਚਾਰਕ ਸੇਵਾ ਗਤੀਵਿਧੀਆਂ ਵਿੱਚ ਸਰਗਰਮੀ ਨਾਲ ਹਿੱਸਾ ਲੈਂਦੇ ਹਨ।

ਪ੍ਰਧਾਨ ਅਤੇ ਸਟੇਟ ਅਵਾਰਡੀ ਰੁਪਿੰਦਰ ਕੌਰ ਦੀ ਅਗਵਾਈ ਹੇਠ, ਕਲੱਬ ਨੇ ਮਾਹਵਾਰੀ ਸਫਾਈ ਅਤੇ ਔਰਤਾਂ ਦੀ ਸਿਹਤ ਜਾਗਰੂਕਤਾ ਮੁਹਿੰਮਾਂ ਨੂੰ ਸਫਲਤਾਪੂਰਵਕ ਚਲਾਇਆ ਹੈ, ਜਦੋਂ ਕਿ ਕਲੱਬ ਦੇ ਚੇਅਰਮੈਨ ਸਟੇਟ ਅਵਾਰਡੀ ਪਰਮਿੰਦਰ ਭਲਵਾਨ ਨੇ ਨੌਜਵਾਨਾਂ ਅਤੇ ਭਾਈਚਾਰਿਆਂ ਵਿੱਚ ਪ੍ਰਭਾਵਸ਼ਾਲੀ ਨਸ਼ਾ ਵਿਰੋਧੀ ਜਾਗਰੂਕਤਾ ਪਹਿਲਕਦਮੀਆਂ ਦੀ ਅਗਵਾਈ ਕੀਤੀ ਹੈ।

ਸੰਸਥਾ ਦੀ ਇੱਕ ਵਿਲੱਖਣ ਪ੍ਰਾਪਤੀ ਇਹ ਹੈ ਕਿ ਪਾਵਰ ਹਾਊਸ ਯੂਥ ਕਲੱਬ ਨੂੰ ਭਾਰਤ ਦੇ ਇੱਕੋ ਇੱਕ ਯੁਵਾ ਕਲੱਬ ਵਜੋਂ ਮਾਨਤਾ ਪ੍ਰਾਪਤ ਹੈ ਜਿਸਨੂੰ ਆਪਣੀਆਂ ਨਿਰੰਤਰ ਸਮਾਜਿਕ ਭਲਾਈ ਗਤੀਵਿਧੀਆਂ ਅਤੇ ਜ਼ਮੀਨੀ ਪੱਧਰ 'ਤੇ ਭਾਈਚਾਰਕ ਸੇਵਾ ਦੇ ਕਾਰਨ ਸੰਯੁਕਤ ਰਾਸ਼ਟਰ ਤੋਂ ਮਾਨਤਾ ਪ੍ਰਾਪਤ ਹੋਈ ਹੈ। ਸੰਯੁਕਤ ਰਾਸ਼ਟਰ ਹੈੱਡਕੁਆਰਟਰ ਵਿਖੇ ਐੱਚਆਈਵੀ/ਏਡਜ਼ 'ਤੇ 2026 ਦੀ ਉੱਚ-ਪੱਧਰੀ ਮੀਟਿੰਗ ਲਈ ਸੱਦਾ ਕਲੱਬ ਦੀ ਵਿਸ਼ਵਵਿਆਪੀ ਮਾਨਤਾ ਨੂੰ ਹੋਰ ਮਜ਼ਬੂਤ ??ਕਰਦਾ ਹੈ ਅਤੇ ਦਰਸਾਉਂਦਾ ਹੈ ਕਿ ਸਥਾਨਕ ਭਾਈਚਾਰਕ ਯਤਨ ਅੰਤਰਰਾਸ਼ਟਰੀ ਵਿਕਾਸ ਟੀਚਿਆਂ ਵਿੱਚ ਕਿਵੇਂ ਯੋਗਦਾਨ ਪਾ ਸਕਦੇ ਹਨ।

ਇਹ ਪ੍ਰਾਪਤੀ ਨਾ ਸਿਰਫ਼ ਜਤਵਿੰਦਰ ਗਰੇਵਾਲ ਅਤੇ ਪਾਵਰ ਹਾਊਸ ਯੂਥ ਕਲੱਬ ਲਈ, ਸਗੋਂ ਪੰਜਾਬ ਅਤੇ ਭਾਰਤ ਲਈ ਵੀ ਮਾਣ ਵਾਲੀ ਗੱਲ ਹੈ। ਇਹ ਹਜ਼ਾਰਾਂ ਵਲੰਟੀਅਰਾਂ ਦੇ ਸਮਰਪਣ ਨੂੰ ਦਰਸਾਉਂਦੀ ਹੈ ਜਿਨ੍ਹਾਂ ਨੇ ਪਿਛਲੇ 35 ਸਾਲਾਂ ਤੋਂ ਸਮਾਜ ਭਲਾਈ ਲਈ ਅਣਥੱਕ ਮਿਹਨਤ ਕੀਤੀ ਹੈ। ਸੰਯੁਕਤ ਰਾਸ਼ਟਰ ਦੁਆਰਾ ਮਾਨਤਾ ਦੇਸ਼ ਭਰ ਦੇ ਨੌਜਵਾਨਾਂ ਅਤੇ ਸਮਾਜਿਕ ਸੰਗਠਨਾਂ ਲਈ ਪ੍ਰੇਰਨਾ ਦਾ ਕੰਮ ਕਰਦੀ ਹੈ, ਇਹ ਸਾਬਤ ਕਰਦੀ ਹੈ ਕਿ ਨਿਰਸਵਾਰਥ ਸੇਵਾ, ਵਚਨਬੱਧਤਾ ਅਤੇ ਜ਼ਮੀਨੀ ਪੱਧਰ 'ਤੇ ਕਾਰਵਾਈ ਇੱਕ ਸਥਾਈ ਪ੍ਰਭਾਵ ਪੈਦਾ ਕਰ ਸਕਦੀ ਹੈ ਅਤੇ ਵਿਸ਼ਵ ਪੱਧਰ 'ਤੇ ਮਾਨਤਾ ਪ੍ਰਾਪਤ ਕਰ ਸਕਦੀ ਹੈ।

# ਮੌਜੂਦਾ ਸਮੇਂ ਵਿੱਚ ਪੰਜਾਬ ਦੇ ਆਰਥਿਕ ਅਤੇ ਸਿਆਸੀ ਹਾਲਾਤ ਬੇਹੱਦ ਚਿੰਤਾਜਨਕ : ਪਰਮਿੰਦਰ ਸਿੰਘ ਢੀਂਡਸਾ



**ਸੁਨਾਮ, 20 ਜੂਨ**
**ਜਗਦੇਵ ਰੰਚਨਾਂ**

ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਤੇ ਪੰਜਾਬ ਦੇ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਪੰਜਾਬ ਦੇ ਮੌਜੂਦਾ ਸਿਆਸੀ ਅਤੇ ਆਰਥਿਕ ਹਾਲਾਤ ਨੂੰ ਲੈ ਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅੱਜ ਪੰਜਾਬ ਸਿਆਸੀ, ਆਰਥਿਕ ਅਤੇ ਸਮਾਜਿਕ ਹਰ ਮੋਰਚੇ 'ਤੇ ਪਛੜਦਾ ਜਾ ਰਿਹਾ ਹੈ, ਜੋਕਿ ਬੇਹੱਦ ਚਿੰਤਾ ਦਾ ਵਿਸ਼ਾ ਹੈ।

ਢੀਂਡਸਾ ਨੇ ਸੂਬੇ ਦੀ ਆਰਥਿਕ ਬਦਹਾਲੀ ਦੇ ਅੰਕੜੇ ਪੇਸ਼ ਕਰਦਿਆਂ ਚੇਤਾਵਨੀ ਦਿੱਤੀ ਕਿ ਪੰਜਾਬ ਸਿਰ ਇਸ ਸਮੇਂ ਲਗਭਗ ਪੌਣੇ ਪੰਜ ਲੱਖ ਕਰੋੜ ਰੁਪਏ ਦਾ ਕਰਜ਼ਾ ਖੜ੍ਹਾ ਹੈ ਅਤੇ ਹਾਲਾਤ ਇੰਨੇ ਖ਼ਰਾਬ ਹੋ ਚੁੱਕੇ ਹਨ ਕਿ ਅਗਲੇ ਸਾਲ ਤੱਕ ਸਰਕਾਰ ਨੂੰ ਸਿਰਫ਼ ਕਰਜ਼ੇ ਦੇ ਵਿਆਜ ਵਜੋਂ ਹੀ 25,000 ਕਰੋੜ ਰੁਪਏ ਅਦਾ ਕਰਨੇ ਪੈਣਗੇ।

ਢੀਂਡਸਾ ਨੇ ਕਿਹਾ ਕਿ ਜਦੋਂ ਤੱਕ ਪੰਜਾਬ ਦੇ ਅਸਲ ਮੁੱਦਿਆਂ ਅਤੇ ਲੋਕਾਂ ਦੀਆਂ ਭਾਵਨਾਵਾਂ ਨੂੰ ਸਰਕਾਰ ਤੱਕ ਜ਼ੋਰਦਾਰ ਢੰਗ ਨਾਲ ਨਹੀਂ ਪਹੁੰਚਾਇਆ ਜਾਵੇਗਾ, ਉਦੋਂ ਤੱਕ ਇਹ ਸਰਕਾਰ ਕੁੰਭਕਰਨੀ ਨੀਂਦ ਤੋਂ ਨਹੀਂ ਜਾਗੇਗੀ।

ਢੀਂਡਸਾ ਨੇ ਆਪ ਲੀਡਰਸ਼ਿਪ 'ਤੇ ਗ਼ੈਰ-ਸੰਜੀਦਗੀ ਦੇ ਦੋਸ਼ ਲਾਉਂਦਿਆਂ ਕਿਹਾ ਕਿ ਮੌਜੂਦਾ ਸਰਕਾਰ ਕੋਲ ਸੂਬੇ ਦੇ ਵਿਕਾਸ ਲਈ ਕੋਈ ਠੋਸ ਨੀਤੀ ਨਹੀਂ ਹੈ। ਉਨ੍ਹਾਂ ਕਿਹਾ ਕਿ ਮੌਜੂਦਾ ਪੰਜਾਬ ਸਰਕਾਰ ਦਾ ਸਾਰਾ ਜ਼ੋਰ ਸਿਰਫ਼ ਝੂਠੇ ਪ੍ਰਚਾਰ ਅਤੇ ਪ੍ਰੋਪੇਗੰਡੇ 'ਤੇ ਲੱਗਿਆ ਹੋਇਆ ਹੈ ਅਤੇ ਅਸਲ ਮੁੱਦਿਆਂ ਤੋਂ ਲੋਕਾਂ ਦਾ ਧਿਆਨ ਭਟਕਾਉਣ ਲਈ ਜਨਤਾ ਦੀ ਖ਼ੂਨ-ਪਸੀਨੇ ਦੀ ਕਮਾਈ ਦੇ ਕਰੋੜਾਂ ਰੁਪਏ ਇਸ਼ਤਿਹਾਰਬਾਜ਼ੀ 'ਤੇ ਹੀ ਬਰਬਾਦ ਕੀਤੇ ਜਾ ਰਹੇ ਹਨ।

# ਐਸ ਸੀ ਸਮਾਜ ਦੀਆ ਜਥੇਬੰਦੀਆ ਨੇ ਰਾਜਾ ਵੜਿੰਗ ਦਾ ਪੁਤਲਾ ਫੂਕਿਆ



**ਅੰਮ੍ਰਿਤਸਰ, 20 ਜੂਨ**
**-ਸ਼.ਅ.ਬਿਓਰੋ-**

ਅੱਜ ਅੰਮ੍ਰਿਤਸਰ ਹਾਲ ਗੇਟ ਵਿਖੇ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਦੇ ਖਿਲਾਫ, ਸੰਤ ਸਿਪਾਹੀ ਸੋਸਾਇਟੀ ਲੁਧਿਆਣਾ, ਨੇ, ਸਮੂਹ ਐਸ ਸੀ ਸਮਾਜ ਦੀਆ ਜਥੇਬੰਦੀਆ ਨਾਲ ਮਿਲ ਕੇ, ਪੁਤਲਾ ਫੂਕਿਆ ਗਿਆ। ਦੱਸਣਯੋਗ ਇਹ ਹੈ, ਕਿ,ਐਸ , ਸੀ ਦੇ ਦੇ ਲੋਕਾਂ ਦਾ ਖਹਿਣਾ ਹੈ, ਕਿ ਰਾਜਾ ਵੜਿੰਗ ਨੇ, ਵਾਰ ਵਾਰ ਸਾਡੇ ਸਮਾਜ ਨੂੰ ਨੀਵਾਂ ਦਿਖਾਇਆ ਤੇ ਐਸ ਸੀ, ਕਮਿਸ਼ਨ ਦੇ ਅੱਗੇ ਪੇਸ਼ ਨਾ ਹੋ ਕੇ, ਸਿੱਧਾ ਨਹੀ ਅਸਿੱਧੇ ਤੌਰ ਤੇ ਹਮਲਾ ਕੀਤਾ,

ਇਸ ਮੌਕੇ ਭਾਈ ਦਵਿੰਦਰ ਸਿੰਘ ਨੇ ਐਸ, ਸੀ ਕਮਿਸ਼ਨ ਦੇ ਚੇਅਰਮੈਨ ਨੂੰ ਬੇਨਤੀ ਕਿ, ਰਾਜਾ ਵੜਿੰਗ ਖਿਲਾਫ ਗ੍ਰਿਫਤਾਰੀ ਵਾਰੰਟ ਜਾਰੀ ਕੀਤੇ ਜਾਣ।

ਇਸ ਰੋਸ਼ ਪ੍ਰਦਰਸ਼ਨ ਵਿੱਚ, ਪਾਰਟੀ ਬਾਜੀ ਤੋਂ ਉਪਰ ਉੱਠ ਕੇ, ਸਮਾਜ ਦੀ ਮਜ਼ਬੂਤੀ ਲਈ ਇਕ ਮਿੱਕ ਹੋ ਕੇ, ਭਾਈ ਦਵਿੰਦਰ ਸਿੰਘ ਦੀ ਅਗਵਾਈ ਵਿੱਚ ਸਾਰੇ ਸਮਾਜਿਕ ਜਥੇਬੰਦੀਆ, ਰਾਜਨੀਤਕ ਲੋਕਾਂ ਨੇ ਹਾਜ਼ਰੀ ਲਗਵਾਈ।

# ਇਲੈਕਟੋਰਲ ਰੋਲਸ ਦੇ ਸਪੈਸ਼ਲ ਇੰਟੈਂਸਿਵ ਰਿਵਿਜ਼ਨ ਪ੍ਰਤੀ ਜਾਗਰੂਕਤਾ ਵਧਾਉਣ ਹਿਤ 'ਐੱਸਆਈਆਰ ਵੈਨ' ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ

**ਚੰਡੀਗੜ੍ਹ, 20 ਜੂਨ**
**-ਸ਼.ਅ.ਬਿਓਰੋ-**

ਇਲੈਕਟੋਰਲ ਰੋਲਸ ਦੇ ਚਲ ਰਹੇ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਦੇ ਸਬੰਧ ਵਿੱਚ ਜਨ-ਜਾਗਰੂਕਤਾ ਵਧਾਉਣ ਅਤੇ ਨਾਗਰਿਕਾਂ ਦੀ ਵੱਧ ਤੋਂ ਵੱਧ ਭਾਗੀਦਾਰੀ ਸੁਨਿਸ਼ਚਿਤ ਕਰਨ ਦੇ ਉਦੇਸ਼ ਨਾਲ ਡਿਪਟੀ ਕਮਿਸ਼ਨਰ-ਅਤੇ-ਜ਼ਿਲ੍ਹਾ ਚੋਣ ਅਫ਼ਸਰ, ਚੰਡੀਗੜ੍ਹ ਸ਼੍ਰੀ ਨਿਸ਼ਾਂਤ ਕੁਮਾਰ ਯਾਦਵ, ਆਈਏਐੱਸ ਨੇ ਅੱਜ ਚੰਡੀਗੜ੍ਹ ਸਕੱਤਰੇਤ, ਸੈਕਟਰ 9 ਤੋਂ ਇੱਕ ਐੱਸਆਈਆਰ ਜਨ ਜਾਗਰੂਕਤਾ ਵਾਹਨ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ।

ਇਹ ਜਾਗਰੂਕਤਾ ਮੁਹਿੰਮ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਦੇ ਗਣਨਾ ਪੜਾਅ ਦੇ ਤਹਿਤ ਚਲਾਈ ਜਾ ਰਹੀ ਹੈ, ਜੋ 15 ਜੂਨ, 2026 ਤੋਂ ਸ਼ੁਰੂ ਹੋ ਕੇ 14 ਜੁਲਾਈ, 2026 ਤੱਕ ਜਾਰੀ ਰਹੇਗੀ।



ਇਹ ਜਨ ਜਾਗਰੂਕਤਾ ਵਾਹਨ ਚੰਡੀਗੜ੍ਹ ਦੇ ਵਿਭਿੰਨ ਸੈਕਟਰਾਂ ਅਤੇ ਜਨਤਕ ਸਥਾਨਾਂ ਦੀ ਯਾਤਰਾ ਕਰਕੇ ਇਲੈਕਟੋਰਲ ਰੋਲਸ ਰਿਵਿਜ਼ਨ ਪ੍ਰਕਿਰਿਆ ਦੀ ਜਾਣਕਾਰੀ ਨਾਗਰਿਕਾਂ ਤੱਕ ਪਹੁੰਚਾਏਗਾ ਅਤੇ ਪਾਤਰ ਨਾਗਰਿਕਾਂ ਨੂੰ ਆਪਣੇ ਚੋਣ ਸਬੰਧੀ ਵੇਰਵਿਆਂ ਦੀ ਤਸਦੀਕ ਕਰਨ ਅਤੇ ਅਪਡੇਟ ਕਰਵਾਉਣ ਲਈ ਪ੍ਰੇਰਿਤ ਕਰੇਗਾ।

ਜਾਗਰੂਕਤਾ ਮੁਹਿੰਮ ਦੇ ਤਹਿਤ ਜਨ-ਸਹਿਭਾਗਿਤਾ ਨੂੰ ਹੁਲਾਰਾ ਦੇਣ ਲਈ ਪ੍ਰੋਗਰਾਮ ਸਥਾਨ 'ਤੇ ਇੱਕ ਐੱਸਆਈਆਰ ਫੋਟੋ ਬੂਥ ਵੀ ਸਥਾਪਿਤ ਕੀਤਾ ਗਿਆ।

ਜ਼ਿਲ੍ਹਾ ਚੋਣ ਅਧਿਕਾਰੀ ਨੇ ਨਾਗਰਿਕਾਂ ਨੂੰ ਸਪੈਸ਼ਲ ਇੰਟੈਂਸਿਵ ਰਿਵਿਜ਼ਨ (ਐੱਸਆਈਆਰ) ਪ੍ਰਕਿਰਿਆ ਵਿੱਚ ਸਰਗਰਮ ਤੌਰ 'ਤੇ ਹਿੱਸਾ ਲੈਣ ਅਤੇ ਗਣਨਾ ਪੜਾਅ ਦੇ ਦੌਰਾਨ ਬੂਥ ਪੱਧਰੀ ਅਧਿਕਾਰੀਆਂ (ਬੀਐੱਲਓਜ਼/) ਨਾਲ ਸਹਿਯੋਗ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਨੇ ਕਿਹਾ ਕਿ ਸਾਰੇ ਪਾਤਰ ਨਾਗਰਿਕਾਂ ਦਾ ਨਾਮ ਇਲੈਕਟੋਰਲ ਰੋਲਸ ਵਿੱਚ ਸ਼ਾਮਲ ਕਰਨਾ, ਐਂਟਰੀਆਂ ਵਿੱਚ ਜ਼ਰੂਰੀ ਸੰਸ਼ੋਧਨ ਕਰਨਾ ਅਤੇ ਤਰੁਟੀਰਹਿਤ ਅਤੇ ਸਮਾਵੇਸ਼ੀ ਇਲੈਕਟੋਰਲ ਰੋਲਸ ਤਿਆਰ ਕਰਨਾ ਇੱਕ ਪਾਰਦਰਸ਼ੀ ਅਤੇ ਮਜ਼ਬੂਤ ਚੋਣ ਵਿਵਸਥਾ ਲਈ ਅਤਿਅੰਤ ਜ਼ਰੂਰੀ ਹੈ।

ਇਸ ਅਵਸਰ 'ਤੇ ਅਸਿਸਟੈਂਟ ਇਲੈਕਟੋਰਲ ਰਜਿਸਟ੍ਰੇਸ਼ਨ ਅਫ਼ਸਰ (ਏਈਆਰਓਜ਼) ਸ਼੍ਰੀ ਰਾਜੀਵ ਤਿਵਾਰੀ ਅਤੇ ਸ਼੍ਰੀ ਨਵੀਨ ਸਹਿਤ ਚੰਡੀਗੜ੍ਹ ਪ੍ਰਸ਼ਾਸਨ ਦੇ ਹੋਰ ਅਧਿਕਾਰੀ ਵੀ ਉਪਸਥਿਤ ਰਹੇ।

# ਭਾਰਤ ਸਰਕਾਰ ਹੁਣ ਰਾਸ਼ਨ ਸਬਸਿਡੀ ਦੀ ਰਕਮ ਸਿੱਧੇ ਲਾਭਾਰਥੀਆਂ ਦੇ ਬੈਂਕ ਖਾਤਿਆਂ ਵਿੱਚ ਭੇਜਣ ਦੀ ਬਜਾਏ ਮੋਬਾਈਲ ਐਪਲੀਕੇਸ਼ਨ ਦੇ ਜ਼ਰੀਏ ਪ੍ਰਦਾਨ ਕਰੇਗੀ

**ਨਵੀਂ ਦਿੱਲੀ, 20 ਜੂਨ**
**-ਚੌਧਰੀ ਪ੍ਰਭਜੀਤ ਸਿੰਘ-**

ਸਾਰੇ ਰਾਸ਼ਨ ਕਾਰਡ ਧਾਰਕਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਭਾਰਤ ਸਰਕਾਰ ਹੁਣ ਰਾਸ਼ਨ ਸਬਸਿਡੀ ਦੀ ਰਕਮ ਸਿੱਧੇ ਲਾਭਾਰਥੀਆਂ ਦੇ ਬੈਂਕ ਖਾਤਿਆਂ ਵਿੱਚ ਭੇਜਣ ਦੀ ਬਜਾਏ ਮੋਬਾਈਲ ਐਪਲੀਕੇਸ਼ਨ ਦੇ ਜ਼ਰੀਏ ਪ੍ਰਦਾਨ ਕਰੇਗੀ। ਇਸ ਉਦੇਸ਼ ਲਈ ਲਾਭਾਰਥੀਆਂ ਦੀ ਸਹਾਇਤਾ ਹਿਤ 03.06.2026 ਤੋਂ ਰੋਜ਼ਾਨਾ ਸਵੇਰੇ 8:00 ਵਜੇ ਤੋਂ ਸ਼ਾਮ 5:00 ਵਜੇ ਤੱਕ ਵਿਸ਼ੇਸ਼ ਕੈਂਪ ਆਯੋਜਿਤ ਕੀਤੇ ਜਾ ਰਹੇ ਹਨ।

ਇਹ ਕੈਂਪ ਵਿਕਾਸ ਨਗਰ (ਮੌਲੀ ਜੱਗਰਾਂ), ਮਲੋਆ, ਸੈਕਟਰ 25, ਰਾਮਲੀਲਾ ਗਰਾਊਂਡ ਬੁੜੈਲ, ਕਜਹੇੜੀ, ਹੱਲੋ ਮਾਜਰਾ, ਮਿਲਕ ਕਲੋਨੀ ਧਨਾਸ, ਡੱਡੂ ਮਾਜਰਾ, ਰਾਮ ਦਰਬਾਰ, ਬੁਟਰੇਲਾ, ਬਾਪੂ ਧਾਮ, ਸੈਕਟਰ 30, 40, 56 ਅਤੇ ਮਨੀ ਮਾਜਰਾ (ਰਿਮਟ/RIMT) ਸਕੂਲ ਦੇ ਪਾਸ) ਦੇ ਕਮਿਊਨਿਟੀ ਸੈਂਟਰਾਂ ਵਿੱਚ ਆਯੋਜਿਤ ਕੀਤੇ ਜਾ ਰਹੇ ਹਨ।

ਜਿਨ੍ਹਾਂ ਲਾਭਾਰਥੀਆਂ ਨੇ ਮੋਬਾਈਲ ਫੋਨ 'ਤੇ ਰਾਸ਼ਨ ਸਬਸਿਡੀ ਪ੍ਰਾਪਤ ਕਰਨ ਲਈ ਆਪਣੀ ਜਾਣਕਾਰੀ ਪਹਿਲਾਂ ਹੀ ਜਮ੍ਹਾਂ ਕਰਵਾ ਦਿੱਤੀ ਹੈ, ਲੇਕਿਨ ਅਜੇ ਤੱਕ ਆਪਣੇ ਮੋਬਾਈਲ ਫੋਨ ਵਿੱਚ ਐਪਲੀਕੇਸ਼ਨ ਡਾਊਨਲੋਡ ਨਹੀਂ ਕੀਤੀ ਹੈ, ਉਨ੍ਹਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਆਪਣੇ ਆਧਾਰ ਕਾਰਡ ਅਤੇ ਆਧਾਰ ਨਾਲ ਜੁੜੇ ਮੋਬਾਈਲ ਫੋਨ ਨਾਲ ਕੈਂਪ ਵਿੱਚ ਆ ਕੇ ਪ੍ਰਕਿਰਿਆ ਪੂਰੀ ਕਰਨ।

ਜਿਨ੍ਹਾਂ ਲਾਭਾਰਥੀਆਂ ਨੇ ਅਜੇ ਤੱਕ ਆਪਣੀ ਜਾਣਕਾਰੀ ਜਮ੍ਹਾਂ ਨਹੀਂ ਕਰਵਾਈ ਹੈ, ਉਹ ਵੀ ਕੈਂਪ ਵਿੱਚ ਆਪਣੇ ਆਧਾਰ ਕਾਰਡ ਅਤੇ ਆਧਾਰ ਨਾਲ ਜੁੜੇ ਮੋਬਾਈਲ ਫੋਨ ਨਾਲ ਕੈਂਪ ਵਿੱਚ ਆ ਕੇ ਜ਼ਰੂਰੀ ਫਾਰਮੈਲਿਟੀਆਂ ਪੂਰੀਆਂ ਕਰਨ।

ਚੰਡੀਗੜ੍ਹ ਵਿੱਚ 40,000 ਤੋਂ ਅਧਿਕ ਰਾਸ਼ਨ ਕਾਰਡ ਧਾਰਕ ਪਹਿਲਾਂ ਹੀ ਐਪਲੀਕੇਸ਼ਨ ਡਾਊਨਲੋਡ ਕਰ ਚੁੱਕੇ ਹਨ। ਲੇਕਿਨ ਅਜੇ ਵੀ, ਲਗਭਗ 25,000 ਲਾਭਾਰਥੀਆਂ, ਵਿਸ਼ੇਸ਼ ਕਰਕੇ ਮਲੋਆ, ਮੌਲੀ ਜੱਗਰਾਂ, ਮਨੀ ਮਾਜਰਾ, ਸੈਕਟਰ 25, ਬੁੜੈਲ, ਸੈਕਟਰ 55 ਅਤੇ 56, ਹੱਲੋ ਮਾਜਰਾ ਅਤੇ ਪਲਸੌਰਾ ਦੇ ਲਾਭਾਰਥੀਆਂ ਨੇ ਅਜੇ ਤੱਕ ਪ੍ਰਕਿਰਿਆ ਪੂਰੀ ਨਹੀਂ ਕੀਤੀ ਹੈ।

ਸਾਰੇ ਰਾਸ਼ਨ ਕਾਰਡ ਧਾਰਕਾਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਰਾਸ਼ਨ ਸਬਸਿਡੀ ਪ੍ਰਾਪਤ ਕਰਨ ਲਈ ਮੋਬਾਈਲ ਐਪਲੀਕੇਸ਼ਨ ਡਾਊਨਲੋਡ ਕਰਨਾ ਅਤੇ ਐਕਟੀਵੇਟ ਕਰਨਾ ਜ਼ਰੂਰੀ ਹੈ।

ਜਿਹੜੇ ਲਾਭਾਰਥੀ ਇਹ ਪ੍ਰਕਿਰਿਆ ਪੂਰੀ ਨਹੀਂ ਕਰਨਗੇ, ਉਨ੍ਹਾਂ ਨੂੰ ਰਾਸ਼ਨ ਸਬਸਿਡੀ ਦੀ ਰਕਮ ਮਿਲਣੀ ਬੰਦ ਹੋ ਸਕਦੀ ਹੈ। ਇਸ ਲਈ, ਬਾਕੀ ਸਾਰੇ ਲਾਭਾਰਥੀਆਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਜਲਦੀ ਤੋਂ ਜਲਦੀ ਕੈਂਪਾਂ ਵਿੱਚ ਆ ਕੇ ਇਹ ਪ੍ਰਕਿਰਿਆ ਪੂਰੀ ਕਰਨ।

ਜਿਨ੍ਹਾਂ ਲਾਭਾਰਥੀਆਂ ਨੇ ਆਪਣੀ ਜਾਣਕਾਰੀ ਪਹਿਲਾਂ ਹੀ ਜਮ੍ਹਾਂ ਕਰਵਾ ਦਿੱਤੀ ਹੈ, ਉਹ ਗੂਗਲ ਪਲੇ ਸਟੋਰ ਜਾਂ ਐਪਲ ਐਪ ਸਟੋਰ ਤੋਂ ਪੀਐੱਨਬੀ ਡਿਜੀਟਲ ਰੁਪੀ ਐਪਲੀਕੇਸ਼ਨ ਡਾਊਨਲੋਡ ਕਰਕੇ ਘਰ ਬੈਠੇ ਵੀ ਆਪਣੀ ਰਜਿਸਟ੍ਰੇਸ਼ਨ ਪੂਰੀ ਕਰ ਸਕਦੇ ਹਨ।

ਕਿਸੇ ਵੀ ਜਾਣਕਾਰੀ, ਸਹਾਇਤਾ ਜਾਂ ਮਾਰਗਦਰਸ਼ਨ ਲਈ, ਰਾਸ਼ਨ ਕਾਰਡ ਧਾਰਕ ਵਿਭਾਗ ਦੇ ਟੋਲ-ਫ੍ਰੀ ਹੈਲਪਲਾਇਨ ਨੰਬਰ 1800-180-2068 'ਤੇ ਸੰਪਰਕ ਕਰ ਸਕਦੇ ਹਨ।

# ਸ਼ੰਭੂ ਰੇਲਵੇ ਟ੍ਰੈਕ ਧਮਾਕੇ ਦੇ ਮਾਮਲੇ ਵਿੱਚ ਇੱਕ ਵੱਡੀ ਸ.ਫਲਤਾ

**ਸ਼ੰਭੂ, 20 ਜੂਨ**
**-ਸ਼.ਅ.ਬਿਓਰੋ-**

ਪੰਜਾਬ ਪੁਲਿਸ ਨੇ ਕੇਂਦਰੀ ਏਜੰਸੀਆਂ ਨਾਲ ਬਹੁ-ਏਜੰਸੀਆਂ ਦੇ ਤਾਲਮੇਲ ਅਤੇ ਡੂੰਘੀ ਖੁਫੀਆ ਜਾਣਕਾਰੀ ਇਕੱਠੀ ਕਰਨ ਅਤੇ ਅੰਤਰਰਾਸ਼ਟਰੀ ਜਾਣਕਾਰੀ ਸਾਂਝੀ ਕਰਨ ਰਾਹੀਂ, ਰਾਇਲ ਮਲੇਸ਼ੀਆ ਪੁਲਿਸ (ਆਰਐਮਪੀ) ਨਾਲ ਮਿਲ ਕੇ ਮਲੇਸ਼ੀਆ ਤੋਂ ਦੋ ਭਾਰਤੀ ਨਾਗਰਿਕਾਂ ਨੂੰ ਸਫਲਤਾਪੂਰਵਕ ਹਵਾਲਗੀ ਦਿੱਤੀ।

ਇਸ ਤੋਂ ਪਹਿਲਾਂ ਇਸ ਮਾਮਲੇ ਵਿੱਚ ਪੰਜਾਬ ਪੁਲਿਸ ਨੇ 27-4-2026 ਨੂੰ ਸ਼ੰਭੂ ਨੇੜੇ ਰੇਲਵੇ ਟਰੈਕ 'ਤੇ ਹੋਏ ਧਮਾਕੇ ਦੀ ਕੋਸ਼ਿਸ਼ ਦੇ ਪਿੱਛੇ ਇੱਕ ਆਈਐਸਆਈ-ਸਮਰਥਿਤ ਖਾਲਿਸਤਾਨੀ ਪੱਖੀ ਮਾਡਿਊਲ ਦਾ ਪਰਦਾਫਾਸ਼ ਕੀਤਾ ਸੀ, ਜਿਸਦਾ 12 ਘੰਟਿਆਂ ਦੇ ਅੰਦਰ-ਅੰਦਰ ਪਰਦਾਫਾਸ਼ ਕਰ ਦਿੱਤਾ ਗਿਆ ਸੀ, ਜਿਸਦੇ ਵਿਦੇਸ਼ੀ ਹੈਂਡਲਰਾਂ ਨਾਲ ਸਬੰਧ ਸਨ ਅਤੇ ਜਨਤਕ ਬੁਨਿਆਦੀ ਢਾਂਚੇ 'ਤੇ ਹੋਰ ਹਮਲਿਆਂ ਦੀਆਂ ਯੋਜਨਾਵਾਂ ਸਨ।

ਖਾਲਿਸਤਾਨੀ ਪੱਖੀ ਨੈੱਟਵਰਕ ਦੇ ਚਾਰ ਮੈਂਬਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਸੀ, ਅਤੇ ਪਟਿਆਲਾ ਪੁਲਿਸ ਵੱਲੋਂ ਇੱਕ ਹੈਂਡ ਗ੍ਰਨੇਡ ਅਤੇ ਦੋ ਪਿਸਤੌਲ (.30 ਬੋਰ ਅਤੇ .32 ਬੋਰ) ਸਮੇਤ ਗੋਲਾ ਬਾਰੂਦ ਅਤੇ ਸੰਚਾਰ ਯੰਤਰ ਬਰਾਮਦ ਕੀਤੇ ਗਏ ਸਨ।

27 ਅਪ੍ਰੈਲ, 2026 ਨੂੰ ਜ਼ਿਲ੍ਹਾ ਪਟਿਆਲਾ ਦੇ ਸ਼ੰਭੂ ਵਿਖੇ ਰੇਲਵੇ ਟਰੈਕ 'ਤੇ ਹੋਏ 954 ਧਮਾਕੇ ਦੀ ਕੋਸ਼ਿਸ਼ ਦੀ ਹੋਰ ਜਾਂਚ ਜਾਰੀ ਰੱਖਦੇ ਹੋਏ, ਪਟਿਆਲਾ ਪੁਲਿਸ ਅਤੇ SSOC ਅੰਮ੍ਰਿਤਸਰ ਨੇ ਇੱਕ ਸਾਂਝੇ ਆਪ੍ਰੇਸ਼ਨ ਵਿੱਚ, ਜ਼ਿਲ੍ਹਾ ਤਰਨਤਾਰਨ ਦੇ ਪਿੰਡ ਪੰਜਵੜ ਖੁਰਦ ਤੋਂ 01 ਰਾਕੇਟ ਪ੍ਰੋਪੇਲਡ ਗ੍ਰਨੇਡ (RPG) ਲਾਂਚਰ, 2.296 ਕਿਲੋਗ੍ਰਾਮ ਵਜ਼ਨ ਵਾਲਾ 01 ਧਾਤੂ 954, ਡੈਟੋਨੇਟਰ ਅਤੇ ਬੈਟਰੀ ਸਮੇਤ, 1.456 ਕਿਲੋਗ੍ਰਾਮ ਵਜ਼ਨ ਵਾਲਾ RDX ਦੇ 02 ਪੈਕੇਟ, 01 ਹੈਂਡ ਗ੍ਰਨੇਡ, ਮੈਗਜ਼ੀਨਾਂ ਅਤੇ ਗੋਲਾ ਬਾਰੂਦ ਸਮੇਤ 03 ਉੱਚ-ਅੰਤ ਵਾਲੇ ਪਿਸਤੌਲ, ਅਤੇ ਹੈੱਡਫੋਨ ਵਾਲੇ 02 ਵਾਇਰਲੈੱਸ ਸੈੱਟ ਬਰਾਮਦ ਕੀਤੇ।

ਜਾਂਚ ਤੋਂ ਪਤਾ ਚੱਲਿਆ ਹੈ ਕਿ ਇਸ ਅੱਤਵਾਦੀ ਮਾਡਿਊਲ ਨੂੰ #ਮਲੇਸ਼ੀਆ-ਅਧਾਰਤ ਇਕਾਈ ਦਾ ਸਮਰਥਨ ਪ੍ਰਾਪਤ ਸੀ, ਜਿਸਦੀ ਵਿੱਤੀ ਸਹਾਇਤਾ ਮਲੇਸ਼ੀਆ ਰਾਹੀਂ ਕੀਤੀ ਜਾ ਰਹੀ ਸੀ। ਮਾਣਯੋਗ ਰਾਇਲ ਮਲੇਸ਼ੀਆ ਪੁਲਿਸ ਦੀ ਮਦਦ ਅਤੇ ਕੇਂਦਰੀ ਏਜੰਸੀਆਂ ਦੁਆਰਾ ਪ੍ਰਦਾਨ ਕੀਤੀ ਗਈ ਸਹਾਇਤਾ ਨਾਲ, ਪੰਜਾਬ ਪੁਲਿਸ ਨੇ ਸ਼ੰਭੂ ਰੇਲਵੇ ਟਰੈਕ ਆਈਈਡੀ ਧਮਾਕੇ ਵਿੱਚ ਸ਼ਾਮਲ ਦੋ ਵਿਅਕਤੀਆਂ ਨੂੰ ਮਲੇਸ਼ੀਆ ਤੋਂ ਡਿਪੋਰਟ ਕਰਨ ਤੋਂ ਬਾਅਦ ਸਫਲਤਾਪੂਰਵਕ ਹਿਰਾਸਤ ਵਿੱਚ ਲੈ ਲਿਆ ਹੈ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਗੁਰਵਿੰਦਰ ਸਿੰਘ ਅਤੇ ਮਨਜੀਤ ਸਿੰਘ ਮਲੇਸ਼ੀਆ ਵਿੱਚ ਸਥਿਤ ਦੇਸ਼ ਵਿਰੋਧੀ ਤੱਤਾਂ ਨੂੰ ਵਿੱਤੀ ਅਤੇ ਲੌਜਿਸਟਿਕਲ ਮਦਦ ਪ੍ਰਦਾਨ ਕਰਨ ਵਾਲੇ ਸਰਗਰਮ ਕਾਰਕੁਨਾਂ ਵਜੋਂ ਕੰਮ ਕਰ ਰਹੇ ਸਨ ਜੋ ਪਾਬੰਦੀਸ਼ੁਦਾ ਅੱਤਵਾਦੀ ਸੰਗਠਨ ਖਾਲਿਸਤਾਨ ਜ਼ਿੰਦਾਬਾਦ ਫੋਰਸ 'ਕੇਜ਼ੈਡਐਫ' ਨਾਲ ਜੁੜੇ ਹੋਏ ਸਨ। ਇਹ ਪਾਬੰਦੀਸ਼ੁਦਾ ਸੰਗਠਨ ਪਾਕਿਸਤਾਨ ਦੀ ਗੁਪਤ ਸੇਵਾ ਏਜੰਸੀ ਆਈਐਸਆਈ ਦੇ ਇਸ਼ਾਰੇ 'ਤੇ ਸਰਹੱਦੀ ਰਾਜ ਪੰਜਾਬ ਵਿੱਚ ਅੱਤਵਾਦੀ ਗਤੀਵਿਧੀਆਂ ਨੂੰ ਅੰਜਾਮ ਦੇ ਰਿਹਾ ਹੈ।

ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਵਿੱਚ ਪਟਿਆਲਾ ਦੇ ਮਨਜੀਤ ਸਿੰਘ ਅਤੇ ਅੰਬਾਲਾ ਦੇ ਗੁਰਵਿੰਦਰ ਸਿੰਘ ਸ਼ਾਮ ਲ ਹਨ। ਇਹ ਸਾਰੇ ਪੰਜਾਬ ਰਾਜ ਵਿੱਚ ਅੱਤਵਾਦੀ ਗਤੀਵਿਧੀਆਂ ਨੂੰ ਅੰਜਾਮ ਦੇਣ ਲਈ ਆਫਸ਼ੋਰ ਖਾਤਿਆਂ ਰਾਹੀਂ ਪੰਜਾਬ ਵਿੱਚ ਪਾਬੰਦੀਸ਼ੁਦਾ ਸੰਗਠਨ ਦੇ ਕਾਰਕੁਨਾਂ ਨੂੰ ਭਾਰੀ ਮਾਤਰਾ ਵਿੱਚ ਫੰਡ ਟ੍ਰਾਂਸਫਰ ਕਰਨ ਵਿੱਚ ਸ਼ਾਮਲ ਪਾਏ ਗਏ ਸਨ।

ਦੇਸ਼ ਨਿਕਾਲਾ ਦਿੱਤੇ ਗਏ ਕਾਰਕੁੰਨ ਪੰਜਾਬ ਸਥਿਤ ਪਾਬੰਦੀਸ਼ੁਦਾ ਸੰਗਠਨ ਦੇ ਕਾਰਕੁੰਨਾਂ ਨੂੰ ਵਿੱਤੀ ਫੰਡਿੰਗ ਵਿੱਚ ਸ਼ਾਮਲ ਸਨ ਜੋ 3 ਅੱਤਵਾਦੀ ਘਟਨਾਵਾਂ ਵਿੱਚ ਸ਼ਾਮਲ ਸਨ, ਜਿਨ੍ਹਾਂ ਵਿੱਚ ਫਤਿਹਗੜ੍ਹ ਸਾਹਿਬ ਦੇ ਸਰਹਿੰਦ ਵਿਖੇ ਰੇਲਵੇ ਟਰੈਕ ਧਮਾਕੇ, ਪਟਿਆਲਾ ਦੇ ਸ਼ੰਭੂ ਅਤੇ ਮੋਗਾ ਵਿੱਚ ਸੀਆਈਏ ਦੇ ਕੰਪਲੈਕਸ 'ਤੇ ਅੱਤਵਾਦੀ ਹਮਲਾ ਸ਼ਾਮਲ ਸੀ।

ਡਿਪੋਰਟ ਕੀਤੇ ਗਏ ਵਿਅਕਤੀ ਮਲੇਸ਼ੀਆ ਵਿੱਚ ਸਨ ਅਤੇ ਦੋਵਾਂ ਦੇਸ਼ਾਂ ਵਿਚਕਾਰ ਲੋੜੀਂਦੇ ਡੇਟਾ ਸਾਂਝੇ ਕਰਨ ਅਤੇ ਉਨ੍ਹਾਂ ਨੂੰ ਲੱਭਣ ਅਤੇ ਟਰੈਕ ਕਰਨ ਲਈ ਲੋੜੀਂਦੇ ਬਲੂ ਕਾਰਨਰ ਨੋਟਿਸ ਜਾਰੀ ਕਰਨ ਤੋਂ ਬਾਅਦ, ਰਾਇਲ ਮਲੇਸ਼ੀਆ ਫੋਰਸ ਨੇ ਉਨ੍ਹਾਂ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਉਨ੍ਹਾਂ ਨੂੰ ਵਾਪਸ ਭਾਰਤ ਭੇਜ ਦਿੱਤਾ ਅਤੇ ਉਨ੍ਹਾਂ ਨੂੰ ਪਟਿਆਲਾ ਪੁਲਿਸ ਦੀਆਂ ਟੀਮਾਂ ਨੇ ਆਈਜੀਆਈ ਹਵਾਈ ਅੱਡੇ, ਨਵੀਂ ਦਿੱਲੀ ਤੋਂ ਹਿਰਾਸਤ ਵਿੱਚ ਲੈ ਲਿਆ।

ਇਸ ਗ੍ਰਿਫ਼ਤਾਰੀ ਅਤੇ ਪਹਿਲਾਂ ਬਰਾਮਦਗੀਆਂ ਦੇ ਨਾਲ, #ਮੋਗਾ, ਸਰਹਿੰਦ ਅਤੇ ਸ਼ੰਭੂ ਵਿੱਚ ਤਿੰਨੋਂ ਅੱਤਵਾਦੀ ਘਟਨਾਵਾਂ ਨੂੰ ਸਫਲਤਾਪੂਰਵਕ ਹੱਲ ਕਰ ਲਿਆ ਗਿਆ ਹੈ।

ਪੰਜਾਬ ਪੁਲਿਸ ਸੂਬੇ ਭਰ ਵਿੱਚ ਅੱਤਵਾਦੀ ਨੈੱਟਵਰਕਾਂ ਨੂੰ ਖਤਮ ਕਰਨ ਅਤੇ ਸ਼ਾਂਤੀ, ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਵਚਨਬੱਧ ਹੈ।



# ਮਾਰਾ ਹਰਿਆਣਾ



## ਪੀਐਮਡੀਏ ਸੀਈਓ ਨੇ ਪੰਚਕੂਲਾ ਵਿੱਚ ਇੰਫ੍ਰਾਸਟ੍ਰਕਚਰ ਪ੍ਰੋਜੈਕਟ ਦਾ ਕੀਤਾ ਗਰਾਊਂਡ ਇੰਸਪੈਕਸ਼ਨ

**ਚੰਡੀਗੜ੍ਹ, 20 ਜੂਨ**
**-ਸੰਜੀਵ ਸ਼ਰਮਾ-**

ਪੰਚਕੂਲਾ ਮੈਟਰੋਪੋਲੀਟਨ ਡਿਵੈਲਪਮੈਂਟ ਅਥਾਰਟੀ (ਪੀਐਮਡੀਏ) ਦੇ ਮੁੱਖ ਕਾਰਜਕਾਰੀ ਅਧਿਕਾਰੀ (ਸੀਈਓ) ਸ੍ਰੀ ਕੇ. ਮਕਰੰਦ ਪਾਂਡੂਰੰਗ ਨੇ ਸ਼ੁੱਕਰਵਾਰ ਨੂੰ ਪੰਚਕੂਲਾ ਸ਼ਹਿਰ ਵਿੱਚ ਪੀਐਮਡੀਏ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਵਿਕਾਸ ਕਾਰਜਾਂ ਦਾ ਨਿਰੀਖਣ ਕੀਤਾ ਅਤੇ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਦਿੱਤੇ। ਇਸ ਮੌਕੇ ਪੰਚਕੂਲਾ ਦੇ ਡਿਪਟੀ ਕਮਿਸ਼ਨਰ ਸ੍ਰੀ ਸਤਪਾਲ ਸ਼ਰਮਾ, ਨਗਰ ਨਿਗਮ ਪੰਚਕੂਲਾ ਦੇ ਕਮਿਸ਼ਨਰ ਸ੍ਰੀ ਵਿਨੈ ਕੁਮਾਰ ਸਮੇਤ ਹੋਰ ਅਧਿਕਾਰੀ ਵੀ ਮੌਜੂਦ ਸਨ।

ਮੁੱਖ ਕਾਰਜਕਾਰੀ ਅਧਿਕਾਰੀ ਅਤੇ ਹੋਰ ਅਧਿਕਾਰੀਆਂ ਨੇ ਟੋਪੀਅਰੀ ਪਾਰਕ, ਨਿਰਝਰ ਵਾਟਿਕਾ, ਫਾਊਂਟੇਨ ਪਾਰਕ, ਕੈਕਟਸ ਗਾਰਡਨ, ਸ਼ਹਿਰ ਦੇ ਪ੍ਰਮੁੱਖ ਚੌਕਾਂ, ਰਾਜੀਵ ਕਲੋਨੀ ਅਤੇ ਅਟਲ ਪਾਰਕ ਦਾ ਨਿਰੀਖਣ ਕੀਤਾ।

ਸ੍ਰੀ ਕੇ. ਮਕਰੰਦ ਪਾਂਡੂਰੰਗ ਨੇ ਅਧਿਕਾਰੀਆਂ ਨੂੰ ਸਾਰੇ ਕਾਰਜਾਂ ਦੀ ਵਿਸਤ੍ਰਿਤ ਰਿਪੋਰਟ ਪੇਸ਼ ਕਰਨ ਅਤੇ ਬੁਨਿਆਦੀ ਢਾਂਚੇ ਦੀ ਦੇਖਭਾਲ ਨਿਰਧਾਰਤ ਮਾਪਦੰਡਾਂ ਅਨੁਸਾਰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪੀਐਮਡੀਏ ਦਾ ਉਦੇਸ਼ ਟ੍ਰੀਟਿਡ ਵਾਟਰ ਸਿਸਟਮ ਰਾਹੀਂ ਪਾਰਕਾਂ ਦੀ ਸੁੰਦਰਤਾ ਵਧਾਉਣਾ ਅਤੇ ਉਨ੍ਹਾਂ ਦੇ ਲੰਬੇ ਸਮੇਂ ਤੱਕ ਚੱਲਣ ਵਾਲੇ ਅਤੇ ਟਿਕਾਊ ਸੰਚਾਲਨ ਨੂੰ ਯਕੀਨੀ ਬਣਾਉਣਾ ਹੈ।

ਇਸ ਦੇ ਤਹਿਤ ਨਿਰਝਰ ਵਾਟਿਕਾ ਅਤੇ ਫਾਊਂਟੇਨ ਪਾਰਕ ਵਰਗੇ ਵੱਡੇ ਪਾਰਕਾਂ ਵਿੱਚ ਸਫ਼ਾਈ, ਸੁੰਦਰੀਕਰਨ ਅਤੇ ਫੁਹਾਰਿਆਂ ਦੀ ਨਿਯਮਤ ਦੇਖਭਾਲ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾਵੇ।

ਮੁੱਖ ਕਾਰਜਕਾਰੀ ਅਧਿਕਾਰੀ ਨੇ ਪਾਰਕਾਂ ਅਤੇ ਹਰੇ-ਭਰੇ ਖੇਤਰਾਂ ਵਿੱਚ ਉੱਚ ਗੁਣਵੱਤਾ ਵਾਲੀ ਲੈਂਡਸਕੇਪਿੰਗ ਬਣਾਈ ਰੱਖਣ, ਪੈਦਲ ਮਾਰਗਾਂ ਨੂੰ ਬਿਹਤਰ ਬਣਾਉਣ ਅਤੇ ਬਾਗਬਾਨੀ ਸੰਬੰਧੀ ਕਾਰਜਾਂ ਜਿਵੇਂ ਕਿ ਹੇਜ ਟ੍ਰਿਮਿੰਗ ਅਤੇ ਰੁੱਖਾਂ-ਪੌਦਿਆਂ ਦੀ ਨਿਯਮਤ ਦੇਖਭਾਲ ਯਕੀਨੀ ਬਣਾਉਣ ਦੇ ਵੀ ਨਿਰਦੇਸ਼ ਦਿੱਤੇ। ਇਸ ਦੇ ਨਾਲ ਹੀ ਆਮ ਲੋਕਾਂ ਦੀ ਸਹੂਲਤ ਨੂੰ ਮੁੱਖ ਰੱਖਦਿਆਂ ਪਾਰਕਾਂ ਵਿੱਚ ਬਿਹਤਰ ਪਹੁੰਚ, ਲੋਕ ਸਹੂਲਤਾਂ ਅਤੇ ਪਖਾਨਿਆਂ ਦੀ ਉਚਿਤ ਦੇਖਭਾਲ, ਅਤੇ ਬੈਂਚਾਂ ਤੇ ਸਾਈਨੇਜ (ਬੋਰਡਾਂ) ਵਰਗੀਆਂ ਸਹੂਲਤਾਂ ਨੂੰ ਮਜ਼ਬੂਤ ਕਰਨ 'ਤੇ ਵੀ ਜ਼ੋਰ ਦਿੱਤਾ।

ਨਿਰੀਖਣ ਦੌਰਾਨ ਅਧਿਕਾਰੀਆਂ ਨੇ ਸੜਕਾਂ, ਨਾਲਿਆਂ, ਰਸਤਿਆਂ ਅਤੇ ਜਨਤਕ ਸਥਾਨਾਂ ਦੀ ਸਫ਼ਾਈ ਅਤੇ ਦੇਖਭਾਲ ਦੀ ਸਥਿਤੀ ਦਾ ਵੀ ਜਾਇਜ਼ਾ ਲਿਆ। ਇਸ ਦੇ ਨਾਲ ਹੀ ਬਾਗਬਾਨੀ ਅਤੇ ਸਿੰਚਾਈ ਵਿਵਸਥਾ ਲਈ ਵਧੇਰੇ ਪ੍ਰਭਾਵਸ਼ਾਲੀ ਅਤੇ ਸਵੈਚਾਲਿਤ ਹੱਲ ਅਪਣਾਉਣ 'ਤੇ ਚਰਚਾ ਕੀਤੀ ਗਈ। ਜਲਧਾਰਾ ਸੁੰਦਰੀਕਰਨ ਅਤੇ ਕਾਇਆਕਲਪ ਪਰਿਯੋਜਨਾ, ਅਟਲ ਪਾਰਕ ਵਿਕਾਸ, ਵਿਸ਼ਵ ਪੱਧਰੀ ਸ਼ੂਟਿੰਗ ਰੇਂਜ ਦੇ ਨਿਰਮਾਣ ਅਤੇ ਹੋਰ ਵਿਕਾਸ ਖੇਤਰਾਂ ਨਾਲ ਸਬੰਧਤ ਪ੍ਰਮੁੱਖ ਪ੍ਰੋਜੈਕਟਾਂ ਦੀਆਂ ਸਾਈਟਾਂ 'ਤੇ ਚੱਲ ਰਹੇ ਬੁਨਿਆਦੀ ਢਾਂਚੇ ਦੇ ਕੰਮਾਂ ਦਾ ਵੀ ਮੁਲਾਂਕਣ ਕੀਤਾ ਗਿਆ।

ਮੁੱਖ ਕਾਰਜਕਾਰੀ ਅਧਿਕਾਰੀ ਨੇ ਸਾਰੇ ਪ੍ਰੋਜੈਕਟਾਂ ਦੀ ਨਿਯਮਤ ਨਿਗਰਾਨੀ ਯਕੀਨੀ ਬਣਾਉਣ ਅਤੇ ਨਿਰਧਾਰਤ ਸਮੇਂ ਦੇ ਅੰਦਰ ਕੰਮਾਂ ਨੂੰ ਗੁਣਵੱਤਾਪੂਰਵਕ ਪੂਰਾ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਪੀਐਮਡੀਏ ਸ਼ਹਿਰੀ ਬੁਨਿਆਦੀ ਢਾਂਚੇ ਦੇ ਸਮੁੱਚੇ ਵਿਕਾਸ, ਸਰਗਰਮ ਪ੍ਰਸ਼ਾਸਨ (ਪ੍ਰੋਐਕਟਿਵ ਗਵਰਨੈਂਸ), ਵਿਵਸਥਿਤ ਨਿਗਰਾਨੀ ਅਤੇ ਬਿਹਤਰ ਸ਼ਹਿਰੀ ਯੋਜਨਾਬੰਦੀ ਰਾਹੀਂ ਨਾਗਰਿਕਾਂ ਨੂੰ ਉੱਚ ਗੁਣਵੱਤਾ ਦੀਆਂ ਸਹੂਲਤਾਂ ਉਪਲਬਧ ਕਰਵਾਉਣ ਲਈ ਨਿਰੰਤਰ ਕਾਰਜ ਕਰ ਰਿਹਾ ਹੈ।

## ਅਧਿਕਾਰੀ ਆਮ ਲੋਕਾਂ ਦੀਆਂ ਸ਼ਿਕਾਇਤਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕਰਨਾ ਯਕੀਨੀ ਬਣਾਉਣ : ਨਾਇਬ ਸਿੰਘ ਸੈਣੀ

**ਚੰਡੀਗੜ੍ਹ, 20 ਜੂਨ**
**-ਸ਼.ਅ.ਬਿਓਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਇੱਕ ਵਾਰ ਫਿਰ ਇਹ ਸਾਬਤ ਕਰ ਦਿੱਤਾ ਹੈ ਕਿ ਜਨਤਕ ਸਮੱਸਿਆਵਾਂ ਦੇ ਤੁਰੰਤ ਹੱਲ ਅਤੇ ਆਮ ਲੋਕਾਂ ਦੀਆਂ ਸ਼ਿਕਾਇਤਾਂ ਪ੍ਰਤੀ ਉਨ੍ਹਾਂ ਦੀ ਸੰਵੇਦਨਸ਼ੀਲਤਾ ਸਿਰਫ਼ ਰਸਮੀ ਨਹੀਂ, ਸਗੋਂ ਵਾਸਤਵਿਕ ਅਤੇ ਸਰਗਰਮ ਹੈ। ਸਿਰਸਾ ਵਿੱਚ ਆਯੋਜਿਤ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਹੱਲ ਕਮੇਟੀ ਦੀ ਮੀਟਿੰਗ ਵਿੱਚ ਅਜਿਹਾ ਨਜ਼ਾਰਾ ਦੇਖਣ ਨੂੰ ਮਿਲਿਆ, ਜਿੱਥੇ ਮੁੱਖ ਮੰਤਰੀ ਨੇ ਨਾ ਸਿਰਫ਼ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਸੁਣਿਆ, ਸਗੋਂ ਮੌਕੇ 'ਤੇ ਹੀ ਫ਼ੋਨ 'ਤੇ ਸੰਵਾਦ ਕਰਕੇ ਮਾਮਲਿਆਂ ਦੀ ਡੂੰਘਾਈ ਨਾਲ ਜਾਣਕਾਰੀ ਲਈ ਅਤੇ ਤੁਰੰਤ ਫ਼ੈਸਲੇ ਵੀ ਦਿੱਤੇ।

ਮੀਟਿੰਗ ਦੌਰਾਨ ਦੋ ਅਜਿਹੇ ਮਾਮਲੇ ਸਾਹਮਣੇ ਆਏ ਜਿਨ੍ਹਾਂ ਵਿੱਚ ਸ਼ਿਕਾਇਤਕਰਤਾ ਖ਼ੁਦ ਹਾਜ਼ਰ ਨਹੀਂ ਸਨ। ਇਸ 'ਤੇ ਮੁੱਖ ਮੰਤਰੀ ਨੇ ਬਿਨਾਂ ਸਮਾਂ ਗਵਾਏ ਫ਼ੋਨ 'ਤੇ ਸਿੱਧੇ ਸ਼ਿਕਾਇਤਕਰਤਾਵਾਂ ਨਾਲ ਗੱਲ ਕਰਕੇ ਪੂਰੀ ਸਥਿਤੀ ਦੀ ਜਾਣਕਾਰੀ ਲਈ। ਪਹਿਲਾ ਮਾਮਲਾ ਫ਼ਤਿਹਪੁਰ ਜੁਤਾਂਵਾਲੀ ਨਿਵਾਸੀ ਸੰਜੇ ਕੁਮਾਰ ਦਾ ਸੀ, ਜਿਨ੍ਹਾਂ ਨੇ ਰਜਵਾਹੇ 'ਤੇ ਸਾਈਫਨ ਸਹੀ ਢੰਗ ਨਾਲ ਨਾ ਲਗਾਏ ਜਾਣ ਦੀ ਸ਼ਿਕਾਇਤ ਕੀਤੀ ਸੀ। ਮੁੱਖ ਮੰਤਰੀ ਨੇ ਖ਼ੁਦ ਫ਼ੋਨ 'ਤੇ ਸੰਜੇ ਕੁਮਾਰ ਨਾਲ ਗੱਲਬਾਤ ਕਰਕੇ ਪੂਰੇ ਮਾਮਲੇ ਨੂੰ ਸਮਝਿਆ ਅਤੇ ਤੁਰੰਤ ਐਸਡੀਐਮ ਦੀ ਅਗਵਾਈ ਹੇਠ ਤਿੰਨ ਮੈਂਬਰੀ ਕਮੇਟੀ ਗਠਿਤ ਕਰਨ ਦੇ ਨਿਰਦੇਸ਼ ਦਿੱਤੇ, ਤਾਂ ਜੋ ਨਿਰਪੱਖ ਜਾਂਚ ਦੇ ਨਾਲ ਹੱਲ ਯਕੀਨੀ ਹੋ ਸਕੇ। ਦੂਜਾ ਮਾਮਲਾ ਸ੍ਰੀਮਤੀ ਨਿਰਮਲ ਕੌਰ ਨਾਲ ਜੁੜਿਆ ਸੀ, ਜਿਨ੍ਹਾਂ ਦੀ ਤਰਫ਼ੋਂ ਉਨ੍ਹਾਂ ਦੇ ਪਿਤਾ ਮੀਟਿੰਗ ਵਿੱਚ ਹਾਜ਼ਰ ਹੋਏ ਸਨ। ਸ਼ਿਕਾਇਤ ਵਿੱਚ ਦੱਸਿਆ ਗਿਆ ਸੀ ਕਿ ਉਨ੍ਹਾਂ ਦੇ ਪਤੀ ਸ੍ਰੀ ਵਿਰੇਂਦਰ ਪਾਲ, ਜੋ ਆਯੂਸ਼ ਵਿਭਾਗ ਵਿੱਚ ਫਾਰਮਾਸਿਸਟ ਸਨ, ਉਨ੍ਹਾਂ ਦਾ ਫਰਵਰੀ 2026 ਵਿੱਚ ਦਿਹਾਂਤ ਹੋ ਗਿਆ ਸੀ, ਦੋਸ਼ ਸਨ ਕਿ ਉਸ ਤੋਂ ਬਾਅਦ ਉਨ੍ਹਾਂ ਨੂੰ ਮਿਲਣ ਵਾਲੇ ਲਾਭ ਅਤੇ ਸਹਾਇਤਾ ਪ੍ਰਦਾਨ ਨਹੀਂ ਕੀਤੀ ਗਈ। ਹਾਲਾਂਕਿ ਮੀਟਿੰਗ ਵਿੱਚ ਹਾਜ਼ਰ ਉਨ੍ਹਾਂ ਦੇ ਪਿਤਾ ਨੇ ਆਯੂਸ਼ ਵਿਭਾਗ ਵੱਲੋਂ ਕੀਤੀ ਗਈ ਕਾਰਵਾਈ 'ਤੇ ਤਸੱਲੀ ਜਤਾਈ। ਪਰ, ਮੁੱਖ ਮੰਤਰੀ ਨੇ ਇਸ ਮਾਮਲੇ ਵਿੱਚ ਵੀ ਸਿੱਧੇ ਸ੍ਰੀਮਤੀ ਨਿਰਮਲ ਕੌਰ ਨਾਲ ਫ਼ੋਨ 'ਤੇ ਗੱਲਬਾਤ ਕੀਤੀ। ਗੱਲਬਾਤ ਦੌਰਾਨ ਉਨ੍ਹਾਂ ਨੇ ਵੀ ਵਿਭਾਗ ਵੱਲੋਂ ਕੀਤੀ ਗਈ ਕਾਰਵਾਈ 'ਤੇ ਤਸੱਲੀ ਪ੍ਰਗਟਾਈ ਅਤੇ ਮੁੱਖ ਮੰਤਰੀ ਦਾ ਨਿੱਜੀ ਤੌਰ 'ਤੇ ਧੰਨਵਾਦ ਵੀ ਕੀਤਾ। ਮੁੱਖ ਮੰਤਰੀ ਦੀ ਇਸ ਤਰ੍ਹਾਂ ਦੀ ਜਨਤਾ ਪ੍ਰਤੀ ਜਵਾਬਦੇਹੀ ਵਾਲੀ ਕਾਰਜਸ਼ੈਲੀ ਨੇ ਸਪੱਸ਼ਟ ਕਰ ਦਿੱਤਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਕਾਰਜਸ਼ੈਲੀ ਵਿੱਚ ਨਾ ਸਿਰਫ਼ ਪ੍ਰਸ਼ਾਸਨਿਕ ਸਰਗਰਮੀ ਹੈ, ਸਗੋਂ ਜਨਤਾ ਦੀਆਂ ਸਮੱਸਿਆਵਾਂ ਨੂੰ ਨਿੱਜੀ ਪੱਧਰ 'ਤੇ ਸੁਣਨ ਅਤੇ ਹੱਲ ਕੱਢਣ ਦੀ ਗੰਭੀਰ ਵਚਨਬੱਧਤਾ ਵੀ ਸ਼ਾਮਲ ਹੈ।

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਸ਼ੁੱਕਰਵਾਰ ਨੂੰ ਸਿਰਸਾ ਦੇ ਪੰਚਾਇਤ ਭਵਨ ਵਿੱਚ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਹੱਲ ਕਮੇਟੀ ਦੀ ਮੀਟਿੰਗ ਦੀ ਅਗਵਾਈ ਕਰਦਿਆਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਅਧਿਕਾਰੀ ਆਮ ਲੋਕਾਂ ਦੀਆਂ ਸਮੱਸਿਆਵਾਂ ਨੂੰ ਹੱਲ ਕਰਦੇ ਹੋਏ ਸ਼ਿਕਾਇਤਾਂ ਦਾ ਨਿਵਾਰਣ ਕਰਨ। ਮੀਟਿੰਗ ਵਿੱਚ 15 ਸ਼ਿਕਾਇਤਾਂ ਸੁਣਵਾਈ ਲਈ ਰੱਖੀਆਂ ਗਈਆਂ, ਜਿਨ੍ਹਾਂ ਵਿੱਚੋਂ 12 ਸ਼ਿਕਾਇਤਾਂ ਦਾ ਨਿਪਟਾਰਾ ਕਰ ਦਿੱਤਾ ਗਿਆ ਅਤੇ ਤਿੰਨ ਸ਼ਿਕਾਇਤਾਂ ਪੈਂਡਿੰਗ ਰੱਖੀਆਂ ਗਈਆਂ ਹਨ। ਇਸ ਦੌਰਾਨ ਮੁੱਖ ਮੰਤਰੀ ਨੇ ਸ਼ਿਕਾਇਤਾਂ ਦੀ ਸੁਣਵਾਈ ਕਰਦਿਆਂ ਵਿਸ਼ੇਸ਼ ਨਿਰਦੇਸ਼ ਵੀ ਦਿੱਤੇ, ਉਨ੍ਹਾਂ ਕਿਹਾ ਕਿ ਸੀਵਰੇਜ ਅਤੇ ਸੜਕਾਂ ਨੂੰ ਪਹਿਲ ਦੇ ਆਧਾਰ 'ਤੇ ਦਰੁਸਤ ਕੀਤਾ ਜਾਵੇ, ਤਾਂ ਜੋ ਆਮ ਲੋਕਾਂ ਨੂੰ ਕਿਸੇ ਪ੍ਰਕਾਰ ਦੀ ਪਰੇਸ਼ਾਨੀ ਨਾ ਹੋਵੇ। ਸ਼ਹਿਰੀ ਖੇਤਰ ਵਿੱਚ ਜਿੱਥੇ ਸੀਵਰੇਜ ਲਾਈਨ ਪਾ ਦਿੱਤੀ ਗਈ ਹੈ, ਉੱਥੇ ਜਲਦੀ ਤੋਂ ਜਲਦੀ ਸੜਕ ਬਣਾਉਣ ਦਾ ਕੰਮ ਸ਼ੁਰੂ ਕੀਤਾ ਜਾਵੇ।






# ਯੋਗ ਸਿਰਫ਼ ਕਸਰਤ ਨਹੀਂ, ਸੰਪੂਰਨ ਜੀਵਨ ਪੱਧਤੀ ਹੈ : ਨਾਇਬ ਸਿੰਘ ਸੈਣੀ

## ਮੁੱਖ ਮੰਤਰੀ ਨੇ ਸਿਰਸਾ ਵਿੱਚ ਮੁੱਖ ਧਾਮ ਬਾਬਾ ਭੂਮਣਸ਼ਾਹ ਵਿਖੇ ਕੌਮਾਂਤਰੀ ਯੋਗ ਦਿਵਸ ਦੇ ਉਪਲਖ ਵਿੱਚ ਆਯੋਜਿਤ ਯੋਗ ਕੈਂਪ ਵਿੱਚ ਕੀਤੀ ਸ਼ਿਰਕਤ

**ਚੰਡੀਗੜ੍ਹ, 20 ਜੂਨ**
**-ਮਨੋਜ ਸ਼ਰਮਾ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਯੋਗ ਭਾਰਤ ਦੀ ਸਨਾਤਨ ਸੰਸਕ੍ਰਿਤੀ ਦਾ ਉਹ ਅਨਮੋਲ ਤੋਹਫ਼ਾ ਹੈ, ਜਿਸ ਨੂੰ ਸਾਡੇ ਰਿਸ਼ੀ-ਮੁਨੀਆਂ ਨੇ ਸੰਪੂਰਨ ਮਨੁੱਖਤਾ ਦੇ ਕਲਿਆਣ ਲਈ ਦਿੱਤਾ ਹੈ। ਹਜ਼ਾਰਾਂ ਸਾਲ ਪਹਿਲਾਂ ਸ਼ੁਰੂ ਹੋਈ ਯੋਗ ਦੀ ਯਾਤਰਾ ਅੱਜ ਵਿਸ਼ਵ ਵਿਆਪੀ ਰੂਪ ਧਾਰਨ ਕਰ ਚੁੱਕੀ ਹੈ। ਯੋਗ ਸਿਰਫ਼ ਸਰੀਰਕ ਅਭਿਆਸ ਨਹੀਂ, ਸਗੋਂ ਸਰੀਰ, ਮਨ, ਆਤਮਾ ਅਤੇ ਸਮਾਜ ਨੂੰ ਜੋੜਨ ਵਾਲੀ ਇੱਕ ਸੰਪੂਰਨ ਜੀਵਨ ਪੱਧਤੀ ਹੈ। ਮੁੱਖ ਮੰਤਰੀ ਸ਼ੁੱਕਰਵਾਰ ਨੂੰ ਸਿਰਸਾ ਦੇ ਪਿੰਡ ਬਾਬਾ ਭੂਮਣਸ਼ਾਹ (ਸੰਗਰ ਸਰਿਸਤਾ) ਵਿੱਚ ਸਥਿਤ ਮੁੱਖ ਧਾਮ ਬਾਬਾ ਭੂਮਣਸ਼ਾਹ ਵਿਖੇ ਅੰਤਰਰਾਸ਼ਟਰੀ ਯੋਗ ਦਿਵਸ ਦੇ ਉਪਲਖ ਵਿੱਚ ਆਯੋਜਿਤ ਯੋਗ ਅਭਿਆਸ ਪ੍ਰੋਗਰਾਮ ਵਿੱਚ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਮੁੱਖ ਮੰਤਰੀ ਨੇ ਬਾਬਾ ਬ੍ਰਹਮਦਾਸ ਮਹਾਰਾਜ ਅਤੇ ਕੁਰੂਕਸ਼ੇਤਰ ਤੋਂ ਮਹੰਤ ਮਹੇਸ਼ ਮੁਨੀ ਮਹਾਰਾਜ ਨੂੰ ਸ਼ਾਲ ਭੇਂਟ ਕੀਤੀ। ਉਨ੍ਹਾਂ ਨੇ ਕਿਹਾ ਕਿ ਇਸ ਪਵਿੱਤਰ ਧਰਤੀ 'ਤੇ ਸਥਿਤ ਅਧਿਆਤਮਕ ਚੇਤਨਾ ਦੇ ਕੇਂਦਰ ਡੇਰਾ ਬਾਬਾ ਭੂਮਣਸ਼ਾਹ ਦੇ ਆਸ਼ਰਮ ਵਿੱਚ ਆ ਕੇ ਉਨ੍ਹਾਂ ਨੂੰ ਅਥਾਹ ਸ਼ਾਂਤੀ ਅਤੇ ਊਰਜਾ ਦਾ ਅਨੁਭਵ ਹੋਇਆ ਹੈ।



ਆਪਣੇ ਸੰਬੋਧਨ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ 21 ਜੂਨ ਨੂੰ ਪੂਰਾ ਵਿਸ਼ਵ ਕੌਮਾਂਤਰੀ ਯੋਗ ਦਿਵਸ ਮਨਾਉਣ ਜਾ ਰਿਹਾ ਹੈ। ਇਸੇ ਲੜੀ ਤਹਿਤ ਹਰਿਆਣਾ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਯੋਗ ਅਭਿਆਸ ਪ੍ਰੋਗਰਾਮ ਆਯੋਜਿਤ ਕੀਤੇ ਗਏ ਹਨ। ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੇ ਯਤਨਾਂ ਸਦਕਾ ਅੱਜ ਯੋਗ ਅੰਤਰਰਾਸ਼ਟਰੀ ਸਰੂਪ ਲੈ ਚੁੱਕਾ ਹੈ। ਉਨ੍ਹਾਂ ਦੇ ਅਣਥੱਕ ਯਤਨਾਂ ਦੇ ਨਤੀਜੇ ਵਜੋਂ ਸਾਲ 2014 ਵਿੱਚ ਸੰਯੁਕਤ ਰਾਸ਼ਟਰ ਮਹਾਸਭਾ ਨੇ 21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਘੋਸ਼ਿਤ ਕੀਤਾ। ਉਸ ਸਮੇਂ 177 ਦੇਸ਼ਾਂ ਨੇ ਇਸ ਪ੍ਰਸਤਾਵ ਦਾ ਸਮਰਥਨ ਕੀਤਾ ਸੀ ਅਤੇ ਅੱਜ ਵਿਸ਼ਵ ਦਾ ਲਗਭਗ ਹਰ ਦੇਸ਼ ਯੋਗ ਨਾਲ ਜੁੜ ਚੁੱਕਾ ਹੈ।

ਉਨ੍ਹਾਂ ਨੇ ਕਿਹਾ ਕਿ ਨਿਊਯਾਰਕ ਦੇ ਟਾਈਮਜ਼ ਸਕੁਏਅਰ ਤੋਂ ਲੈ ਕੇ ਪੈਰਿਸ ਦੇ ਐਫਿਲ ਟਾਵਰ ਅਤੇ ਟੋਕੀਓ ਤੋਂ ਟੋਰਾਂਟੋ ਤੱਕ ਯੋਗ ਦੇ ਮਾਧਿਅਮ ਰਾਹੀਂ ਭਾਰਤ ਦੀ ਅਧਿਆਤਮਕ ਵਿਰਾਸਤ ਨੂੰ ਸਨਮਾਨ ਮਿਲ ਰਿਹਾ ਹੈ। ਇਹ ਭਾਰਤ ਦੀ ਉਹ ਸ਼ਕਤੀ ਹੈ, ਜੋ ਤਲਵਾਰ ਨਾਲ ਨਹੀਂ ਸਗੋਂ ਤਪੱਸਿਆ ਅਤੇ ਸੰਸਕ੍ਰਿਤੀ ਦੇ ਬਲ 'ਤੇ ਸਥਾਪਿਤ ਹੋਈ ਹੈ। ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੇ ਯਤਨਾਂ ਸਦਕਾ ਯੋਗਾਸਨ ਨੂੰ ਖੇਡ ਦਾ ਦਰਜਾ ਮਿਲਿਆ ਅਤੇ 'ਖੇਲੋ ਇੰਡੀਆ ਯੂਥ ਗੇਮਜ਼' ਵਿੱਚ ਵੀ ਯੋਗਾਸਨ ਨੂੰ ਸ਼ਾਮਲ ਕੀਤਾ ਗਿਆ। ਪ੍ਰਧਾਨ ਮੰਤਰੀ ਵੱਲੋਂ ਦਿੱਤੇ ਗਏ ਸੰਦੇਸ਼ 'ਖੇਡੇਗਾ ਭਾਰਤ ਤਾਂ ਖਿੜੇਗਾ ਭਾਰਤ' ਅਤੇ 'ਯੋਗ ਦੀ ਡੋਜ਼, ਅੱਧਾ ਘੰਟਾ ਰੋਜ਼' ਅੱਜ ਹਰ ਇੱਕ ਵਿਅਕਤੀ ਲਈ ਪ੍ਰੇਰਣਾ ਸਰੋਤ ਬਣੇ ਹੋਏ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਸੁਖਦ ਸੰਯੋਗ ਹੈ ਕਿ ਇਸ ਸਾਲ ਕੌਮਾਂਤਰੀ ਯੋਗ ਦਿਵਸ, ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੇ 12 ਸਾਲ ਪੂਰੇ ਹੋ ਰਹੇ ਹਨ। ਇਨ੍ਹਾਂ ਸਾਲਾਂ ਵਿੱਚ ਭਾਰਤ ਨੇ ਬੁਨਿਆਦੀ ਢਾਂਚੇ, ਤਕਨੀਕ ਅਤੇ ਆਰਥਿਕਤਾ ਦੇ ਖੇਤਰ ਵਿੱਚ ਨਵੀਆਂ ਉਚਾਈਆਂ ਨੂੰ ਛੂਹਿਆ ਹੈ, ਉੱਥੇ ਹੀ ਯੋਗ ਦੇ ਮਾਧਿਅਮ ਰਾਹੀਂ ਪੂਰੀ ਦੁਨੀਆ ਨੂੰ ਮਾਨਸਿਕ ਸ਼ਾਂਤੀ ਅਤੇ ਬਿਹਤਰ ਸਿਹਤ ਦਾ ਰਸਤਾ ਵੀ ਦਿਖਾਇਆ ਹੈ। ਉਨ੍ਹਾਂ ਨੇ ਕਿਹਾ ਕਿ ਵਿਕਾਸ ਦੇ ਇਹ 12 ਸਾਲ ਅਤੇ ਯੋਗ ਦੇ ਵਿਸ਼ਵ ਵਿਆਪੀ ਪ੍ਰਸਾਰ ਦੀ ਇਹ ਯਾਤਰਾ ਨਵੇਂ ਭਾਰਤ ਦੀ ਵਧਦੀ ਤਾਕਤ ਅਤੇ ਵਿਸ਼ਵ ਵਿਆਪੀ ਲੀਡਰਸ਼ਿਪ ਦਾ ਪ੍ਰਤੀਕ ਹੈ।

### ਬਾਬਾ ਭੂਮਣਸ਼ਾਹ ਦੇ ਉਪਦੇਸ਼ ਸਮਾਜ ਨੂੰ ਦੇ ਰਹੇ ਹਨ ਨਵੀਂ ਦਿਸ਼ਾ

ਮੁੱਖ ਮੰਤਰੀ ਨੇ ਬਾਬਾ ਭੂਮਣਸ਼ਾਹ ਮਹਾਰਾਜ ਨੂੰ ਮਹਾਨ ਸਮਾਜ ਸੁਧਾਰਕ ਅਤੇ ਲੋਕ-ਭਲਾਈ ਸੰਤ ਦੱਸਦਿਆਂ ਕਿਹਾ ਕਿ ਉਨ੍ਹਾਂ ਨੇ ਭੁੱਖੇ ਨੂੰ ਅੰਨ, ਭਟਕੇ ਹੋਏ ਨੂੰ ਰਾਹ ਅਤੇ ਸਮਾਜ ਦੇ ਆਖਰੀ ਪਾਏਦਾਨ 'ਤੇ ਖੜ੍ਹੇ ਵਿਅਕਤੀ ਨੂੰ ਸਨਮਾਨ ਦੇਣ ਦਾ ਸੰਦੇਸ਼ ਦਿੱਤਾ। ਬਾਬਾ ਜੀ ਨੇ ਮਨੁੱਖਤਾ, ਪ੍ਰੇਮ, ਸਦਾਚਾਰ, ਸੇਵਾ ਅਤੇ ਚੰਗੇ ਆਚਰਣ ਨੂੰ ਜੀਵਨ ਦਾ ਅਧਾਰ ਬਣਾਇਆ। ਉਨ੍ਹਾਂ ਦੇ ਉਪਦੇਸ਼ਾਂ ਵਿੱਚ ਨਸ਼ੇ ਦੇ ਵਿਰੁੱਧ ਲਗਾਤਾਰ ਚੇਤਨਾ ਦਾ ਸੰਦੇਸ਼ ਮਿਲਦਾ ਹੈ। ਉਨ੍ਹਾਂ ਨੇ ਕਿਹਾ ਕਿ ਮਨੁੱਖ ਦਾ ਜੀਵਨ ਪ੍ਰਮਾਤਮਾ ਦੀ ਅਨਮੋਲ ਦੇਣ ਹੈ, ਜਿਸ ਨੂੰ ਨਸ਼ੇ ਵਰਗੀਆਂ ਬੁਰਾਈਆਂ ਵਿੱਚ ਬਰਬਾਦ ਨਹੀਂ ਕਰਨਾ ਚਾਹੀਦਾ। ਉਨ੍ਹਾਂ ਨੇ ਕਿਹਾ ਕਿ ਡੇਰਾ ਬਾਬਾ ਭੂਮਣਸ਼ਾਹ ਕੰਬੋਜ ਸਮਾਜ ਦੀ ਆਸਥਾ, ਸੇਵਾ ਭਾਵਨਾ ਅਤੇ ਸੱਭਿਆਚਾਰਕ ਵਿਰਾਸਤ ਦਾ ਜੀਵੰਤ ਪ੍ਰਤੀਕ ਹੈ। ਕੰਬੋਜ ਭਾਈਚਾਰੇ ਦਾ ਇਤਿਹਾਸ ਬਹਾਦਰੀ, ਦੇਸ਼ ਭਗਤੀ, ਪੁਰਸ਼ਾਰਥ ਅਤੇ ਸਖ਼ਤ ਮਿਹਨਤ ਨਾਲ ਭਰਿਆ ਰਿਹਾ ਹੈ। ਦੇਸ਼-ਵਿਦੇਸ਼ ਦੇ ਲੱਖਾਂ ਸ਼ਰਧਾਲੂ ਅੱਜ ਵੀ ਬਾਬਾ ਭੂਮਣਸ਼ਾਹ ਜੀ ਦੇ ਦਿਖਾਏ ਸੱਚ ਅਤੇ ਸੇਵਾ ਦੇ ਮਾਰਗ 'ਤੇ ਚੱਲ ਰਹੇ ਹਨ। ਉਨ੍ਹਾਂ ਨੇ ਕਿਹਾ ਕਿ ਇਸ ਅਧਿਆਤਮਕ ਵਿਰਾਸਤ ਨੂੰ ਅੱਗੇ ਵਧਾਉਣ ਵਿੱਚ ਗੱਦੀਨਸ਼ੀਨ ਬਾਬਾ ਬ੍ਰਹਮਦਾਸ ਮਹਾਰਾਜ ਦਾ ਯੋਗਦਾਨ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਦੇ ਮਾਰਗਦਰਸ਼ਨ ਵਿੱਚ ਇਹ ਧਾਮ ਸਿੱਖਿਆ, ਸਿਹਤ, ਅਧਿਆਤਮ ਅਤੇ ਮਾਨਵ ਸੇਵਾ ਦੇ ਖੇਤਰ ਵਿੱਚ ਨਵੇਂ ਕੀਰਤੀਮਾਨ ਸਥਾਪਿਤ ਕਰ ਰਿਹਾ ਹੈ। ਉਨ੍ਹਾਂ ਨੇ ਕਿਹਾ ਕਿ ਅੱਜ ਦਾ ਪ੍ਰੋਗਰਾਮ ਅਧਿਆਤਮ ਅਤੇ ਯੋਗ ਦਾ ਸੁੰਦਰ ਸੰਗਮ ਹੈ। ਯੋਗ ਦਾ ਅਰਥ ਹੈ ਜੋੜਨਾ— ਆਤਮਾ ਦਾ ਪ੍ਰਮਾਤਮਾ ਨਾਲ ਮਿਲਾਪ, ਸਰੀਰ ਦਾ ਮਨ ਨਾਲ ਸੰਤੁਲਨ ਅਤੇ ਵਿਅਕਤੀ ਦਾ ਸਮਾਜ ਨਾਲ ਜੁੜਾਅ। ਬਾਬਾ ਭੂਮਣਸ਼ਾਹ ਨੇ ਜਿਸ ਸਹਿਜ ਮਾਰਗ ਅਤੇ ਭਗਤੀ ਦਾ ਸੰਦੇਸ਼ ਦਿੱਤਾ, ਉਹ ਵੀ ਇੱਕ ਤਰ੍ਹਾਂ ਦਾ ਅੰਦਰੂਨੀ ਯੋਗ ਹੀ ਹੈ।

ਯੋਗ ਸਿਰਫ਼ ਆਸਣਾਂ ਅਤੇ ਪ੍ਰਾਣਾਯਾਮ ਤੱਕ ਸੀਮਤ ਨਹੀਂ ਹੈ, ਸਗੋਂ ਇਹ ਜੀਵਨ ਜਿਊਣ ਦੀ ਕਲਾ ਹੈ, ਜੋ ਸਕਾਰਾਤਮਕ ਊਰਜਾ ਦਾ ਸੰਚਾਰ ਕਰਦੀ ਹੈ। ਉਨ੍ਹਾਂ ਨੇ ਕਿਹਾ ਕਿ ਸ਼ਾਸਤਰਾਂ ਵਿੱਚ ਵੀ ਕਿਹਾ ਗਿਆ ਹੈ 'ਯੋਗ: ਕਰਮਸੁ ਕੌਸ਼ਲਮ ?' ਅਰਥਾਤ ਕਰਮਾਂ ਵਿੱਚ ਕੁਸ਼ਲਤਾ ਲਿਆਉਣਾ ਹੀ ਯੋਗ ਹੈ।

ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਮੌਜੂਦ ਲੋਕਾਂ ਨੂੰ ਸੱਦਾ ਦਿੱਤਾ ਕਿ ਉਹ ਸੰਕਲਪ ਲੈਣ ਕਿ ਨਾ ਤਾਂ ਉਹ ਖੁਦ ਨਸ਼ਾ ਕਰਨਗੇ, ਨਾ ਕਿਸੇ ਨੂੰ ਨਸ਼ਾ ਕਰਨ ਦੇਣਗੇ ਅਤੇ ਜੇਕਰ ਕੋਈ ਨੌਜਵਾਨ ਨਸ਼ੇ ਦੀ ਲਪੇਟ ਵਿੱਚ ਆ ਗਿਆ ਹੈ ਤਾਂ ਉਸ ਨੂੰ ਬਾਹਰ ਕੱਢਣ ਦਾ ਯਤਨ ਕਰਨਗੇ। ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਵੱਲੋਂ ਸਾਲ 2047 ਤੱਕ ਵਿਕਸਿਤ ਭਾਰਤ ਦਾ ਜੋ ਸੰਕਲਪ ਲਿਆ ਗਿਆ ਹੈ, ਉਹ ਉਦੋਂ ਹੀ ਸਾਕਾਰ ਹੋਵੇਗਾ ਜਦੋਂ ਦੇਸ਼ ਦੇ ਨਾਗਰਿਕ ਸਿਹਤਮੰਦ, ਜਾਗਰੂਕ ਅਤੇ ਨਸ਼ਾਮੁਕਤ ਹੋਣਗੇ। ਹਰਿਆਣਾ ਸਰਕਾਰ 'ਯੋਗ ਯੁਕਤ, ਨਸ਼ਾ ਮੁਕਤ ਹਰਿਆਣਾ' ਦੀ ਥੀਮ 'ਤੇ ਲਗਾਤਾਰ ਕੰਮ ਕਰ ਰਹੀ ਹੈ। ਉਨ੍ਹਾਂ ਨੇ ਦੱਸਿਆ ਕਿ ਹਰਿਆਣਾ ਸਰਕਾਰ ਸੂਬੇ ਨੂੰ ਸਿਹਤਮੰਦ, ਖੁਸ਼ਹਾਲ ਅਤੇ ਯੋਗਮਈ ਬਣਾਉਣ ਲਈ ਵਿਆਪਕ ਪੱਧਰ 'ਤੇ ਕੰਮ ਕਰ ਰਹੀ ਹੈ। ਹਰਿਆਣਾ ਦੇਸ਼ ਦਾ ਪਹਿਲਾ ਸੂਬਾ ਹੈ ਜਿਸ ਨੇ ਯੋਗ ਨੂੰ ਉਤਸ਼ਾਹਿਤ ਕਰਨ ਲਈ 'ਹਰਿਆਣਾ ਯੋਗ ਆਯੋਗ' ਦਾ ਗਠਨ ਕੀਤਾ ਹੈ।

ਸੂਬੇ ਵਿੱਚ ਪਹਿਲੀ ਤੋਂ ਦਸਵੀਂ ਜਮਾਤ ਤੱਕ ਯੋਗ ਸਿੱਖਿਆ ਨੂੰ ਲਾਜ਼ਮੀ ਵਿਸ਼ੇ ਵਜੋਂ ਸ਼ਾਮਲ ਕੀਤਾ ਗਿਆ ਹੈ। ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਯੋਗ ਦੀ ਸਿਖਲਾਈ ਦਿੱਤੀ ਜਾ ਰਹੀ ਹੈ ਅਤੇ ਯੋਗ ਕਲੱਬ ਸਥਾਪਿਤ ਕੀਤੇ ਗਏ ਹਨ। ਯੋਗ ਅਤੇ ਆਯੁਰਵੇਦ ਨੂੰ ਉਤਸ਼ਾਹਿਤ ਕਰਨ ਲਈ ਕੁਰੂਕਸ਼ੇਤਰ ਵਿੱਚ ਸ੍ਰੀ ਕ੍ਰਿਸ਼ਨਾ ਆਯੂਸ਼ ਯੂਨੀਵਰਸਿਟੀ ਦੀ ਸਥਾਪਨਾ ਕੀਤੀ ਗਈ ਹੈ।

### 6500 ਪਿੰਡਾਂ ਵਿੱਚ ਵਿਆਯਾਮਸ਼ਾਲਾਵਾਂ ਅਤੇ ਆਯੂਸ਼ ਸੇਵਾਵਾਂ ਦਾ ਵਿਸਥਾਰ

ਉਨ੍ਹਾਂ ਨੇ ਕਿਹਾ ਕਿ ਰਾਜ ਸਰਕਾਰ 6500 ਪਿੰਡਾਂ ਵਿੱਚ ਵਿਆਯਾਮਸ਼ਾਲਾਵਾਂ ਸਥਾਪਿਤ ਕਰਨ ਲਈ ਵਚਨਬੱਧ ਹੈ, ਜਿਨ੍ਹਾਂ ਵਿੱਚੋਂ 883 ਦਾ ਨਿਰਮਾਣ ਪੂਰਾ ਹੋ ਚੁੱਕਾ ਹੈ। 859 ਆਯੂਸ਼ ਯੋਗ ਸਹਾਇਕਾਂ ਦੀ ਨਿਯੁਕਤੀ ਕੀਤੀ ਜਾ ਚੁੱਕੀ ਹੈ। ਸੂਬੇ ਦੀਆਂ 397 ਆਯੂਸ਼ ਡਿਸਪੈਂਸਰੀਆਂ ਅਤੇ 109 ਉਪ-ਸਿਹਤ ਕੇਂਦਰਾਂ ਨੂੰ ਆਯੁਸ਼ਮਾਨ ਆਰੋਗਿਆ ਮੰਦਰਾਂ ਵਿੱਚ ਅਪਗ੍ਰੇਡ ਕੀਤਾ ਗਿਆ ਹੈ ਅਤੇ ਇਨ੍ਹਾਂ ਵਿੱਚ 156 ਯੋਗ ਟ੍ਰੇਨਰਾਂ ਦੀ ਨਿਯੁਕਤੀ ਕੀਤੀ ਗਈ ਹੈ। ਚਾਲੂ ਵਿੱਤੀ ਸਾਲ ਦੇ ਬਜਟ ਵਿੱਚ ਉਦਯੋਗਿਕ ਇਕਾਈਆਂ ਵਿੱਚ ਕਰਮਚਾਰੀਆਂ ਲਈ ਹਰ ਰੋਜ਼ ਯੋਗ ਬ੍ਰੇਕ ਦਾ ਪ੍ਰਬੰਧ ਵੀ ਕੀਤਾ ਗਿਆ ਹੈ। ਬਜ਼ੁਰਗ ਨਾਗਰਿਕਾਂ ਲਈ ਆਯੁਸ਼ਮਾਨ ਆਰੋਗਿਆ ਮੰਦਰਾਂ ਵਿੱਚ ਹਫ਼ਤਾਵਾਰੀ ਸਿਹਤ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ। ਉਨ੍ਹਾਂ ਨੇ ਕਿਹਾ ਕਿ ਹਰ ਰੋਜ਼ ਅੱਧਾ ਘੰਟਾ ਅਨੁਲੋਮ-ਵਿਲੋਮ, ਕਪਾਲਭਾਤੀ ਅਤੇ ਸੂਰਿਆ ਨਮਸਕਾਰ ਕਰਨ ਨਾਲ ਨਾ ਸਿਰਫ਼ ਬਿਮਾਰੀਆਂ ਦੂਰ ਹੁੰਦੀਆਂ ਹਨ, ਸਗੋਂ ਜੀਵਨ ਵਿੱਚ ਸਕਾਰਾਤਮਕ ਊਰਜਾ ਦਾ ਵੀ ਸੰਚਾਰ ਹੁੰਦਾ ਹੈ।

ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਗੱਦੀਨਸ਼ੀਨ ਬਾਬਾ ਬ੍ਰਹਮਦਾਸ ਮਹਾਰਾਜ ਨੇ ਕਿਹਾ ਕਿ ਜੀਵਨ ਵਿੱਚ ਨਿਰੰਤਰ ਯੋਗ ਕਰਨਾ ਚਾਹੀਦਾ ਹੈ। ਨਿਯਮਿਤ ਯੋਗ ਕਰਨ ਨਾਲ ਵਿਅਕਤੀ ਨਿਰੋਗ ਰਹਿੰਦਾ ਹੈ, ਮਨ ਸ਼ਾਂਤ ਰਹਿੰਦਾ ਹੈ ਅਤੇ ਅਧਿਆਤਮ ਦਾ ਮਾਰਗ ਪੱਧਰਾ ਹੁੰਦਾ ਹੈ।

## ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ 31 ਜੁਲਾਈ ਤੱਕ ਕਰੋ ਅਪਲਾਈ

**ਚੰਡੀਗੜ੍ਹ, 20 ਜੂਨ**
**-ਸ਼.ਅ.ਬਿਓਰੋ-**

ਭਾਰਤ ਸਰਕਾਰ ਦੇ ਮਹਿਲਾ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਪ੍ਰਧਾਨ ਮੰਤਰੀ ਰਾਸ਼ਟਰੀ ਬਾਲ ਪੁਰਸਕਾਰ ਲਈ 31 ਜੁਲਾਈ ਤੱਕ ਨਾਮਜ਼ਦਗੀਆਂ ਸੱਦੀਆਂ ਗਈਆਂ ਹਨ।

ਰਾਸ਼ਟਰੀ ਬਾਲ ਪੁਰਸਕਾਰ ਤਹਿਤ ਬਹਾਦਰੀ, ਖੇਡਾਂ, ਸਮਾਜਿਕ ਵਿਗਿਆਨ, ਵਿਗਿਆਨ ਅਤੇ ਤਕਨਾਲੋਜੀ, ਵਾਤਾਵਰਣ ਸਮੇਤ ਕਲਾ ਅਤੇ ਸੱਭਿਆਚਾਰ ਦੇ ਖੇਤਰ ਵਿੱਚ ਅਸਧਾਰਨ ਪ੍ਰਾਪਤੀਆਂ ਹਾਸਲ ਕਰਨ ਵਾਲੇ ਬੱਚੇ, ਜਿਨ੍ਹਾਂ ਦੀ ਉਮਰ 31 ਜੁਲਾਈ ਨੂੰ 5 ਸਾਲ ਤੋਂ ਲੈ ਕੇ 18 ਸਾਲ ਤੱਕ ਹੋਵੇ, ਨੂੰ ਸਾਲ 2026 ਦੇ ਜਨਵਰੀ ਮਹੀਨੇ ਵਿੱਚ ਆਯੋਜਿਤ ਹੋਣ ਵਾਲੇ ਸਮਾਰੋਹ ਵਿੱਚ ਰਾਸ਼ਟਰਪਤੀ ਵੱਲੋਂ ਸਨਮਾਨਿਤ ਕੀਤਾ ਜਾਵੇਗਾ। ਪੁਰਸਕਾਰ ਦਾ ਐਲਾਨ 26 ਦਸੰਬਰ 2026 ਨੂੰ ਰਾਸ਼ਟਰੀ ਵੀਰ ਬਾਲ ਦਿਵਸ ਦੇ ਮੌਕੇ 'ਤੇ ਕੀਤਾ ਜਾਵੇਗਾ।

ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਬਾਲ ਪੁਰਸਕਾਰ ਵਿੱਚ ਵੱਖ-ਵੱਖ ਸ਼੍ਰੇਣੀਆਂ ਤਹਿਤ ਕੁੱਲ 25 ਬੱਚਿਆਂ ਦੀ ਚੋਣ ਕੀਤੀ ਜਾਵੇਗੀ। ਪੁਰਸਕਾਰਾਂ ਵਿੱਚ ਇੱਕ ਮੈਡਲ ਸਮੇਤ ਪ੍ਰਸ਼ੰਸਾ ਪੱਤਰ ਪ੍ਰਦਾਨ ਕੀਤੇ ਜਾਣਗੇ। ਸਭ ਤੋਂ ਪਹਿਲਾਂ ਸਕ੍ਰੀਨਿੰਗ ਕਮੇਟੀ ਵੱਲੋਂ ਪ੍ਰਾਪਤ ਅਰਜ਼ੀਆਂ ਦੀ ਛਟਨੀ ਕੀਤੀ ਜਾਵੇਗੀ, ਉਸ ਤੋਂ ਬਾਅਦ ਅੰਤਿਮ ਨਾਮਾਂ ਦੀ ਚੋਣ ÷ਸਿਲੈਕਸ਼ਨ ਨੈਸ਼ਨਲ ਕਮੇਟੀ÷ ਦੁਆਰਾ ਕੀਤੀ ਜਾਵੇਗੀ। ਰਾਸ਼ਟਰੀ ਬਾਲ ਪੁਰਸਕਾਰ ਲਈ ਰਾਜ ਸਰਕਾਰ, ਕੇਂਦਰ ਸ਼ਾਸਿਤ ਪ੍ਰਦੇਸ਼ ਪ੍ਰਸ਼ਾਸਨ, ਜ਼ਿਲ੍ਹਾ ਕੁਲੈਕਟਰ/ਜ਼ਿਲ੍ਹਾ ਮੈਜਿਸਟ੍ਰੇਟ, ਪੰਚਾਇਤੀ ਰਾਜ ਸੰਸਥਾਵਾਂ, ਸਾਰੇ ਕੇਂਦਰੀ ਅਤੇ ਰਾਜ ਸਕੂਲ ਬੋਰਡ, ਕੇਂਦਰੀ ਵਿਦਿਆਲਿਆ ਸੰਗਠਨ, ਨਵੋਦਿਆ ਵਿਦਿਆਲਿਆ ਸੰਗਠਨ, ਰਾਸ਼ਟਰੀ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ, ਰਾਜ ਬਾਲ ਅਧਿਕਾਰ ਸੁਰੱਖਿਆ ਕਮਿਸ਼ਨ ਅਤੇ ਰਾਸ਼ਟਰੀ ਜਨ ਸਹਿਯੋਗ ਅਤੇ ਬਾਲ ਵਿਕਾਸ ਸੰਸਥਾਨ, ਸਮਾਜਿਕ ਨਿਆਂ ਮੰਤਰਾਲਾ, ਦਿਵਿਆਂਗ ਵਿਭਾਗ, ਸਿੱਖਿਆ ਮੰਤਰਾਲੇ ਵਿੱਚ ਸਕੂਲ ਸਿੱਖਿਆ ਵਿਭਾਗ, ਸਕੂਲ ਸਿੱਖਿਆ ਦੇ ਸਾਰੇ ਰਾਜ ਵਿਭਾਗ, ਯੁਵਾ ਮਾਮਲੇ ਮੰਤਰਾਲਾ, ਖੇਡ ਵਿਭਾਗ, ਭਾਰਤੀ ਖੇਡ ਅਥਾਰਟੀ, ਸੱਭਿਆਚਾਰ ਮੰਤਰਾਲਾ, ਵਿਗਿਆਨ ਅਤੇ ਤਕਨਾਲੋਜੀ ਮੰਤਰਾਲਾ, ਵਾਤਾਵਰਣ ਅਤੇ ਜੰਗਲਾਤ ਮੰਤਰਾਲਾ, ਰੱਖਿਆ ਮੰਤਰਾਲਾ, ਗ੍ਰਹਿ ਮੰਤਰਾਲਾ ਅਤੇ ਪ੍ਰੈਸ ਇਨਫੋਰਮੇਸ਼ਨ ਬਿਊਰੋ ਸਮੇਤ ਰਾਸ਼ਟਰੀ ਚੋਣ ਕਮੇਟੀ ਨਾਮਜ਼ਦ ਕਰ ਸਕਦੀਆਂ ਹਨ। ਪੁਰਸਕਾਰ ਨਾਲ ਜੁੜੀ ਹੋਰ ਜਾਣਕਾਰੀ awards.gov.in 'ਤੇ ਦੇਖੀ ਜਾ ਸਕਦੀ ਹੈ।

## ਮੁੱਖ ਮੰਤਰੀ ਨੇ ਸਿਰਸਾ ਵਿੱਚ ਕੀਤਾ ਜਨ-ਭਲਾਈ ਕੈਂਪ ਦਾ ਨਿਰੀਖਣ

**ਚੰਡੀਗੜ੍ਹ, 20 ਜੂਨ**
**-ਸ਼.ਅ.ਬਿਓਰੋ-**

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸੈਣੀ ਨੇ ਸ਼ੁੱਕਰਵਾਰ ਨੂੰ ਕੇਂਦਰ ਸਰਕਾਰ ਦੇ ਸ਼ਾਨਦਾਰ 12 ਸਾਲ ਪੂਰੇ ਹੋਣ ਦੇ ਮੌਕੇ 'ਤੇ ਸਿਰਸਾ ਦੇ ਪੰਚਾਇਤ ਭਵਨ ਵਿੱਚ ਆਯੋਜਿਤ ਜਨ-ਕਲਿਆਣ ਕੈਂਪ ਦਾ ਨਿਰੀਖਣ ਕੀਤਾ। ਕੈਂਪ ਦਾ ਮੁੱਖ ਉਦੇਸ਼ ਸਰਕਾਰ ਦੀਆਂ ਜਨ-ਭਲਾਈਕਾਰੀ ਯੋਜਨਾਵਾਂ ਨੂੰ ਸਿੱਧੇ ਆਮ ਜਨਤਾ ਤੱਕ ਪਹੁੰਚਾਉਣਾ ਅਤੇ ਉਨ੍ਹਾਂ ਨੂੰ ਜਾਗਰੂਕ ਕਰਨਾ ਸੀ। ਕੈਂਪ ਵਿੱਚ ਸਿਹਤ, ਖੇਤੀਬਾੜੀ, ਸਮਾਜ ਭਲਾਈ, ਮਹਿਲਾ ਅਤੇ ਬਾਲ ਵਿਕਾਸ ਸਮੇਤ ਵੱਖ-ਵੱਖ ਵਿਭਾਗਾਂ ਨੇ ਆਪਣੀਆਂ ਸਟਾਲਾਂ ਲਗਾਈਆਂ।

ਮੁੱਖ ਮੰਤਰੀ ਨੇ ਕੈਂਪ ਵਿੱਚ ਵੱਖ-ਵੱਖ ਵਿਭਾਗਾਂ ਵੱਲੋਂ ਲਗਾਈਆਂ ਗਈਆਂ ਵਿਕਾਸਾਤਮਕ ਅਤੇ ਭਲਾਈਕਾਰੀ ਸਟਾਲਾਂ ਦਾ ਨਿਰੀਖਣ ਕੀਤਾ। ਨਿਰੀਖਣ ਦੌਰਾਨ ਉਨ੍ਹਾਂ ਅਧਿਕਾਰੀਆਂ ਤੋਂ ਵਿਭਾਗਾਂ ਵੱਲੋਂ ਦਿੱਤੀਆਂ ਜਾਣ ਵਾਲੀਆਂ ਵੱਖ-ਵੱਖ ਯੋਜਨਾਵਾਂ ਅਤੇ ਉਨ੍ਹਾਂ ਦੇ ਅਮਲ ਦੀ ਪ੍ਰਗਤੀ ਬਾਰੇ ਜਾਣਕਾਰੀ ਲਈ।

ਇਸ ਮੌਕੇ ਉਨ੍ਹਾਂ ਮੌਜੂਦ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਕੋਈ ਵੀ ਯੋਗ ਵਿਅਕਤੀ ਸਰਕਾਰੀ ਯੋਜਨਾਵਾਂ ਦੇ ਲਾਭ ਤੋਂ ਵਾਂਝਾ ਨਹੀਂ ਰਹਿਣਾ ਚਾਹੀਦਾ। ਕੇਂਦਰ ਅਤੇ ਰਾਜ ਸਰਕਾਰ ਦਾ ਇੱਕੋ-ਇੱਕ ਟੀਚਾ ਆਖਰੀ ਪਾਇਦਾਨ 'ਤੇ ਖੜ੍ਹੇ ਵਿਅਕਤੀ ਦਾ ਉਥਾਨ ਕਰਨਾ ਹੈ। ਸਰਕਾਰ ਦੀਆਂ ਨੀਤੀਆਂ ਪਾਰਦਰਸ਼ੀ ਹਨ ਅਤੇ ਤਕਨੀਕ ਰਾਹੀਂ ਭ੍ਰਿਸ਼ਟਾਚਾਰ 'ਤੇ ਲਗਾਮ ਲਗਾਉਂਦੇ ਹੋਏ ਸਿੱਧਾ ਲਾਭ ਲਾਭਕਾਰਾਂ ਦੇ ਖਾਤਿਆਂ ਵਿੱਚ ਭੇਜਿਆ ਜਾ ਰਿਹਾ ਹੈ। ਇਸ ਮੌਕੇ ਉਨ੍ਹਾਂ ਨਾਲ ਡਿਪਟੀ ਕਮਿਸ਼ਨਰ ਸ੍ਰੀ ਸ਼ਾਂਤਨੂ ਸ਼ਰਮਾ, ਪੁਲਿਸ ਸੁਪਰਡੈਂਟ ਸਿਰਸਾ ਸ੍ਰੀ ਦੀਪਕ ਸਹਾਰਨ, ਪੁਲਿਸ ਸੁਪਰਡੈਂਟ ਡੱਬਵਾਲੀ ਜਸਲੀਨ ਕੌਰ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਅਰਪਿਤ ਸੰਗਲ, ਸਾਬਕਾ ਸੰਸਦ ਮੈਂਬਰ ਸ੍ਰੀਮਤੀ ਸੁਨੀਤਾ ਦੁੱਗਲ, ਜ਼ਿਲ੍ਹਾ ਪ੍ਰਧਾਨ ਭਾਜਪਾ ਸਿਰਸਾ ਸ੍ਰੀ ਯਤਿੰਦਰ ਸਿੰਘ ਐਡਵੋਕੇਟ, ਜ਼ਿਲ੍ਹਾ ਪ੍ਰਧਾਨ ਭਾਜਪਾ ਡੱਬਵਾਲੀ ਸ੍ਰੀਮਤੀ ਰੇਣੂ ਸ਼ਰਮਾ ਮੌਜੂਦ ਰਹੇ।











